18-SEP-PAGE-1.qxd 9/17/2023 8:53 PM Page 1

ਸੋਮਵਾਰ, 18 ਸਤੰਬਰ, 2023
2 ਅੱਸੂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 108

ਨਵਾਂ ਜ਼ਮਾਨਾ

DAILY NAWAN ZAMANA • MONDAY, 18 SEPTEMBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਤਾਨਾਸ਼ਾਹੀ ਦੇ ਖਾਤਮੇ ਲਈ ਕਮਰਕੱਸੇ ਕੱਸ ਲੈਣ ਦਾ ਸੱਦਾ

ਖੜਗੇ ਵੱਲੋਂ ਕਾਂਗਰਸੀਆਂ ਨੂੰ ਭਾਜਪਾ ਦੇ ਜਾਲ 'ਚ ਫਸਣ ਤੋਂ ਬਚਣ ਤੇ ਲੋਕਾਂ ਦੇ ਮੁੱਦਿਆਂ 'ਤੇ ਹੀ ਕੇਂਦਰਤ ਰਹਿਣ ਦੀ ਨਸੀਹਤ

ਹੈਦਰਾਬਾਦ : ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਐਤਵਾਰ ਏਕਤਾ ਤੇ ਜਥੇਬੰਦਕ ਜ਼ਾਬਤੇ 'ਤੇ ਜ਼ੋਰ ਦਿੰਦਿਆਂ ਪਾਰਟੀ ਆਗੂਆਂ ਨੂੰ ਕਿਹਾ ਕਿ ਉਹ ਨਿੱਜੀ ਮੱਤਭੇਦ ਪਾਸੇ ਰੱਖ ਕੇ ਲੋਕ ਸਭਾ ਚੋਣਾਂ ਵਿਚ ਵਿਰੋਧੀਆਂ ਨਾਲ ਪੂਰੀ ਤਾਕਤ ਨਾਲ ਸਿੱਝਣ। ਇੱਥੇ ਪਾਰਟੀ ਦੀ ਵਰਕਿੰਗ ਕਮੇਟੀ ਦੀ ਮੀਟਿੰਗ ਦੇ ਦੂਜੇ ਦਿਨ ਦੇ ਵਿਚਾਰ-ਵਟਾਂਦਰਿਆਂ ਦੌਰਾਨ ਉਨ੍ਹਾ ਕਿਹਾ ਕਿ ਪਾਰਟੀ ਦਾ ਨਿਸ਼ਾਨਾ ਲੋਕ ਸਭਾ ਚੋਣਾਂ ਵਿਚ ਭਾਜਪਾ ਨੂੰ ਹਰ ਹਾਲਤ ਵਿਚ ਹਰਾਉਣਾ ਤੇ ਦੇਸ਼ ਵਿਚ ਬਦਲਵੀਂ ਸਰਕਾਰ ਬਣਾਉਣ ਲਈ ਤਨਦੇਹੀ ਨਾਲ ਕੰਮ ਹੋਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਜਮਹੂਰੀਅਤ ਨੂੰ ਬਚਾਉਣ ਲਈ ਇਕੱਠੇ ਹੋ ਕੇ ਤਾਨਾਸ਼ਾਹ ਸਰਕਾਰ ਨੂੰ ਉਖਾੜ ਦਿਓ। ਹਰ ਕਿਸੇ ਦੀ ਜ਼ਿੰਦਗੀ ਵਿਚ ਉਤਰਾਅ-ਚੜ੍ਹਾਅ ਆਉਂਦੇ ਰਹਿੰਦੇ ਹਨ, ਪਰ ਨਿੱਜੀ ਹਿੱਤਾਂ ਲਈ ਅਜਿਹਾ ਕੁਝ ਨਹੀਂ ਕੀਤਾ ਜਾਣਾ ਚਾਹੀਦਾ, ਜਿਸ ਨਾਲ ਪਾਰਟੀ ਨੂੰ ਨੁਕਸਾਨ ਹੋਵੇ। ਕੋਈ ਵੀ ਅਨੁਸ਼ਾਸਨ ਤੋਂ ਬਿਨਾਂ ਆਗੂ ਨਹੀਂ ਬਣ ਸਕਦਾ ਤੇ ਲੋਕ ਆਗੂਆਂ ਦੀ ਉਦੋਂ ਹੀ ਮੰਨਣਗੇ, ਜਦੋਂ ਉਹ ਖੁਦ ਅਨੁਸ਼ਾਸਤ ਹੋਣਗੇ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਐਤਵਾਰ ਕਾਂਗਰਸ ਵਰਕਿੰਗ ਕਮੇਟੀ ਦੀ ਮੀਟਿੰਗ ਦੌਰਾਨ ਸਾਬਕਾ ਪ੍ਰਧਾਨ ਸੋਨੀਆ ਗਾਂਧੀ ਨਾਲ।

ਖੜਗੇ ਨੇ ਕਿਹਾ ਕਿ 2024 ਵਿਚ ਮਹਾਤਮਾ ਗਾਂਧੀ ਦੀ ਜਨਮ ਸ਼ਤਾਬਦੀ ਹੈ, ਇਸ ਮੌਕੇ ਉਨ੍ਹਾ ਨੂੰ ਢੁੱਕਵੀਂ ਸ਼ਰਧਾਂਜਲੀ ਭਾਜਪਾ ਨੂੰ ਸੱਤਾ ਤੋਂ ਲਾਂਭੇ ਕਰਨਾ ਹੋਵੇਗੀ।

ਮੋਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਖੜਗੇ ਨੇ ਕਿਹਾ ਕਿ ਉਹ ਨਵੇਂ-ਨਵੇਂ ਮੁੱਦੇ ਉਠਾ ਕੇ ਲੋਕਾਂ ਦਾ ਧਿਆਨ ਬੁਨਿਆਦੀ ਮੁੱਦਿਆਂ ਤੋਂ ਭਟਕਾ ਰਹੀ ਹੈ। ਪਾਰਟੀ ਆਗੂ ਅਜਿਹੇ ਭਟਕਾਉਣ ਵਾਲੇ ਮੁੱਦਿਆਂ ਤੋਂ ਬਚਣ ਤੇ ਅਸਲ ਮੁੱਦਿਆਂ 'ਤੇ ਧਿਆਨ ਕੇਂਦਰਤ ਕਰਨ। ਉਨ੍ਹਾ ਕਿਹਾ ਕਿ ਆਪੋਜ਼ੀਸ਼ਨ ਦੇ ਗੱਠਜੋੜ 'ਇੰਡੀਆ' ਦੀ ਹਾਲ ਹੀ ਵਿਚ ਮੁੰਬਈ ਵਿਚ ਹੋਈ ਮੀਟਿੰਗ ਵੇਲੇ ਮੋਦੀ ਸਰਕਾਰ ਨੇ 'ਇਕ ਰਾਸ਼ਟਰ, ਇਕ ਚੋਣ' ਨੂੰ ਅਮਲ ਵਿਚ ਲਿਆਉਣ ਲਈ ਕਮੇਟੀ ਬਣਾਈ। ਆਪਣਾ ਏਜੰਡਾ ਲਾਗੂ ਕਰਨ ਲਈ ਸਾਰੀਆਂ ਰਵਾਇਤਾਂ ਨੂੰ ਛਿੱਕੇ ਟੰਗ ਕੇ ਸਾਬਕਾ ਰਾਸ਼ਟਰਪਤੀ ਨੂੰ ਇਸ ਵਿਚ ਸ਼ਾਮਲ ਕਰ ਦਿੱਤਾ। ਉਨ੍ਹਾ ਆਗੂਆਂ ਨੂੰ ਕਿਹਾ ਕਿ ਉਹ ਵੋਟਰਾਂ ਦੇ ਸੰਪਰਕ ਵਿਚ ਰਹਿਣ ਅਤੇ ਵਿਰੋਧੀਆਂ ਵੱਲੋਂ ਪੇਸ਼ ਕੀਤੇ ਜਾ ਰਹੇ ਗਲਤ ਬਿਆਨੀਏ ਦਾ ਤੱਥਾਂ ਨਾਲ ਤੁਰੰਤ ਜਵਾਬ ਦੇਣ।

ਉਨ੍ਹਾ ਕਿਹਾ ਕਿ ਪੰਜ ਰਾਜਾਂ ਵਿਚ ਦੋ-ਤਿੰਨ ਮਹੀਨਿਆਂ ਵਿਚ ਅਸੰਬਲੀ ਚੋਣਾਂ ਹੋਣ ਜਾ ਰਹੀਆਂ ਹਨ ਤੇ ਛੇ ਮਹੀਨਿਆਂ ਬਾਅਦ ਲੋਕ ਸਭਾ ਚੋਣਾਂ ਵੀ ਹੋਣੀਆਂ ਹਨ। ਪਾਰਟੀ ਨੂੰ ਜੰਮੂ-ਕਸ਼ਮੀਰ ਦੀ ਅਸੰਬਲੀ ਚੋਣ ਲਈ ਵੀ ਤਿਆਰ ਰਹਿਣਾ ਚਾਹੀਦਾ ਹੈ। ਲੋਕ ਬਦਲ ਚਾਹੁੰਦੇ ਹਨ ਅਤੇ ਹਿਮਾਚਲ ਤੇ ਕਰਨਾਟਕ ਅਸੰਬਲੀ ਦੇ ਨਤੀਜੇ ਇਸ ਦਾ ਸਪੱਸ਼ਟ ਸਬੂਤ ਹਨ। ਉਨ੍ਹਾ ਕਿਹਾ-ਸੁਸਤਾਉਣ ਦਾ ਵਕਤ ਨਹੀਂ। ਨਿੱਜੀ ਹਿੱਤ ਪਾਸੇ ਰੱਖ ਕੇ ਅਣਥੱਕ ਮਿਹਨਤ ਕਰਨ ਦਾ ਵੇਲਾ ਹੈ।

ਖੜਗੇ ਨੇ ਆਗੂਆਂ ਨੂੰ ਨਸੀਹਤ ਦਿੱਤੀ ਕਿ ਸੰਜਮ ਵਰਤਣ ਅਤੇ ਪਾਰਟੀ ਆਗੂਆਂ ਤੇ ਪਾਰਟੀ ਖਿਲਾਫ ਬਿਆਨ ਦੇਣ ਲਈ ਮੀਡੀਆ ਵੱਲ ਨਾ ਭੱਜਣ। ਉਨ੍ਹਾ ਕਿਹਾ ਕਿ ਅੱਗੇ ਵੱਡੇ ਚੈਲੰਜ ਹਨ। ਇਹ ਸਿਰਫ ਕਾਂਗਰਸ ਲਈ ਹੀ ਨਹੀਂ, ਭਾਰਤੀ ਜਮਹੂਰੀਅਤ ਦੇ ਬਚਾਅ ਅਤੇ ਭਾਰਤੀ ਸੰਵਿਧਾਨ ਦੀ ਰਾਖੀ ਦੇ ਚੈਲੰਜ ਵੀ ਹਨ।

ਉਨ੍ਹਾ ਸੂਬਾ ਪ੍ਰਧਾਨਾਂ ਤੇ ਅਸੰਬਲੀਆਂ 'ਚ ਪਾਰਟੀ ਆਗੂਆਂ ਨੂੰ ਪੁੱਛਿਆ ਕਿ ਕੀ ਉਨ੍ਹਾਂ ਦੀਆਂ ਮੰਡਲ, ਬਲਾਕ ਤੇ ਜ਼ਿਲ੍ਹਾ ਪੱਧਰ ਦੀਆਂ ਕਮੇਟੀਆਂ ਤਿਆਰ ਹਨ? ਕੀ ਅਸੀਂ ਰੈਗੂਲਰ ਪ੍ਰੋਗਰਾਮ ਦੇ ਰਹੇ ਹਾਂ? ਕੀ ਅਸੀਂ ਸੰਭਾਵਤ ਉਮੀਦਵਾਰਾਂ ਦੀ ਪਛਾਣ ਕਰਨੀ ਸ਼ੁਰੂ ਕਰ ਦਿੱਤੀ ਹੈ? ਉਨ੍ਹਾ ਕਿਹਾ-ਸੁਸਤਾਉਣ ਦਾ ਵਕਤ ਨਹੀਂ। ਭਾਜਪਾ ਦੇ 10 ਸਾਲ ਦੇ ਰਾਜ ਵਿਚ ਆਮ ਆਦਮੀ ਲਈ ਚੈਲੰਜ ਕਈ ਗੁਣਾ ਵਧ ਚੁੱਕੇ ਹਨ। ਪ੍ਰਧਾਨ ਮੰਤਰੀ ਗਰੀਬਾਂ, ਕਿਸਾਨਾਂ, ਮਜ਼ਦੂਰਾਂ, ਮਹਿਲਾਵਾਂ ਤੇ ਨੌਜਵਾਨਾਂ ਦੇ ਮਸਲੇ ਸੁਣਨ ਲਈ ਤਿਆਰ ਨਹੀਂ। ਉਹਨਾ ਨੂੰ ਆਪਣੇ ਤੋਂ ਇਲਾਵਾ ਕੁਝ ਨਹੀਂ ਦਿਸਦਾ। ਇਨ੍ਹਾਂ ਹਾਲਤਾਂ ਵਿਚ ਅਸੀਂ ਖਾਮੋਸ਼ ਤਮਾਸ਼ਾਈ ਨਹੀਂ ਬਣੇ ਰਹਿ ਸਕਦੇ।

ਉਨ੍ਹਾ ਕਿਹਾ-ਤਿਲੰਗਾਨਾ ਤੋਂ ਅਸੀਂ ਨਵੀਂ ਤਾਕਤ ਤੇ ਸਪੱਸ਼ਟ ਸੁਨੇਹੇ ਨਾਲ ਵਧਾਂਗੇ। ਅਸੀਂ ਅੱਜ ਹੈਦਰਾਬਾਦ ਇਸ ਪੱਕੇ ਪ੍ਰਣ ਨਾਲ ਛੱਡਾਂਗੇ ਕਿ ਨਾ ਸਿਰਫ ਤਿਲੰਗਾਨਾ ਦੀ ਅਸੰਬਲੀ ਚੋਣ ਜਿੱਤਣੀ ਹੈ, ਸਗੋਂ ਆਉਂਦੀਆਂ ਸਾਰੀਆਂ ਚੋਣਾਂ ਜਿੱਤ ਕੇ ਲੋਕਾਂ ਨੂੰ ਭਾਜਪਾ ਦੇ ਮਾੜੇ ਰਾਜ ਤੋਂ ਛੁਟਕਾਰਾ ਦਿਵਾਉਣਾ ਹੈ। ਵਰਕਿੰਗ ਕਮੇਟੀ ਦੀ ਮੀਟਿੰਗ ਇਹ ਮਤਾ ਪਾਸ ਕਰਕੇ ਖਤਮ ਹੋਈ ਕਿ ਉਸ ਨੂੰ ਵਿਸ਼ਵਾਸ ਹੈ ਕਿ ਛੱਤੀਸਗੜ੍ਹ, ਮੱਧ ਪ੍ਰਦੇਸ਼, ਮਿਜ਼ੋਰਮ, ਰਾਜਸਥਾਨ ਤੇ ਤਿਲੰਗਾਨਾ ਅਸੰਬਲੀ ਚੋਣਾਂ ਵਿਚ ਲੋਕ ਕਾਂਗਰਸ ਦੇ ਹੱਕ ਵਿਚ ਫੈਸਲਾਕੁੰਨ ਫਤਵਾ ਦੇਣਗੇ। ਲੋਕ ਤਬਦੀਲੀ ਚਾਹੁੰਦੇ ਹਨ ਤੇ ਲੋਕ ਸਭਾ ਚੋਣਾਂ ਵਿਚ ਭਾਜਪਾ ਨੂੰ ਲਾਂਭੇ ਕਰ ਦੇਣਗੇ।

ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕਰਨ 'ਤੇ ਮੁੜ ਜ਼ੋਰ

ਹੈਦਰਾਬਾਦ : ਕਾਂਗਰਸ ਨੇ ਐਤਵਾਰ ਕੇਂਦਰ ਸਰਕਾਰ ਨੂੰ ਮੁੜ ਅਪੀਲ ਕੀਤੀ ਕਿ ਸੰਸਦ ਦੇ ਵਿਸ਼ੇਸ਼ ਇਜਲਾਸ 'ਚ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕਰਵਾਇਆ ਜਾਵੇ, ਜੋ ਕਿ ਪਹਿਲਾਂ ਹੀ ਰਾਜ ਸਭਾ 'ਚ ਪਾਸ ਹੋ ਚੁੱਕਾ ਹੈ।

ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਪੋਸਟ ਕੀਤਾ-ਕਾਂਗਰਸ ਵਰਕਿੰਗ ਕਮੇਟੀ ਨੇ ਮੰਗ ਕੀਤੀ ਹੈ ਕਿ ਸੰਸਦ ਦੇ ਵਿਸ਼ੇਸ਼ ਇਜਲਾਸ ਦੌਰਾਨ ਮਹਿਲਾ ਰਿਜ਼ਰਵੇਸ਼ਨ ਬਿੱਲ ਪਾਸ ਕੀਤਾ ਜਾਣਾ ਚਾਹੀਦਾ ਹੈ।

ਚਿੰਜੜੀ ਭਾਗਵਤ ਨੇ ਛੇੜੀ : ਖੇੜਾ

ਹੈਦਰਾਬਾਦ : ਕਾਂਗਰਸ ਦੇ ਬੁਲਾਰੇ ਪਵਨ ਖੇੜਾ ਨੇ ਐਤਵਾਰ ਇੱਥੇ ਕਿਹਾ ਕਿ ਸਨਾਤਨ ਧਰਮ ਦਾ ਵਿਵਾਦ ਸਭ ਤੋਂ ਪਹਿਲਾਂ ਆਰ ਐੱਸ ਐੱਸ ਦੇ ਮੁਖੀ ਮੋਹਨ ਭਾਗਵਤ ਨੇ ਸ਼ੁਰੂ ਕੀਤਾ, ਜਦੋਂ ਇਸ ਮਹੀਨੇ ਦੇ ਸ਼ੁਰੂ ਵਿਚ ਨਾਗਪੁਰ 'ਚ ਉਨ੍ਹਾ ਹਿੰਦੂ ਧਰਮ ਬਾਰੇ ਬੋਲਦਿਆਂ ਕਿਹਾ-ਅਸੀਂ ਹਿੰਦੂ ਧਰਮ ਵਿਚ 2000 ਸਾਲ ਆਪਣੇ ਸਾਥੀਆਂ ਨਾਲ ਵਿਤਕਰਾ ਕੀਤਾ। ਅਸੀਂ ਉਨ੍ਹਾਂ ਦਾ ਧਿਆਨ ਨਹੀਂ ਰੱਖਿਆ। ਜਦੋਂ ਤੱਕ ਅਸੀਂ ਉਨ੍ਹਾਂ ਨੂੰ ਬਰਾਬਰੀ ਨਹੀਂ ਪ੍ਰਦਾਨ ਕਰਦੇ, ਉਦੋਂ ਤੱਕ ਕੁਝ ਖਾਸ ਕਰਨਾ ਪਵੇਗਾ ਤੇ ਵਿਤਕਰਾ ਦੂਰ ਹੋਣ ਤੱਕ ਰਿਜ਼ਰਵੇਸ਼ਨ ਜਾਰੀ ਰੱਖਣੀ ਇਸ ਵਿਚ ਸ਼ਾਮਲ ਹੈ। ਭਾਗਵਤ ਨੇ ਕਿਹਾ ਕਿ ਸਿਰਫ ਮਾਲੀ ਜਾਂ ਸਿਆਸੀ ਬਰਾਬਰੀ ਦਾ ਹੀ ਸਵਾਲ ਨਹੀਂ, ਉਨ੍ਹਾਂ ਨੂੰ ਇੱਜ਼ਤ ਦੇਣੀ ਪਵੇਗੀ। ਜੇ ਸਮਾਜ ਦੇ ਵਰਗਾਂ ਨੇ 2000 ਸਾਲ ਵਿਤਕਰਾ ਝੱਲਿਆ ਤਾਂ ਅਸੀਂ (ਜਿਨ੍ਹਾਂ ਵਿਤਕਰਾ ਨਹੀਂ ਝੱਲਿਆ) ਉਨ੍ਹਾਂ ਖਾਤਰ 200 ਸਾਲ ਕਿਉਂ ਮੁਸ਼ਕਲ ਨਹੀਂ ਝੱਲ ਸਕਦੇ।

ਚੇਤੇ ਰਹੇ ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਦੇ ਮੰਤਰੀ ਬੇਟੇ ਉਦੈਨਿਧੀ ਸਟਾਲਿਨ ਵੱਲੋਂ ਸਨਾਤਨ ਧਰਮ 'ਚ ਹਿੰਦੂਆਂ ਨਾਲ ਹੀ ਵਿਤਕਰਾ ਹੋਣ ਦੀ ਗੱਲ ਕਹਿਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਹੋਰ ਭਾਜਪਾ ਆਗੂ ਰੋਜ਼ ਬਿਆਨ ਦੇ ਰਹੇ ਹਨ ਕਿ ਆਪੋਜ਼ੀਸ਼ਨ ਪਾਰਟੀਆਂ ਦਾ ਗੱਠਜੋੜ 'ਇੰਡੀਆ' ਸਨਾਤਨ ਧਰਮ ਨੂੰ ਖਤਮ ਕਰਨਾ ਚਾਹੁੰਦਾ ਹੈ।

ਇਸਰੋ ਲਈ ਲਾਂਚ ਪੈਡ ਬਣਾਉਣ ਵਾਲੇ ਵੇਚ ਰਹੇ ਇਡਲੀ

■ 18 ਮਹੀਨਿਆਂ ਤੋਂ ਨਹੀਂ ਮਿਲੀ ਤਨਖਾਹ

ਨਵੀਂ ਦਿੱਲੀ : ਭਾਰਤ ਦਾ ਚੰਦ ਦੇ ਦੱਖਣੀ ਧਰੁਵ 'ਤੇ ਉਤਰਨ ਦਾ ਸੁਪਨਾ 23 ਅਗਸਤ ਨੂੰ ਪੂਰਾ ਹੋ ਗਿਆ। ਇਸ ਦੇ ਨਾਲ ਹੀ ਚੰਦ ਦੇ ਦੱਖਣੀ ਧਰੁਵ 'ਤੇ ਉਤਰਨ ਵਾਲਾ ਭਾਰਤ ਪਹਿਲਾ ਦੇਸ਼ ਬਣ ਗਿਆ। ਜਦ ਇਸਰੋ ਨੇ ਚੰਦ 'ਤੇ ਆਪਣਾ ਰੋਵਰ ਉਤਾਰਿਆ ਤਾਂ ਉਸ ਸਮੇਂ ਪ੍ਰਧਾਨ ਮੰਤਰੀ ਮੋਦੀ ਦੱਖਣੀ ਅਫਰੀਕਾ 'ਚ ਬ੍ਰਿਕਸ ਸੰਮੇਲਨ 'ਚ ਸਨ। ਜਦ ਮੋਦੀ ਸੰਬੋਧਨ ਕਰ ਰਹੇ ਸਨ ਤਾਂ ਉਸੇ ਹੀ ਸਮੇਂ ਚੰਦਰਯਾਨ ਲਈ ਲਾਂਚ ਪੈਡ ਬਣਾਉਣ ਵਾਲੇ ਮੁਲਾਜ਼ਮ ਆਪਣੀ 18 ਮਹੀਨਿਆਂ ਦੀ ਤਨਖਾਹ ਦੇ ਬਕਾਏ ਲਈ ਅੰਦੋਲਨ ਕਰ ਰਹੇ ਸਨ। ਮੁਲਾਜ਼ਮਾਂ ਦਾ ਕਹਿਣਾ ਹੈ ਕਿ ਰਾਂਚੀ ਦੇ ਧਰੁਵਾ ਸਥਿਤ ਹੈਵੀ ਇੰਜੀਨੀਅਰਿੰਗ ਕਾਰਪੋਰੇਸ਼ਨ ਲਿਮਟਿਡ ਦੇ 2800 ਮੁਲਾਜ਼ਮਾਂ ਨੂੰ ਬੀਤੇ 18 ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ। ਇਸ ਸੰਸਥਾਨ ਨੇ ਚੰਦਰਯਾਨ ਲਈ 810 ਟਨ ਦੇ ਲਾਂਚ ਪੈਡ ਤੋਂ ਇਲਾਵਾ ਫੋਲਡਿੰਗ ਪਲੇਟਫਾਰਮ, ਡਬਲਿਯੂ ਬੀ ਐੱਸ, ਸਲਾਈਡਿੰਗ ਡੋਰ ਵੀ ਬਣਾਇਆ। ਐੱਚ ਈ ਸੀ ਦੇ ਟੈਕਨੀਸ਼ੀਅਨ ਦੀਪਕ ਕੁਮਾਰ ਉਪਰਾਰੀਆ ਪਿਛਲੇ ਕਈ ਦਿਨਾਂ ਤੋਂ ਇਡਲੀ ਵੇਚ ਕੇ ਆਪਣੇ ਘਰ ਦਾ ਖਰਚਾ ਚਲਾ ਰਹੇ ਹਨ। ਉਹ ਸਵੇਰੇ ਆਉਂਦੇ ਹਨ ਤੇ ਰਾਂਚੀ ਦੇ ਧਰੁਵਾ ਇਲਾਕੇ 'ਚ ਪੁਰਾਣਾ ਵਿਧਾਨ ਸਭਾ ਦੇ ਸਾਹਮਣੇ ਆਪਣੀ ਦੁਕਾਨ ਸਜਾ ਲੈਂਦੇ ਹਨ ਤੇ ਸਵੇਰੇ-ਸਵੇਰੇ ਇਡਲੀ ਵੇਚਦੇ ਹਨ ਤੇ ਦੁਪਹਿਰ ਨੂੰ ਦਫ਼ਤਰ ਜਾਂਦੇ ਹਨ। ਸ਼ਾਮ ਨੂੰ ਫਿਰ ਇਡਲੀ ਵੇਚ ਕੇ ਘਰ ਜਾਂਦੇ ਹਨ। ਦੀਪਕ ਬੜੇ ਦੁੱਖ ਨਾਲ ਕਹਿੰਦੇ ਹਨ ਕਿ ਪਹਿਲਾਂ ਉਸ ਨੇ ਕ੍ਰੈਡਿਟ ਕਾਰਡ ਨਾਲ ਆਪਣਾ ਘਰ ਚਲਾਇਆ, ਉਸ ਨਾਲ ਦੋ ਲੱਖ ਦਾ ਕਰਜ਼ਾਈ ਹੋ ਗਿਆ ਤੇ ਮੈਨੂੰ ਬੈਂਕ ਨੇ ਡਿਫਾਲਟਰ ਐਲਾਨ ਦਿੱਤਾ। ਇਸ ਤੋਂ ਬਾਅਦ ਰਿਸ਼ਤੇਦਾਰਾਂ ਤੋਂ ਪੈਸੇ ਲੈ ਕੇ ਘਰ

● ਬਾਕੀ ਸਫ਼ਾ 2 'ਤੇ

ਪੰਜਾਬ ਭਾਜਪਾ ਦੀ ਕਾਰਜਕਾਰਨੀ ਦਾ ਐਲਾਨ

ਕੈਪਟਨ ਦੀ ਬੇਟੀ ਨੂੰ ਮਹਿਲਾ ਮੋਰਚਾ ਦੀ ਜ਼ਿੰਮੇਵਾਰੀ, ਭੰਡਾਰੀ ਤੇ ਬਾਘਾ ਨੂੰ ਉਪ ਪ੍ਰਧਾਨ ਬਣਾਇਆ

ਚੰਡੀਗੜ੍ਹ : ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਪਹਿਲੀ ਸੂਬਾ ਕਾਰਜਕਾਰਨੀ ਦਾ ਐਲਾਨ ਕਰ ਦਿੱਤਾ ਹੈ। ਕਾਰਜਕਾਰਨੀ 'ਚ ਉਨ੍ਹਾ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਬੇਟੀ ਨੂੰ ਮਹਿਲਾ ਮੋਰਚਾ ਦੀ ਜ਼ਿੰਮੇਵਾਰੀ ਸੌਂਪੀ ਹੈ, ਜਦਕਿ ਜਲੰਧਰ ਦੇ ਸਾਬਕਾ ਸੀ ਪੀ ਐੱਸ ਸ੍ਰੀ ਕੇ ਡੀ ਭੰਡਾਰੀ ਤੇ ਰਾਜੇਸ਼ ਬਾਘਾ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਇਨ੍ਹਾਂ ਤੋਂ ਇਲਾਵਾ ਰਾਕੇਸ਼ ਰਾਠੌਰ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। ਕੋਰ ਕਮੇਟੀ 'ਚ ਕੈਪਟਨ ਅਮਰਿੰਦਰ ਸਿੰਘ, ਵਿਜੇ ਸਾਂਪਲਾ ਅਤੇ ਮਨੋਰੰਜਨ ਕਾਲੀਆ ਨੂੰ ਸ਼ਾਮਲ ਕੀਤਾ ਗਿਆ ਹੈ। ਭਾਜਪਾ ਵੱਲੋਂ ਜੈ ਇੰਦਰ ਕੌਰ ਨੂੰ ਵੱਡੀ ਜ਼ਿੰਮੇਵਾਰੀ ਸੌਂਪਦਿਆਂ ਮਹਿਲਾ ਮੋਰਚਾ ਦਾ ਪ੍ਰਧਾਨ ਲਗਾਇਆ ਗਿਆ ਹੈ। ਇਸ ਤੋਂ ਇਲਾਵਾ ਭਾਜਪਾ ਵੱਲੋਂ ਕੋਰ ਗਰੁੱਪ 'ਚ 21 ਮੈਂਬਰ ਸ਼ਾਮਲ ਕੀਤੇ ਗਏ ਹਨ। ਕੋਰ ਗਰੁੱਪ 'ਚ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਕੁਮਾਰ ਜਾਖੜ, ਕੈਪਟਨ ਅਮਰਿੰਦਰ ਸਿੰਘ, ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਰਾਜ ਕੁਮਾਰ ਵੇਰਕਾ, ਸਾਬਕਾ ਭਾਜਪਾ ਪ੍ਰਧਾਨ ਅਸ਼ਵਨੀ ਸ਼ਰਮਾ, ਵਿਜੇ ਸਾਂਪਲਾ, ਮਨੋਰੰਜਨ ਕਾਲੀਆ, ਅਵਿਨਾਸ਼ ਰਾਏ ਖੰਨਾ, ਚਰਨਜੀਤ ਸਿੰਘ ਅਟਵਾਲ, ਰਾਣਾ ਗੁਰਮੀਤ ਸਿੰਘ ਸੋਢੀ, ਜੰਗੀ ਲਾਲ ਮਹਾਜਨ, ਦਿਨੇਸ਼ ਬੱਬੂ, ਜੀਵਨ ਗੁਪਤਾ, ਮਨਪ੍ਰੀਤ ਸਿੰਘ ਬਾਦਲ, ਹਰਜੀਤ ਸਿੰਘ ਗਰੇਵਾਲ, ਕੇਵਲ ਸਿੰਘ ਢਿੱਲੋਂ, ਸੁਰਜੀਤ ਸਿੰਘ ਵਿਰਕ, ਅਮਨਜੋਤ ਕੌਰ ਰਾਮੂਵਾਲੀਆ, ਤੀਕਸ਼ਣ ਸੂਦ, ਅਵਿਨਾਸ਼ ਚੰਦਰ, ਐੱਸ ਪੀ ਐੱਸ ਗਿੱਲ ਨੂੰ ਸ਼ਾਮਲ ਕੀਤਾ ਗਿਆ ਹੈ, ਜਦਕਿ 12 ਉਪ ਪ੍ਰਧਾਨ, 4 ਸੂਬਾ ਜਨਰਲ ਸਕੱਤਰ ਤੇ 12 ਸੂਬਾ ਸਕੱਤਰਾਂ ਦਾ ਵੀ ਐਲਾਨ ਕੀਤਾ ਗਿਆ ਹੈ।

ਜੈ ਇੰਦਰ ਕੌਰ ਨੇ ਸੋਸ਼ਲ ਮੀਡੀਆ 'ਤੇ ਲਿਖਿਆ-ਮੈਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਭਾਜਪਾ ਪ੍ਰਧਾਨ ਜੇ ਪੀ ਨੱਢਾ ਅਤੇ ਸੂਬਾ ਪ੍ਰਧਾਨ ਸੁਨੀਲ ਜਾਖੜ ਦਾ ਮੈਨੂੰ ਪੰਜਾਬ ਮਹਿਲਾ ਮੋਰਚਾ ਦਾ ਪ੍ਰਧਾਨ ਨਿਯੁਕਤ ਕਰਨ ਲਈ ਧੰਨਵਾਦ ਕਰਦੀ ਹਾਂ। ਉਨ੍ਹਾ ਕਿਹਾ-ਪਾਰਟੀ ਦੇ ਇਸਤਰੀ ਵਿੰਗ ਦੀ ਅਗਵਾਈ ਕਰਨਾ ਮੇਰੇ ਲਈ ਮਾਣ ਵਾਲੀ ਗੱਲ ਹੋਵੇਗੀ ਅਤੇ ਮੈਂ ਸਾਰਿਆਂ ਨੂੰ ਭਰੋਸਾ ਦਿਵਾਉਂਦੀ ਹਾਂ ਕਿ ਮੈਂ ਪਾਰਟੀ ਦੀ ਬਿਹਤਰੀ ਅਤੇ ਸਾਡੇ ਪਿਆਰੇ ਪੰਜਾਬ ਦੇ ਲੋਕਾਂ ਲਈ ਲਗਾਤਾਰ ਮਿਹਨਤ ਕਰਦੀ ਰਹਾਂਗੀ।

ਬਾਘ ਦਾ ਧੜ ਮਿਲਿਆ

ਉਮਰੀਆ : ਮੱਧ ਪ੍ਰਦੇਸ਼ ਦੇ ਉਮਰੀਆ ਜ਼ਿਲ੍ਹੇ ਦੇ ਬਾਂਧਵਗੜ੍ਹ ਬਾਘ ਰਿਜ਼ਰਵ 'ਚ ਇਕ ਬਾਘ ਮਰ

18-SEP-PAGE-1.qxd 9/17/2023 8:54 PM Page 2

ਸ਼ਹੀਦ ਕਮਲਜੀਤ ਸਿੰਘ ਲੋਕ ਭਲਾਈ ਕਲੱਬ ਵੱਲੋਂ ਖੂਨਦਾਨ ਤੇ ਅੱਖਾਂ ਦਾ ਚੈੱਕਅਪ ਕੈਂਪ

ਮਾਨਸਾ (ਪਮਾਰ)-ਸ਼ਹੀਦ ਕਮਲਜੀਤ ਸਿੰਘ ਤੇ ਫੌਜੀ ਕੁਲਦੀਪ ਖਾਨ ਦੀ ਯਾਦ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਸਪੋਰਟਸ ਕਲੱਬ ਨੰਗਲ ਕਲਾਂ, ਆਰਮੀ ਜ਼ਿੰਦਾਬਾਦ ਗਰੁੱਪ ਨੰਗਲ ਕਲਾਂ, ਯੁਵਕ ਸੇਵਾਵਾਂ ਵਿਭਾਗ ਮਾਨਸਾ ਤੇ ਨੌਜਵਾਨ ਸੇਵਾ ਕਲੱਬ ਮਾਨਸਾ ਵੱਲੋਂ ਦੂਸਰਾ ਅੱਖਾਂ ਦਾ ਚੈੱਕਅੱਪ, ਓਪਰੇਸ਼ਨ ਤੇ ਖੂਨਦਾਨ ਕੈਂਪ ਲਾਇਆ ਗਿਆ। ਇਸ ਕੈਂਪ ਦਾ ਉਦਘਾਟਨ ਡਾ. ਹਰਪਾਲ ਸਿੰਘ ਸਰਾਂ ਵੱਲੋਂ ਕੀਤਾ ਗਿਆ। ਕੈਂਪ ਵਿੱਚ 170 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ ਤੇ 25 ਮਰੀਜ਼ਾਂ ਦੀ ਓਪਰੇਸ਼ਨ ਲਈ ਚੋਣ ਕੀਤੀ ਗਈ। ਸਾਰਿਆਂ ਮਰੀਜ਼ਾਂ ਦੇ ਰਹਿਣ, ਖਾਣ-ਪੀਣ ਤੇ ਮਰੀਜ਼ਾਂ ਨੂੰ ਲਿਜਾਣ ਦਾ ਪ੍ਰਬੰਧ ਮੁਫਤ ਕੀਤਾ ਗਿਆ। ਇਸ ਮੌਕੇ ਲੱਗੇ ਖੂਨਦਾਨ ਕੈਂਪ ਵਿੱਚ 60 ਤੋਂ ਵੱਧ ਖੂਨਦਾਨੀਆਂ ਨੇ ਖੂਨ ਦਾਨ ਕੀਤਾ। ਕਲੱਬ ਪ੍ਰਧਾਨ ਗੁਰਪ੍ਰੀਤ ਸਿੰਘ ਗੈਰੀ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਮਾਜ ਸੇਵਾ ਲਈ ਸਾਡਾ ਕਲੱਬ ਹਰ ਸਮੇਂ ਤਿਆਰ ਹੈ। ਇਸ ਸਮੇਂ ਪ੍ਰਧਾਨ ਰੇਸ਼ਮ ਸਿੰਘ ਜਿੰਦਾ, ਸਰਪੰਚ ਪਰਮਜੀਤ ਸਿੰਘ, ਖਾਲਸਾ ਕਾਲਜ ਦੇ ਡਾਇਰੈਕਟਰ ਮੈਡਮ ਵੀਰਪਾਲ ਕੌਰ, ਨਵਦੀਪ ਸਿੰਘ ਨਵੀਂ, ਜਸਪ੍ਰੀਤ ਸਿੰਘ ਜੱਸਾ ਕੈਨੇਡਾ, ਜਗਤਾਰ ਸਿੰਘ ਭਲੇਰੀਆ, ਦੀਪ ਫੌਜੀ, ਗੁਰਦੀਪ ਸਿੰਘ, ਛਿੰਦਾ ਸਿੰਘ, ਸੋਨੀ ਜਟਾਣਾ, ਸੁਖਬੀਰ ਸਿੰਘ, ਮਨਪਿਆਸ ਫੌਜੀ, ਲੱਭੀ ਸਿੰਘ ਮੌਜੂਦ ਸਨ।

ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਜ਼ਰੂਰੀ : ਡਾ. ਜਸਦੇਵ ਸਿੰਘ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਿਵਲ ਸਰਜਨ ਲੁਧਿਆਣਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਦੀ ਅਗਵਾਈ ਹੇਠ ਸਿਹਤ ਬਲਾਕ ਮਾਛੀਵਾੜਾ ਦੇ ਵੱਖ-ਵੱਖ ਪਿੰਡਾਂ, ਸਕੂਲਾਂ, ਕਬਾੜ ਦੀਆਂ ਦੁਕਾਨਾਂ, ਨਿਰਮਾਣ ਅਧੀਨ ਇਮਾਰਤਾਂ ਤੇ ਟਾਇਰਾਂ ਵਾਲੀਆਂ ਦੁਕਾਨਾਂ ਆਦਿ ਦੀ ਜਾਂਚ ਕਰ ਲਾਰਵਾ ਪੈਦਾ ਨਾ ਹੋਣ ਦੇਣ ਸਬੰਧੀ ਜਾਣਕਾਰੀ ਦਿੱਤੀ ਗਈ। ਐੱਸ.ਐੱਮ.ਓ. ਡਾ. ਜਸਦੇਵ ਸਿੰਘ ਨੇ ਕਿਹਾ ਕਿ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਜ਼ਰੂਰੀ ਹੈ ਤਾਂ ਜੋ ਅਸੀਂ ਸਭ ਡੇਂਗੂ/ਮਲੇਰੀਆ ਆਦਿ ਤੋਂ ਸੁਰੱਖਿਅਤ ਹੋ ਸਕੀਏ। ਪ੍ਰਦੀਪ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਹਰ ਸ਼ੁੱਕਰਵਾਰ ਨੂੰ 'ਡ੍ਰਾਈ ਡੇ' ਵਜੋਂ ਵੀ ਮਨਾਇਆ ਜਾਂਦਾ ਹੈ, ਜਿਸ ਨੂੰ ਸਫਲ ਬਣਾਉਣਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਵੀ ਹੈ। ਇਸ ਮੌਕੇ ਸਮੂਹ ਕਮਿਊਨਿਟੀ ਹੈਲਥ ਅਫ਼ਸਰਾਂ, ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ, ਏ ਐੱਨ ਐਮਜ਼ ਤੇ ਮਲਟੀਪਰਪਜ਼ ਹੈਲਥ ਵਰਕਰਜ਼ ਵੱਲੋਂ ਗਤੀਵਿਧੀਆਂ ਕੀਤੀਆਂ ਗਈਆਂ, ਜਿਸ ਦੀ ਅਗਵਾਈ ਐੱਸ.ਐੱਮ.ਓ. ਡਾ. ਜਸਦੇਵ ਸਿੰਘ ਵੱਲੋਂ ਕੀਤੀ ਗਈ।

ਰੱਸਾਕਸ਼ੀ ਮੁਕਾਬਲਿਆਂ 'ਚ ਸੈਕੰਡਰੀ ਸਕੂਲ ਦੇਵੀਗੜ੍ਹ ਦੀਆਂ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ

ਦੇਵੀਗੜ੍ਹ/ਪਟਿਆਲਾ (ਵਿਜੇ ਕੁਮਾਰ ਸ਼ਰਮਾ)-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ, ਦੇਵੀਗੜ੍ਹ (ਪਟਿਆਲਾ) ਦੀਆਂ ਵਿਦਿਆਰਥਣਾਂ ਨੇ ਅੰਡਰ 14 ਉਮਰ ਗਰੁੱਪ ਦੇ ਰੱਸਾਕਸ਼ੀ ਮੁਕਾਬਲਿਆਂ 'ਚ ਭਾਗ ਲੈਂਦੇ ਹੋਏ ਸਿਲਵਰ ਤਗਮਾ ਪ੍ਰਾਪਤ ਕੀਤਾ। ਇਹ ਖੇਡਾਂ ਜ਼ਿਲ੍ਹਾ ਪੱਧਰ 'ਤੇ ਹੋਈਆਂ ਜੋ ਕਿ ਪੋਲੋ ਗਰਾਊਂਡ, ਪਟਿਆਲਾ ਵਿੱਚ ਹੋ ਰਹੀਆਂ ਹਨ। ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਇਹ ਸਕੂਲ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ 4 ਵਿਦਿਆਰਥੀ ਸਟੇਟ ਲੈਵਲ ਲਈ ਚੁਣੇ ਗਏ ਹਨ। ਇਸ ਮੌਕੇ ਸਕੂਲ ਪ੍ਰਬੰਧਕ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਤਰਨਦੀਪ ਕੌਰ, ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਕੋਚ ਦਰਸ਼ਨ ਸਿੰਘ ਨੂੰ ਉਨ੍ਹਾਂ ਦੀ ਅਣਥੱਕ ਮਿਹਨਤ ਦੀ ਸ਼ਲਾਘਾ ਕਰਦਿਆਂ ਵਧਾਈ ਦਿੱਤੀ।

ਰਾਮ ਲੀਲ੍ਹਾ ਉਤਸਵ ਕਮੇਟੀ ਦੀ ਅਹਿਮ ਮੀਟਿੰਗ

ਬਾਘਾ ਪੁਰਾਣਾ (ਮਨੀ ਸਿੰਗਲਾ)-15 ਸਤੰਬਰ ਨੂੰ ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਦੀ ਇੱਕ ਅਹਿਮ ਮੀਟਿੰਗ ਪ੍ਰਧਾਨ ਦੀਪਕ ਗਰਗ ਬੌਬੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ 21 ਨਵੇਂ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਜੈ ਜਿੰਦਲ ਬੰਟੀ ਸੀਮਿੰਟ ਵਾਲਿਆਂ ਨੂੰ ਸੀਨੀਅਰ ਵਾਇਸ ਪ੍ਰਧਾਨ ਚੁਣਿਆ ਗਿਆ। ਬਲਜਿੰਦਰ ਭੱਲਾ, ਨਰੇਸ਼ ਜੈਦਕਾ, ਮਨੋਹਰ ਲਾਲ ਗੋਇਲ, ਦਵਿੰਦਰ ਗਰਗ, ਮੁਨੀਸ਼ ਸ਼ਰਮਾ, ਰਾਕੇਸ਼ ਜਿੰਦਲ, ਰਾਜਿੰਦਰ ਵਰਮਾ, ਮਾਤੂ ਰਾਮ ਸ਼ਰਮਾ ਨੂੰ ਸਰਪ੍ਰਸਤ ਐਲਾਨਿਆ ਗਿਆ। ਇਸ ਮੌਕੇ ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਦੇ ਚੇਅਰਮੈਨ ਅਸ਼ਵਨੀ ਸ਼ਰਮਾ ਅਤੇ ਰੋਸ਼ਨ ਲਾਲ ਰੋਸ਼ੀ ਨੇ ਦੱਸਿਆ ਕਿ 23 ਅਕਤੂਬਰ ਨੂੰ ਰਾਮਨੌਮੀ ਦਾ ਪਵਿੱਤਰ ਤਿਉਹਾਰ ਸ੍ਰੀ ਸ਼ਿਵ ਮੰਦਰ ਵਿਖੇ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਸਾਰੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਰਾਮ ਲੀਲ੍ਹਾ ਉਤਸਵ ਕਮੇਟੀ ਵਲੋਂ ਮਨਾਇਆ ਜਾਵੇਗਾ। ਪ੍ਰਧਾਨ ਦੀਪਕ ਗਰਗ ਬੌਬੀ ਨੇ ਦੱਸਿਆ ਕਿ ਰਾਮਨੌਮੀ ਤਿਉਹਾਰ ਨੂੰ ਲੈ ਕੇ ਸਾਰੇ ਹੀ ਮੈਂਬਰਾਂ ਨੂੰ ਜੁੰਮੇਵਾਰੀਆਂ ਸੌਂਪ ਦਿੱਤੀਆਂ ਗਈਆਂ ਹਨ। ਇਸ ਮੌਕੇ ਅਰੁਣ ਬਾਂਸਲ, ਰਾਜੀਵ ਮਿੱਤਲ, ਮਨੋਜ ਗੋਇਲ, ਅਮਨ ਤਨੇਜਾ, ਪਵਨ ਬਾਂਸਲ, ਪੰਕਜ ਸ਼ਰਮਾ, ਸੰਦੀਪ ਗੋਇਲ, ਸਨੀ ਜਿੰਦਲ, ਰਾਜੂ ਸੇਤੀਆ, ਦੀਪਕ ਸ਼ਾਹੀ, ਤੀਰਥ ਬਾਂਸਲ, ਸੁਰੇਸ਼ ਗੋਇਲ, ਕ੍ਰਿਸ਼ਨ ਸਿੰਗਲਾ, ਤਿਲਕ ਰਾਜ ਬੱਬਰ, ਅਨਿਲ ਗਾਂਧੀ, ਗੌਰਵ ਅਰੋੜਾ, ਦਰਸ਼ਨ ਗੁੰਬਰ, ਰਿਕੂ ਮੰਗਲਾ ਆਦਿ ਸ਼ਾਮਿਲ ਸਨ।

ਜੂਡੋ 'ਚ ਡਾ. ਬੀ ਐੱਸ ਸੰਧੂ ਸਕੂਲ ਦੀਆਂ ਕੁੜੀਆਂ ਨੇ ਤਮਗੇ ਜਿੱਤੇ

ਦੇਵੀਗੜ੍ਹ/ਪਟਿਆਲਾ (ਵਿਜੇ ਕੁਮਾਰ ਸ਼ਰਮਾ)-ਡਾ. ਬੀ ਐੱਸ ਸੰਧੂ ਮੈਮੋਰੀਅਲ ਪਬਲਿਕ ਸਕੂਲ ਪਟਿਆਲਾ ਜ਼ਿਲ੍ਹਾ ਦੇ ਹਲਕਾ ਸਨੌਰ 'ਚ ਜੋ ਭੁਨਰਹੇੜੀ ਤੋਂ ਘੜਾਮ ਰੋਡ, ਜੁਲਾਹਖੇੜੀ ਵਿਖੇ ਸਥਿਤ ਹੈ, ਦੇ ਵਿਦਿਆਰਥੀਆਂ ਨੇ ਪੜ੍ਹਾਈ ਦੇ ਨਾਲ- ਨਾਲ ਖੇਡਾਂ ਦੇ ਖੇਤਰ 'ਚ ਵੀ ਆਪਣੇ ਜੌਹਰ ਦਿਖਾ ਕੇ ਸਕੂਲ, ਇਲਾਕੇ ਅਤੇ ਆਪਣੇ ਮਾਤਾ-ਪਿਤਾ ਦਾ ਨਾਂਅ ਅੰਤਰਰਾਸ਼ਟਰੀ ਪੱਧਰ ਤੱਕ ਰੌਸ਼ਨ ਕੀਤਾ ਹੈ। ਜਿੱਥੇ ਮੁੰਡਿਆਂ ਨੇ ਆਪਣੀ ਖੇਡ ਦਾ ਪ੍ਰਦਰਸ਼ਨ ਬਾ-ਕਮਾਲ ਕੀਤਾ ਹੈ ਉੱਥੇ ਕੁੜੀਆਂ ਵੀ ਕਿਸੇ ਨਾਲੋਂ ਪਿੱਛੇ ਨਹੀਂ ਰਹੀਆਂ। ਅੰਡਰ 19 ਜੂਡੋ ਖੇਡ ਮੁਕਾਬਲੇ 'ਚ ਮੁਸਕਾਨ ਨੇ ਸੋਨ , ਖੁਸ਼ਪ੍ਰੀਤ ਕੌਰ ਨੇ ਚਾਂਦੀ ਅਤੇ ਅਨਮੋਲ ਅਤੇ ਸਿਮਰਨ ਕੌਰ ਨੇ ਕਾਂਸੇ ਦਾ ਤਗਮਾ ਹਾਸਲ ਕੀਤਾ। ਮੌਕੇ 'ਤੇ ਮੌਜੂਦ ਅਧਿਕਾਰੀਆਂ ਵੱਲੋਂ ਇਨ੍ਹਾਂ ਖਿਡਾਰੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਅਤੇ ਚੇਅਰਮੈਨ ਹਰਦੀਪ ਸਿੰਘ ਸੰਧੂ ਵੱਲੋਂ ਇਨ੍ਹਾਂ ਖਿਡਾਰੀਆਂ ਦਾ ਸਵਾਗਤ ਕੀਤਾ ਗਿਆ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਜੂਡੋ ਕੋਚ ਲਵਪ੍ਰੀਤ ਸਿੰਘ, ਰਵਿੰਦਰ ਸਿੰਘ ਅਤੇ ਸਪੋਰਟਸ ਇੰਚਾਰਜ ਅਵਤਾਰ ਸਿੰਘ ਨੂੰ ਜਿੱਤ ਦੀ ਵਧਾਈ ਦਿੱਤੀ।

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੋੜਵੰਦਾਂ ਨੂੰ ਪੈਨਸ਼ਨ ਦੇ ਚੈੱਕ ਵੰਡੇ

ਸੰਗਰੂਰ (ਪ੍ਰਵੀਨ ਸਿੰਘ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸ. ਪੀ. ਸਿੰਘ ਓਬਰਾਏ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਧਾਨ ਸੁਖਮਿੰਦਰ ਸਿੰਘ ਹਰਮਨ ਦੀ ਨਿਗਰਾਨੀ ਹੇਠ ਇੱਕ ਸੌ ਬਾਰਾਂ ਲੋੜਵੰਦ ਪਰਵਾਰਾਂ ਤੇ ਚਾਰ ਬਿਮਾਰ ਵਿਅਕਤੀਆਂ ਨੂੰ ਮੈਡੀਕਲ ਦੇ ਮਹੀਨਾਵਾਰ ਪੈਨਸ਼ਨਾਂ ਦੇ ਚੈੱਕ ਦਿੱਤੇ ਗਏ। ਇਸ ਤੋਂ ਇਲਾਵਾ ਡਾਕਟਰ ਜਗਤਾਰ ਸਿੰਘ ਨਹਿਲ ਲੌਂਗੋਵਾਲ ਵੱਲੋਂ ਆਪਣੇ ਸਪੁੱਤਰ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਸੁਨਾਮ ਦੇ ਲੋੜਵੰਦ ਪਰਵਾਰ ਨੂੰ ਇੱਕ ਮੋਟਰ ਵਾਲੀ ਸਟੈਂਡਿੰਗ ਸਿਲਾਈ ਮਸ਼ੀਨ ਦਿੱਤੀ ਗਈ। ਸਮੂਹ ਲਾਭਪਾਤਰੀਆਂ ਵੱਲੋਂ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸ ਪੀ ਸਿੰਘ ਓਬਰਾਏ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਸੰਸਥਾ ਵੱਲੋਂ ਸ਼ਹੀਦ ਕਿਸਾਨਾਂ ਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਪੈਨਸ਼ਨਾਂ ਤੇ ਉਨ੍ਹਾਂ ਦੇ ਬੱਚਿਆਂ ਨੂੰ ਮੁਫ਼ਤ ਵਿੱਦਿਆ ਦੇਣ ਦੀ ਪ੍ਰਸ਼ੰਸਾ ਜਿੰਨੀ ਵੀ ਕੀਤੀ ਜਾਵੇ, ਓਨੀ ਥੋੜ੍ਹੀ ਹੈ। ਇਸ ਮੌਕੇ ਸੰਸਥਾ ਦੇ ਖਜ਼ਾਨਚੀ ਕੁਲਵੰਤ ਸਿੰਘ ਬਾਜਵਾ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿੰਘ ਦਮਦਮੀ, ਡਾਕਟਰ ਜਗਤਾਰ ਸਿੰਘ ਨਹਿਲ ਲੌਂਗੋਵਾਲ, ਭੁਪਿੰਦਰ ਸਿੰਘ ਗਰੇਵਾਲ, ਸੁਖਵਿੰਦਰ ਸ਼ਰਮਾ, ਮਲਕੀਤ ਸਿੰਘ ਸਾਗੂ ਮੌਜੂਦ ਸਨ।

ਹੈਲਮਟ ਨਾ ਪਾਉਣ 'ਤੇ ਗੁਰਸਿੱਖ ਵਿਦਿਆਰਥੀ ਮੁਕਾਬਲੇ 'ਚੋਂ ਕੀਤਾ ਬਾਹਰ

ਪਾਤੜਾਂ (ਨਿਸ਼ਾਨ ਸਿੰਘ ਬਣਾਂਵਾਲਾ)

ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਦੇ ਖੇਤਰ ਵਿੱਚ ਉਤਸ਼ਾਹਤ ਕਰਨ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਗ੍ਰਹਿਣ ਲੱਗਣਾ ਸ਼ੁਰੂ ਹੋ ਗਿਆ ਹੈ। ਸੂਬੇ ਅੰਦਰ ਚੱਲ ਰਹੀਆਂ ਸਕੂਲੀ ਖੇਡਾਂ ਦੌਰਾਨ ਖਿਡਾਰੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੌਰਾਨ ਰਾਜ ਪੱਧਰ ਉੱਤੇ ਖੇਡਣ ਵਾਲੇ ਖਿਡਾਰੀਆਂ ਦੀ ਚੋਣ ਕਰਨ ਲਈ ਅਫ਼ਸਰਸਾਹੀ ਵੱਲੋਂ ਕੀਤੇ ਜਾ ਰਹੇ ਪੱਖਪਾਤ ਦਾ ਮਾਮਲਾ ਸਾਹਮਣੇ ਆਇਆ ਹੈ। ਖਿਡਾਰੀ ਨਾਲ ਕੀਤੀ ਗਈ ਬੇਇਨਸਾਫ਼ੀ ਨੂੰ ਲੈ ਕੇ ਬੱਚੇ ਦੇ ਮਾਪਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਤੇ ਉਹਨਾਂ ਮਾਮਲੇ ਦਾ ਪਰਦਾਫਾਸ਼ ਕਰਨ ਲਈ ਸੂਬੇ ਦੇ ਮੁੱਖ ਮੰਤਰੀ ਤੇ ਖੇਡ ਮੰਤਰੀ ਸਮੇਤ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਭੇਜ ਕੇ ਇਨਸਾਫ਼ ਦੀ ਮੰਗ ਕੀਤੀ ਹੈ।

ਸਬ ਡਵੀਜ਼ਨ ਅਧੀਨ ਆਉਂਦੇ ਪਿੰਡ ਬਣਵਾਲਾ ਵਾਸੀ ਨਿਸਾਨ ਸਿੰਘ ਨੇ ਦੱਸਿਆ ਕਿ ਉਸਦਾ ਲੜਕਾ ਰਿਆਜਪ੍ਰਤਾਪ ਸਿੰਘ ਪਾਤੜਾਂ ਦੇ ਸਪਾਰਕਿੰਗ ਸਕੂਲ ਵਿੱਚ ਪੜ੍ਹਦਾ ਹੈ। ਪੜ੍ਹਾਈ ਦੇ ਨਾਲ-ਨਾਲ ਉਸਦੀ ਖੇਡਾਂ ਵਿੱਚ ਦਿਲਚਸਪੀ ਨੂੰ ਦੇਖਦਿਆਂ ਉਨ੍ਹਾਂ ਬੇਟੇ ਨੂੰ ਸਕੇਟਿੰਗ ਦੀ ਖੇਡ ਵਿੱਚ ਪਾਇਆ ਅਤੇ ਸਕੂਲ ਦੇ ਖੇਡ ਅਧਿਆਪਕਾਂ ਨੇ ਸਖਤ ਮਿਹਨਤ ਕਰਵਾਈ, ਜਿਸਦੇ ਚੱਲਦਿਆਂ ਪਟਿਆਲਾ ਦੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਵਲ ਲਾਈਨਜ ਵਿੱਚ ਚੱਲ ਰਹੇ ਜ਼ਿਲ੍ਹਾ ਪੱਧਰੀ ਸਕੇਟਿੰਗ ਮੁਕਾਬਲਿਆਂ ਵਿੱਚ ਗਿਆਰਾਂ ਸਾਲਾਂ ਉਮਰ ਵਰਗ ਦੌਰਾਨ ਇੱਕ ਹਜ਼ਾਰ ਮੀਟਰ ਦੇ ਮੁਕਾਬਲਿਆਂ ਵਿੱਚ ਇੱਕ ਰਾਊਂਡ ਪੂਰਾ ਹੋਣ ਮਗਰੋਂ ਉਸਦੇ ਗੁਰਸਿੱਖ ਬੇਟੇ ਨੂੰ ਇਹ ਕਹਿ ਕੇ ਬਾਹਰ ਕੱਢ ਦਿੱਤਾ ਗਿਆ ਕਿ ਉਸਨੇ ਸਿਰ ਉਤੇ ਹੈਲਮਟ ਨਹੀਂ ਪਾਇਆ, ਜਦੋਂ ਕਿ ਇਸਤੋਂ ਪਹਿਲਾਂ ਹੋਏ ਕਈ ਗੇੜਾਂ ਵਿੱਚ ਬਹੁਤ ਸਾਰੇ ਵਿਦਿਆਰਥੀਆਂ ਨੇ ਬਿਨਾਂ ਹੈਲਮਟ ਤੋਂ ਮੁਕਾਬਲਿਆਂ ਵਿੱਚ ਹਿੱਸਾ ਲਿਆ। ਉਨ੍ਹਾਂ ਗੁਰਸਿੱਖ ਬੱਚੇ ਨੂੰ ਇਸ ਤਰ੍ਹਾਂ ਮੁਕਾਬਲੇ ਵਿੱਚੋਂ ਬਾਹਰ ਕੀਤੇ ਜਾਣ ਉੱਤੇ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਅਗਰ ਅਜਿਹਾ ਕੋਈ ਨਿਯਮ ਸੀ ਤਾਂ ਮੁਕਾਬਲਾ ਸ਼ੁਰੂ ਹੋਣ ਤੋਂ ਪਹਿਲਾਂ ਹੀ ਬੱਚੇ ਨੂੰ ਬਾਹਰ ਕੱਢਿਆ ਜਾਣਾ ਚਾਹੀਦਾ ਸੀ। ਬੱਚੇ ਦੀ ਕਾਬਲੀਅਤ ਦੇਖਣ ਮਗਰੋਂ ਖੇਡ ਮੁਕਾਬਲਿਆਂ ਦੇ ਇੰਚਾਰਜ ਪਰਮਜੀਤ ਸਿੰਘ ਸੋਹੀ ਨੇ ਉਸ ਕੋਲੋਂ ਟ੍ਰੇਨਿੰਗ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੂੰ ਅੱਗੇ ਲਿਆਉਣ ਦੇ ਮਕਸਦ ਨਾਲ ਉਸਦੇ ਬੱਚੇ ਨਾਲ ਪੱਖਪਾਤੀ ਰਵੱਈਆ ਅਪਣਾਇਆ ਹੈ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਹੋਰ ਸਿੱਖ ਸੰਸਥਾਵਾਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਤੇ ਖੇਡ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਦਰਖਾਸਤਾਂ ਭੇਜ ਕੇ ਇਨਸਾਫ ਦੀ ਮੰਗ ਕੀਤੀ ਹੈ। ਮਾਮਲੇ ਸੰਬੰਧੀ ਖੇਡਾਂ ਦੇ ਇੰਚਾਰਜ ਪਰਮਜੀਤ ਸਿੰਘ ਸੋਹੀ ਨੇ ਕਿਹਾ ਕਿ ਖੇਡ ਨਿਯਮਾਂ ਮੁਤਾਬਕ ਕਿਸੇ ਗੁਰਸਿੱਖ ਬੱਚੇ ਨੂੰ ਹੈਲਮਟ ਪਹਿਨਣ ਤੋਂ ਛੋਟ ਨਹੀਂ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਉਨ੍ਹਾਂ ਬੱਚੇ ਨੂੰ ਡਿਸਕੁਆਲੀਫਾਈ ਕੀਤਾ ਹੈ।

ਗੁਰਮੀਤ ਸਿੰਘ ਖੁੱਡੀਆਂ ਨੇ ਪਿੰਡਾਂ 'ਚ ਵਿਕਾਸ ਪ੍ਰੋਜੈਕਟਾਂ ਦੀ ਕਰਾਈ ਸ਼ੁਰੂਆਤ

ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)

ਹਲਕਾ ਲੰਬੀ ਦੇ ਪਿੰਡ ਸਹਿਣਾ ਖੇੜਾ ਵਿਖੇ ਕਰੀਬ 40 ਲੱਖ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਪਿੰਡ ਦੀ ਫਿਰਨੀ ਦੀ ਸੜਕ ਦੀ ਸ਼ੁਰੂਆਤ ਹਲਕਾ ਲੰਬੀ ਵਿਧਾਇਕ ਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਰਾਈ ਗਈ। ਕੈਬਨਿਟ ਮੰਤਰੀ ਗੁ

18-Sep-PAGE-3.qxd 9/17/2023 9:06 PM Page 1

ਗਦਰੀ ਬਾਬਾ ਈਸ਼ਰ ਸਿੰਘ ਲੋਪੋਕੇ ਦੀ ਧਰਤੀ 'ਤੇ ਵਿਦਿਆਰਥੀਆਂ ਨੂੰ ਚੇਤੰਨ ਹੋ ਕੇ ਸੰਘਰਸ਼ ਕਰਨ ਲਈ ਪ੍ਰੇਰਿਆ: ਮਾਝੀਮੇਘਾ, ਲਮੋਚੜ

ਲੋਪੋਕੇ (ਨਜ਼ਸ)-ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈਟੀਆਈ) ਸਟੂਡੈਂਟਸ ਫੈਡਰੇਸ਼ਨ (ਏਆਈਐੱਸਐੱਫ) ਵੱਲੋਂ ਲੋਪੋਕੇ ਵਿਖੇ ਵਿਦਿਆਰਥੀਆਂ ਦੀ 10 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਏਆਈਐੱਸਐੱਫ ਦੇ ਸੀਨੀਅਰ ਆਗੂ ਲਵਪ੍ਰੀਤ ਮਾੜੀਮੇਘਾ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਭੁਪਿੰਦਰ ਲਮੋਚੜ ਤੇ ਸਾਬਕਾ ਨੌਜਵਾਨ ਸਭਾ ਦੇ ਆਗੂ ਬਲਕਾਰ ਦੁਧਾਲਾ ਨੇ ਸੰਬੋਧਨ ਕੀਤਾ ਤੇ ਵਿਦਿਆਰਥੀਆਂ ਨੂੰ ਚੇਤੰਨ ਹੋ ਕੇ ਸਮਾਜ ਵਿੱਚ ਸੰਘਰਸ਼ ਕਰਨ ਲਈ ਪ੍ਰੇਰਿਤ ਕੀਤਾ। ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਹੁਤ ਸਾਰੇ ਸਰਕਾਰੀ ਅਦਾਰਿਆਂ ਵਿੱਚ ਪਿਛਲੇ ਲੰਬੇ ਸਮੇਂ ਤੋਂ ਪੱਕੀ ਭਰਤੀ ਬੰਦ ਕਰ ਦਿੱਤੀ ਗਈ ਹੈ। ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਰੁਜ਼ਗਾਰ ਦੇ ਝੂਠੇ ਵਾਅਦੇ ਕਰਕੇ ਬਹੁਤ ਘੱਟ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਹੈ। ਉਦਾਹਰਣ ਦੇ ਤੌਰ 'ਤੇ ਜਿਹੜੀ ਵੀ ਸਰਕਾਰੀ ਭਰਤੀ ਲਈ ਵਿਦਿਆਰਥੀਆਂ-ਨੌਜਵਾਨਾਂ ਤੋਂ ਐਪਲੀਕੇਸ਼ਨ ਫਾਰਮ ਲਏ ਜਾਂਦੇ ਹਨ ਉਨ੍ਹਾਂ ਦੀ ਗਿਣਤੀ ਲੱਖਾਂ ਵਿੱਚ ਹੁੰਦੀ ਹੈ ਪਰ ਸੀਟਾਂ ਸਿਰਫ ਹਜ਼ਾਰ-ਦੋ ਹਜ਼ਾਰ ਹੀ ਹੁੰਦੀਆਂ ਹਨ। ਇਨ੍ਹਾਂ ਹਾਲਾਤ ਵਿੱਚ ਬਹੁਤੇ ਵਿਦਿਆਰਥੀ ਤੇ ਨੌਜਵਾਨ ਪਹਿਲਾਂ ਹੀ ਦਿਮਾਗੀ ਤੌਰ 'ਤੇ ਇਸ ਦਾ ਸ਼ਿਕਾਰ ਹੋ ਜਾਂਦੇ ਹਨ। ਇਹ ਵੀ ਸਾਮਰਾਜਵਾਦੀ ਪ੍ਰਬੰਧ ਦੀ ਦੇਣ ਹੈ। ਇਸ ਦੇ ਉਲਟ ਸਮਾਜਵਾਦੀ ਪ੍ਰਬੰਧ ਵਿੱਚ ਹਰ ਇੱਕ ਲਈ ਉਸ ਦੀ ਯੋਗਤਾ ਮੁਤਾਬਕ ਪੱਕਾ ਕੰਮ, ਹਰ ਇੱਕ ਲਈ ਮੁਫਤ-ਵਿਗਿਆਨਿਕ ਤੇ ਲਾਜ਼ਮੀ ਵਿੱਦਿਆ ਦਾ ਪ੍ਰਬੰਧ, ਸਸਤੀ ਸਿਹਤ ਸਹੂਲਤਾਂ ਆਦਿ ਦਾ ਪ੍ਰਬੰਧ ਜਿਸ ਵਿੱਚ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਖਤਮ ਕਰਕੇ ਸਮਾਨਤਾ ਵਾਲਾ ਸਮਾਜ ਸਿਰਜਿਆ ਜਾਵੇ ਜਿਨ੍ਹਾਂ ਖਾਤਰ ਸਾਡੇ ਗੁਰੂਆਂ, ਦੇਸ਼ ਭਗਤਾਂ ਨੇ ਕੁਰਬਾਨੀਆਂ ਦਿੱਤੀਆਂ ਪਰ ਕਿਸੇ ਦੀ ਇਕ ਨਾ ਮੰਨੀ। ਅੱਜ ਦੀ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ 'ਤੇ ਝਾਤ ਮਾਰਦਿਆਂ ਇਸ ਅਮੀਰ ਵਿਰਸੇ ਨੂੰ ਬਚਾਉਣ ਲਈ ਤਕੜੇ ਹੋ ਕੇ ਚੇਤੰਨ ਰੂਪ ਵਿੱਚ ਸੰਘਰਸ਼ ਕਰਕੇ ਪ੍ਰਾਪਤੀਆਂ ਦੇ ਰਾਹ ਤੁਰਨਾ ਪਵੇਗਾ। ਕੌਮੀ ਸਿੱਖਿਆ ਨੀਤੀ 2020 ਤਹਿਤ ਸਰਕਾਰਾਂ ਸਿੱਖਿਆ ਨੂੰ ਗਰੀਬਾਂ ਤੇ ਮੱਧ ਵਰਗ ਹੱਥੋਂ ਖੋਹ ਰਹੀਆਂ ਹਨ। ਸਰਕਾਰੀ ਸਿੱਖਿਆ ਨੀਤੀ ਤਹਿਤ ਹਰ ਇੱਕ ਲਈ ਮੁਫਤ ਤੇ ਲਾਜ਼ਮੀ ਵਿੱਦਿਆ ਹੋਵੇ ਤਾਂ ਜੋ ਅਨਪੜ੍ਹਤਾ ਨੂੰ ਖਤਮ ਕੀਤਾ ਜਾਵੇ। ਇਸ ਮੌਕੇ ਆਰਿਅਨਦੀਪ ਸਿੰਘ, ਬਾਜ ਸਿੰਘ ਪਿੰਡੀਆ, ਗੁਰਨਾਜ਼ ਸਿੰਘ , ਨਿੰਮਾ ਸਿੰਘ, ਸਤਪਾਲ ਸਿੰਘ, ਚਮਕੌਰ ਸਿੰਘ, ਸੰਜੂ ਭਾਟੀਆ, ਸੰਦੀਪ ਸਿੰਘ , ਅਰਸਦੀਪ ਸਿੰਘ, ਸਾਹਿਲ ਸਿੰਘ ਆਦਿ ਹਾਜ਼ਰ ਸਨ।

ਲਾਲੀ ਬਾਜਵਾ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵੱਲੋਂ ਸਨਮਾਨਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ,ਓ ਪੀ ਰਾਣਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦਾ ਇੰਚਾਰਜ ਬਣਾਏ ਜਾਣ ਤੋਂ ਬਾਅਦ ਵਾਹਿਗੁਰੂ ਦਾ ਸ਼ੁਕਰਾਨਾ ਅਦਾ ਕਰਨ ਲਈ ਗੁਰਦੁਆਰਾ ਹਰੀਆਂ ਵੇਲਾਂ ਵਿਖੇ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਆਪਣੇ ਪਾਰਟੀ ਦੇ ਵਰਕਰ ਸਾਥੀਆਂ ਸਮੇਤ ਹਾਜ਼ਰੀ ਭਰੀ। ਇਸ ਮੌਕੇ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦਾ ਇੰਚਾਰਜ ਬਣਾਏ ਜਾਣ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੜ੍ਹਦੀ ਕਲਾ ਵਾਸਤੇ ਅਰਦਾਸ ਬੇਨਤੀ ਕੀਤੀ। ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਵਲੋਂ ਸਿੰਘ ਸਾਹਿਬ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਅਤੇ ਸਮਾਜ ਵਿੱਚ ਗੁਰਮਤਿ ਅਨੁਸਾਰ ਇਮਾਨਦਾਰੀ ਨਾਲ ਸਰਬੱਤ ਦੇ ਭਲੇ ਲਈ ਕਾਰਜ ਕਰਨ ਲਈ ਕਿਹਾ । ਇਸ ਮੌਕੇ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਜੋ ਮੇਰੀ ਸੇਵਾ ਲਗਾਈ ਹੈ ਉਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਯਤਨਸ਼ੀਲ ਰਹਾਂਗਾ।

ਇਸ ਮੌਕੇ ਜਪਿੰਦਰਪਾਲ ਸਿੰਘ, ਦਵਿੰਦਰ ਸਿੰਘ ਬੈਂਸ , ਪ੍ਰਭਪਾਲ ਸਿੰਘ ਬਾਜਵਾ, ਗੁਰਪ੍ਰੀਤ ਸਿੰਘ ਕੋਹਲੀ, ਇੰਦਰਜੀਤ ਸਿੰਘ, ਸਿਮਰਜੀਤ ਸਿੰਘ ਗਰੇਵਾਲ ਵੀ ਹਾਜ਼ਰ ਸਨ।

ਪੀਰ ਬਾਬਾ ਪੀਰਾਂ ਸਾਹਬ ਕਮੇਟੀ ਦਾ ਗਠਨ, ਭੁੱਲਰ ਨੇ ਕਮੇਟੀ ਮੈਂਬਰਾਂ ਨੂੰ ਕੀਤਾ ਸਨਮਾਨਿਤ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪੀਰ ਬਾਬਾ ਪੀਰਾਂ ਸਾਹਬ ਦੀ ਨਵੀਂ ਕਮੇਟੀ ਦਾ ਗਠਨ ਲਖਵਿੰਦਰ ਸਿੰਘ ਧਨੋਆ ਪ੍ਰਧਾਨ ਤੇ ਕਸ਼ਮੀਰ ਸਿੰਘ ਕਾਕਾ ਚੇਅਰਮੈਨ ਦੀ ਅਗਵਾਈ ਹੇਠ ਕੀਤਾ ਗਿਆ। ਬਾਬਾ ਪੀਰਾਂ ਸ਼ਾਹ ਦੇ ਦਰਬਾਰ ਦਾ ਕੰਮ ਸੁਚਾਰੂ ਢੰਗ ਨਾਲ ਚਲ ਸਕੇ ਇਸ ਲਈ ਪੁਰਾਣੀ ਕਮੇਟੀ ਅਤੇ ਨਵੇ ਮੈਂਬਰਾਂ ਦੀ ਸਹਿਮਤੀ ਨਾਲ ਨਵੀਂ ਕਮੇਟੀ ਬਣਾਈ ਗਈ। ਇਸ ਮੌਕੇ ਪ੍ਰਧਾਨ ਲਖਵਿੰਦਰ ਸਿੰਘ ਧਨੋਆ ਪ੍ਰਧਾਨ ਅਤੇ ਕਸ਼ਮੀਰ ਸਿੰਘ ਚੇਅਰਮੈਨ ਨੇ ਦੱਸਿਆ ਕਿ ਡਾ. ਜਗਤਾਰ ਸਿੰਘ ਬੱਬੀ ਸੈਕਟਰੀ, ਸੁਰਿੰਦਰ ਕੁਮਾਰ ਵਾਇਸ ਪ੍ਰਧਾਨ, ਗੁਰਚੇਤ ਸਿੰਘ ਬਰਾੜ ਸਰਪ੍ਰਸਤ, ਬਲਬੀਰ ਸਿੰਘ ਕਹੀਆ ਵਾਲੇ, ਵਿਜੇ ਕੁਮਾਰ, ਰੂਪ ਸਿੰਘ, ਬਚਿੱਤਰ ਸਿੰਘ, ਹਰਜੀਤ ਸਿੰਘ, ਅਮਨਦੀਪ ਸਿੰਘ ਖਾਰੇਵਾਲਾ, ਹੀਰਾ ਸਿੰਘ ਭੁੱਲਰ, ਚਾਨਣ ਸਿੰਘ, ਮੰਗਲ ਸਿੰਘ, ਅਜੈਬ ਸਿੰਘ, ਸੁਖਬੀਰ ਸਿੰਘ, ਮਨਦੀਪ ਸਿੰਘ, ਘੋਗੜ ਬੁਰਜਾਂ ਵਾਲਾ, ਦਲਬੀਰ ਸਿੰਘ, ਗੁਰਜੀਤ ਸਿੰਘ, ਰਾਜਬੀਰ ਸਿੰਘ, ਸੁਖਚੈਨ ਸਿੰਘ ਰਾੜੀਆਂ, ਪ੍ਰਸ਼ੋਤਮ ਲਾਲ, ਰਣਜੀਤ ਸਿੰਘ ਰਾਣਾ ਮੈਂਬਰ ਚੁਣੇ ਗਏ। ਇਸ ਮੌਕੇ ਸਾਰੇ ਹੀ ਮੈਂਬਰਾਂ ਨੇ ਪ੍ਰਣ ਕੀਤਾ ਕਿ ਬਾਬਾ ਪੀਰਾਂ ਸਾਹਬ ਜੀ ਦੇ ਅਸਥਾਨ 'ਤੇ ਤਨ ਮਨ ਧਨ ਨਾਲ ਸੇਵਾ ਕਰਾਂਗੇ। ਇਸ ਮੌਕੇ ਸਾਰੇ ਮੈਂਬਰਾਂ ਨੂੰ

ਲਾਲਜੀਤ ਸਿੰਘ ਭੁੱਲਰ ਪੰਚਾਇਤ ਤੇ ਟਰਾਂਸਪੋਰਟ ਮੰਤਰੀ ਪੰਜਾਬ ਨੇ ਸਨਮਾਨਿਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਦਰਗਾਹਾਂ, ਮੰਦਰ, ਗੁਰਦੁਆਰਾ ਸਾਹਿਬ ਸਾਰੇ ਲੋਕਾਂ ਦੇ ਸਾਂਝੇ ਸਥਾਨ ਹੁੰਦੇ ਹਨ ਅਤੇ ਇਨ੍ਹਾਂ ਦਾ ਵਿਕਾਸ ਕਰਨਾ ਸਾਰਿਆਂ ਦਾ ਫਰਜ਼ ਹੈ। ਉਨ੍ਹਾਂ ਕਿਹਾ ਕਿ ਪੀਰਾ ਸਾਹਬ ਕਮੇਟੀ ਵੱਲੋਂ ਜੋ ਵੀ ਸੇਵਾ ਲਗਾਈ ਜਾਵੇਗੀ ਸਰਕਾਰ ਤੇ ਆਪਣੇ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾਵੇਗਾ।

ਨਾਟਕਕਾਰ ਗੁਰਸ਼ਰਨ ਸਿੰਘ ਨੂੰ ਕੀਤਾ ਯਾਦ

ਗੁਰਦਾਸਪੁਰ (ਜਨਕ ਮਹਾਜਨ)-ਨਟਾਲੀ ਰੰਗਮੰਚ ਗੁਰਦਾਸਪੁਰ ਤੇ ਸਾਹਿਤ ਸਭਾ ਗੁਰਦਾਸਪੁਰ ਵੱਲੋਂ ਲੇਖਕ, ਨਿਰਦੇਸ਼ਕ ਤੇ ਅਦਾਕਾਰ ਗੁਰਸ਼ਰਨ ਸਿੰਘ ਉਰਫ ਭਾਈ ਮੰਨਾ ਸਿੰਘ ਦੇ 94ਵੇਂ ਜਨਮ ਦਿਨ ਉਤੇ ਉਨ੍ਹਾਂ ਨੂੰ ਯਾਦ ਕੀਤਾ ਗਿਆ। ਸਾਹਿਤ ਸਭਾ ਗੁਰਦਾਸਪੁਰ ਦੇ ਪ੍ਰਧਾਨ ਜੇ. ਪੀ. ਸਿੰਘ ਖਰਲਾਂ ਨੇ ਗੁਰਸ਼ਰਨ ਸਿੰਘ ਦੀ ਨਾਟਕਾਂ ਰਾਹੀਂ ਸਮਾਜ ਨੂੰ ਦੇਣ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਮੌਕੇ ਨਟਾਲੀ ਰੰਗਮੰਚ ਦੇ ਜਨਰਲ ਸਕੱਤਰ ਰਛਪਾਲ ਸਿੰਘ ਘੁੰਮਣ, ਵਿੱਤ ਸਕੱਤਰ ਅਮਰੀਕ ਸਿੰਘ ਮਾਨ, ਰਜਿੰਦਰ ਸਿੰਘ, ਰਜਿੰਦਰ ਸਿੰਘ ਲੈਕਚਰਾਰ, ਬਲਵੰਤ ਸਿੰਘ ਢੀਂਡਸਾ, ਅਜੀਤ ਸਿੰਘ ਪਾਹੜਾ, ਜਨਕ ਰਾਜ ਰਠੌਰ, ਬੂਟਾ ਰਾਮ ਆਜ਼ਾਦ ਤੇ ਮੰਗਲਦੀਪ ਆਦਿ ਹਾਜ਼ਰ ਸਨ।

ਅਧਿਆਪਕਾਂ ਤੇ ਵਿਦਿਆਰਥੀਆਂ ਨੇ ਹਿੰਦੀ ਦਿਵਸ ਮਨਾਇਆ

ਤਰਨਤਾਰਨ (ਪ੍ਰਿਤਪਾਲ ਸਿੰਘ)-ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਸੁਹਾਵਾ ਪ੍ਰਿੰਸੀਪਲ ਡਾ. (ਮਿਸਜ) ਰਿਤੂ ਦੀ ਪ੍ਰਧਾਨਗੀ ਹੇਠ ਹਿੰਦੀ ਦਿਵਸ ਮਨਾਇਆ। ਇਸ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਤੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਹਿੰਦੀ ਵਿੱਚ ਸਕਿਟਸ, ਕਵਿਤਾਵਾਂ ਅਤੇ ਭਾਸ਼ਣ ਦਿੱਤੇ। ਅਧਿਆਪਕਾਂ ਨੇ ਵੀ ਆਪਣੇ ਭਾਸ਼ਣਾਂ ਵਿੱਚ ਹਿੰਦੀ ਭਾਸਾ ਦੀ ਮਹੱਤਾ ਦੱਸੀ। ਮੈਡਮ ਕੰਵਲਜੀਤ ਕੌਰ (ਆਰਟਸ ਦੀ ਅਧਿਆਪਕ) ਨੇ ਹਿੰਦੀ ਸਬੰਧੀ ਬਹੁਤ ਸੋਹਣੇ-ਸੋਹਣੇ ਚਾਰਟ ਬਣਾਏ ਜੋ ਵਿਦਿਆਰਥੀਆਂ ਵਾਸਤੇ ਇਕ ਵਿਸ਼ੇਸ਼ ਅਟਰੈਕਸ਼ਨ ਕੇਂਦਰ ਸਨ। ਸਕੂਲ ਦੀ ਪ੍ਰਿੰਸੀਪਲ ਡਾ. (ਮਿਸਜ) ਰਿਤੂ ਤੋਂ ਇਲਾਵਾ ਮੈਡਮ ਸੰਦੀਪ ਕੌਰ, ਮੈਡਮ ਭਾਵਨਾ, ਮੈਡਮ ਗੁਰਕਮਲ ਕੌਰ, ਮੈਡਮ ਗੁਰਪ੍ਰੀਤ ਕੌਰ, ਮੈਡਮ ਪਵਨਜੀਤ ਕੌਰ ਆਦਿ ਇਸ ਸਮਾਰੋਹ ਦੇ ਮੁੱਖ ਪ੍ਰਬੰਧਕ ਸਨ।

ਸਰਕਾਰੀ/ਗੈਰ-ਸਰਕਾਰੀ ਦਫ਼ਤਰਾਂ ਤੇ ਵਿੱਦਿਅਕ ਸੰਸਥਾਵਾਂ 'ਚ 22 ਨੂੰ ਛੁੱਟੀ

ਗੁਰਦਾਸਪੁਰ (ਜਨਕ ਮਹਾਜਨ)-ਡਾ. ਹਿਮਾਂਸ਼ੂ ਅਗਰਵਾਲ ਆਈਏਐੱਸ ਡਿਪਟੀ ਕਮਿਸ਼ਨਰ, ਗੁਰਦਾਸਪੁਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਦੇ ਸਬੰਧ ਵਿੱਚ ਮਿਤੀ 22 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਬ-ਡਵੀਜ਼ਨ ਬਟਾਲਾ ਵਿੱਚ ਪੈਂਦੇ ਪੰਜਾਬ ਸਰਕਾਰ ਦੇ ਸਮੂਹ ਸਰਕਾਰੀ ਦਫ਼ਤਰਾਂ ਅਤੇ ਗੈਰ ਸਰਕਾਰੀ ਦਫ਼ਤਰਾਂ, ਵਿੱਦਿਅਕ ਸੰਸਥਾਵਾਂ ਵਿੱਚ ਲੋਕਲ ਛੁੱਟੀ ਘੋਸ਼ਿਤ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਇਹ ਹੁਕਮ ਜਾਰੀ ਕਰਦਿਆਂ ਇਹ ਵੀ ਸਪੱਸ਼ਟ ਕੀਤਾ ਹੈ ਕਿ ਇਸ ਦਿਨ ਬੈਂਕ ਪਹਿਲਾਂ ਵਾਂਗ ਖੁੱਲ੍ਹੇ ਰਹਿਣਗੇ ਅਤੇ ਬੋਰਡ/ਯੂਨੀਵਰਸਿਟੀ ਵੱਲੋਂ ਲਈਆਂ ਜਾ ਰਹੀਆਂ ਪ੍ਰੀਖਿਆਵਾਂ ਪਹਿਲਾਂ ਦੀ ਤਰ੍ਹਾਂ ਹੀ ਹੋਣਗੀਆਂ।

ਅੰਜਲੀ ਯਾਰਨਜ਼ ਨੇ ਲੁਧਿਆਣਾ 'ਚ ਲਗਾਏ 350 ਬੂਟੇ

ਲੁਧਿਆਣਾ : ਅੰਜਲੀ ਯਾਰਨਜ਼ ਹੌਜ਼ਰੀ ਫੈਬਰਿਕ ਦੇ ਨਿਰਮਾਣ ਵਿੱਚ ਇੱਕ ਪ੍ਰਮੁੱਖ ਬ੍ਰਾਂਡ ਹੈ, ਜੋ ਇਸਦੇ ਉੱਚ ਗੁਣਵੱਤਾ ਵਾਲੇ ਧਾਗਿਆਂ ਲਈ ਜਾਣਿਆ ਜਾਂਦਾ ਹੈ। ਅੰਜਲੀ ਯਾਰਨਜ਼ ਦੇ ਮੁੱਖ ਕਾਰਜਕਾਰੀ ਅਧਿਕਾਰੀ ਸਿਧਾਰਥ ਗੁਪਤਾ ਤੇ ਜਸਵਿੰਦਰ ਰਾਣਾ (ਏਜੀਐੱਮ-ਕਮਰਸ਼ੀਅਲ) ਨੇ ਕਿਹਾ ਕਿ ਅੰਜਲੀ ਯਾਰਨਜ਼ ਵਾਤਾਵਰਨ ਦੀ ਸੁਰੱਖਿਆ ਪ੍ਰਤੀ ਵਚਨਬੱਧ ਹੈ, ਜਿਸ ਲਈ ਉਨ੍ਹਾਂ ਵਲੋਂ ਲੁਧਿਆਣਾ ਦੇ ਜ਼ਿਲ੍ਹਾ ਜੰਗਲਾਤ ਅਫਸਰ (ਡੀਐੱਫਓ) ਰਾਜੇਸ਼ ਗੁਲਾਟੀ, ਰੇਂਜ ਅਫਸਰ ਕਮਲਪ੍ਰੀਤ ਸਿੰਘ, ਬਲਾਕ ਅਫਸਰ ਪ੍ਰਗਟ ਸਿੰਘ, ਊਸ਼ਾ ਰਾਣੀ, ਇੰਚਾਰਜ ਗਿੱਲ ਬੀਟ ਅਤੇ ਲਵਪ੍ਰੀਤ ਸਿੰਘ, ਵਣ ਗਾਰਡ ਦੀ ਅਗਵਾਈ ਹੇਠ ਲੁਧਿਆਣਾ-ਮਲੇਰਕੋਟਲਾ ਰੋਡ 'ਤੇ ਗਾਰਡ ਸਮੇਤ 350 ਬੂਟੇ ਲਗਾਏ ਗਏ। ਇਸ ਕੰਮ ਵਿੱਚ ਅੰਜਲੀ ਯਾਰਨਜ਼ ਦਾ ਸਾਥ ਉਨ੍ਹਾਂ ਦੇ ਸਾਥੀ ਓਸਵਾਲ ਇੰਡੀਆ ਦੇ ਮਾਲਕ ਵਿਕਾਸ ਜੈਨ ਅਤੇ ਗਾਂਧੀ ਇੰਟਰਪ੍ਰਾਈਜ਼ਿਜ਼ ਦੇ ਮਾਲਕ ਰਮੇਸ਼ ਗਾਂਧੀ ਨੇ ਦਿੱਤਾ।

ਅੰਗਹੀਣਾਂ ਦੀਆਂ ਮੁਸ਼ਕਲਾਂ ਸਬੰਧੀ ਡੀਸੀ ਨੂੰ ਮੰਗ ਪੱਤਰ ਸੌਂਪਿਆ : ਗੋਇਲ

ਬਰੇਟਾ (ਗੀਤਵਾਲ)-ਅੰਗਹੀਣ ਵੈੱਲਫੇਅਰ ਸੁਸਾਇਟੀ ਬਰੇਟਾ ਵੱਲੋਂ ਜ਼ਿਲਾ ਮਾਨਸਾ ਦੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨਾਲ ਇੱਕ ਮੁਲਾਕਾਤ ਕਰਕੇ ਅੰਗਹੀਣਾਂ ਦੀਆਂ ਮੁਸ਼ਕਲਾਂ ਸਬੰਧੀ ਸੰਜੀਵ ਗੋਇਲ ਵੱਲੋਂ ਇਕ ਮੰਗ ਪੱਤਰ ਦਿੱਤਾ ਗਿਆ ਜਿਸ 'ਚ ਅੰਗਹੀਣਾਂ ਦੀ ਪੈਨਸ਼ਨ 'ਚ ਵਾਧਾ ਕੀਤੇ ਜਾਣ ਬਾਰੇ ਲਿਖਿਆ ਗਿਆ ਅਤੇ ਦੱਸਿਆ ਕਿ ਸਵੈ-ਰੋਜ਼ਗਾਰ ਲਈ ਬਿਨਾਂ ਸ਼ਰਤਾਂ ਕਰਜ਼ਾ ਦਿੱਤਾ ਜਾਵੇ। ਇਸ ਤੋਂ ਇਲਾਵਾ ਸਰਕਾਰੀ ਤੇ ਗੈਰ-ਸਰਕਾਰੀ ਦਫਤਰਾਂ 'ਚ ਰੈਂਪ ਤੇ ਵ੍ਹੀਲਚੇਅਰ ਦਾ ਪ੍ਰਬੰਧ ਕੀਤਾ ਜਾਵੇ, 2016 ਐਕਟ ਪੂਰਨ ਤੌਰ 'ਤੇ ਲਾਗੂ ਕੀਤਾ ਜਾਵੇ, ਸਰਕਾਰੀ ਨੌਕਰੀਆਂ ਦਾ ਬੈਕਲਾਗ ਪੂਰਾ ਕੀਤਾ ਜਾਵੇ, ਜਾਅਲੀ ਅੰਗਹੀਣ ਸਰਟੀਫਿਕੇਟ ਬਣਾ ਕੇ ਨੌਕਰੀ ਕਰ ਰਹੇ ਮਲਾਜ਼ਮਾਂ ਦੀ ਸ਼ਨਾਖਤ ਕਰਕੇ ਬਣਦੀ ਕਾਰਵਾਈ ਕੀਤੀ ਜਾਵੇ। ਇੱਕ ਹੋਰ ਮੰਗ ਪੱਤਰ ਇਲਾਕਾ ਵਿਕਾਸ ਕਮੇਟੀ ਦੀ ਤਰਫੋਂ ਦਿੱਤਾ ਗਿਆ ਜਿਸ 'ਚ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਪੂਰਾ ਕਰਨਾ, ਸਰਕਾਰੀ ਹਸਪਤਾਲ 'ਚ ਡਾਕਟਰਾਂ ਦੀ ਕਮੀ ਪੂਰੀ ਕਰਨਾ, ਐੱਨਓਸੀ ਕਾਰਨ ਬੰਦ ਪਈਆਂ ਰਜਿਸਟਰੀਆਂ ਨੂੰ ਚਾਲੂ ਕਰਨ ਬਾਰੇ ਮੰਗਾਂ ਰੱਖੀਆਂ ਗਈਆਂ। ਇਸ ਮੌਕੇ ਮਾਨਯੋਗ ਡਿਪਟੀ ਕਮਿਸ਼ਨਰ ਮਾਨਸਾ ਨੇ ਭਰੋਸਾ ਦਿੱਤਾ ਕਿ ਜਾਇਜ਼ ਮੁਸ਼ਕਲਾਂ ਦਾ ਹੱਲ ਜਲਦੀ ਕਰ ਦਿੱਤਾ ਜਾਵੇਗਾ।

'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਪ੍ਰੋਗਰਾਮ ਤਹਿਤ ਡਰਾਈ ਡੇਅ ਮਨਾਇਆ

ਗੁਰਦਾਸਪੁਰ, (ਜਨਕ ਮਹਾਜਨ)-ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ. ਪ੍ਰਭਜੋਤ ਕੌਰ ਦੀ ਰਹਿਨੁਮਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਇੰਸਟ

18-Sep-PAGE-4.qxd 9/17/2023 10:13 PM Page 1

ਨਵਾਂ ਜ਼ਮਾਨਾ
ਸੋਮਵਾਰ, 18 ਸਤੰਬਰ 2023

ਬੇਪਛਾਣ ਚਿਹਰਾ

ਕਈ ਲੋਕ ਮੰਨਦੇ ਹਨ ਕਿ ਖੇਤੀ ਦੀ ਖੋਜ ਨਾਲ ਮਹਿਲਾਵਾਂ ਨੇੜਿਓਂ ਜੁੜੀਆਂ ਰਹੀਆਂ ਹਨ। ਕਈ ਸਮਾਜੀ ਵਿਗਿਆਨੀ ਤਾਂ ਮੰਨਦੇ ਹਨ ਕਿ ਮਹਿਲਾਵਾਂ ਨੇ ਹੀ ਖੇਤੀ ਦੀ ਖੋਜ ਕੀਤੀ ਹੋਵੇਗੀ। ਇਸ ਵੇਲੇ ਦੁਨੀਆ ਵਿਚ 40 ਕਰੋੜ ਤੋਂ ਵੱਧ ਮਹਿਲਾਵਾਂ ਖੇਤੀ ਦੇ ਕੰਮਾਂ ਵਿਚ ਲੱਗੀਆਂ ਹੋਈਆਂ ਹਨ, ਪਰ 90 ਤੋਂ ਵੱਧ ਦੇਸ਼ਾਂ ਵਿਚ ਉਨ੍ਹਾਂ ਕੋਲ ਜ਼ਮੀਨ ਦੀ ਮਾਲਕੀ ਵਿਚ ਬਰਾਬਰੀ ਦੇ ਹੱਕ ਨਹੀਂ ਹਨ। ਮੈਰੀਲੈਂਡ ਯੂਨੀਵਰਸਿਟੀ ਤੇ ਨੈਸ਼ਨਲ ਕੌਂਸਲ ਆਫ ਇੰਪਲਾਇਡ ਇਕਨਾਮਿਕ ਰਿਸਰਚ ਨੇ 2018 ਵਿਚ ਜਿਹੜੇ ਅੰਕੜੇ ਜਾਰੀ ਕੀਤੇ ਸਨ, ਉਨ੍ਹਾਂ ਮੁਤਾਬਕ ਭਾਰਤ ਵਿਚ ਖੇਤੀ 'ਚ ਕੁੱਲ ਕਿਰਤ ਸ਼ਕਤੀ ਦਾ 42 ਫੀਸਦੀ ਮਹਿਲਾਵਾਂ ਹਨ, ਪਰ ਉਹ ਦੋ ਫੀਸਦੀ ਤੋਂ ਵੀ ਘੱਟ ਜ਼ਮੀਨ ਦੀਆਂ ਮਾਲਕ ਹਨ। 'ਸਨ ਆਫ ਦੀ ਸਾਇਲ' ਸਿਰਲੇਖ ਨਾਲ 2018 ਵਿਚ ਆਏ ਆਕਸਫੇਮ ਇੰਡੀਆ ਦੇ ਸਰਵੇ ਮੁਤਾਬਕ ਖੇਤੀ-ਕਿਸਾਨੀ ਨਾਲ ਹੋਣ ਵਾਲੀ ਆਮਦਨ 'ਤੇ ਸਿਰਫ 8 ਫੀਸਦੀ ਮਹਿਲਾਵਾਂ ਨੂੰ ਹੀ ਅਧਿਕਾਰ ਨਸੀਬ ਹੈ।

2011 ਦੀ ਜਨਗਣਨਾ ਮੁਤਾਬਕ ਭਾਰਤ ਵਿਚ ਮਹਿਲਾ ਕਿਸਾਨਾਂ (ਮੁੱਖ ਤੌਰ 'ਤੇ ਖੇਤੀ-ਕਿਸਾਨੀ 'ਤੇ ਨਿਰਭਰ ਤੇ ਸੀਮਾਂਤ) ਦੀ ਗਿਣਤੀ 3 ਕਰੋੜ 60 ਲੱਖ ਸੀ, ਜਦਕਿ ਮਹਿਲਾ ਖੇਤ ਮਜ਼ਦੂਰਾਂ (ਮੁੱਖ ਤੌਰ 'ਤੇ ਖੇਤੀ-ਕਿਸਾਨੀ 'ਤੇ ਨਿਰਭਰ ਤੇ ਸੀਮਾਂਤ) ਦੀ ਗਿਣਤੀ 6 ਕਰੋੜ 15 ਲੱਖ ਸੀ। ਖੇਤਾਂ ਵਿਚ ਜਿੱਥੇ 5-9 ਸਾਲ ਦੀ ਉਮਰ ਦੀਆਂ ਬੱਚੀਆਂ ਵੀ ਮਜ਼ਦੂਰੀ ਕਰਦੀਆਂ ਹਨ, ਉਥੇ 80 ਸਾਲ ਤੋਂ ਵੱਧ ਉਮਰ ਦੀਆਂ ਲੱਖਾਂ ਮਹਿਲਾਵਾਂ ਵੀ ਮਜ਼ਦੂਰੀ ਲਈ ਮਜਬੂਰ ਹਨ। ਜ਼ਿਆਦਾਤਰ ਸਮਾਜੀ ਤੌਰ 'ਤੇ ਵੰਚਿਤ ਤਬਕੇ ਦੀਆਂ ਮਹਿਲਾਵਾਂ ਖੇਤੀ ਮਜ਼ਦੂਰੀ ਕਰਦੀਆਂ ਹਨ। 81 ਫੀਸਦੀ ਮਹਿਲਾ ਖੇਤ ਮਜ਼ਦੂਰ ਅਨੁਸੂਚਿਤ ਜਾਤੀ, ਜਨ-ਜਾਤੀ ਤੇ ਹੋਰਨਾਂ ਪੱਛੜੇ ਤਬਕਿਆਂ ਤੋਂ ਹਨ ਤੇ ਉਨ੍ਹਾਂ ਵਿੱਚੋਂ 83 ਫੀਸਦੀ ਬੇਜ਼ਮੀਨੀਆਂ ਹਨ ਜਾਂ ਛੋਟੇ ਤੇ ਸੀਮਾਂਤ ਕਿਸਾਨਾਂ ਤੇ ਬਟਾਈਦਾਰਾਂ ਦੇ ਪਰਵਾਰਾਂ ਨਾਲ ਸੰਬੰਧਤ ਹਨ।

ਖੇਤ ਮਜ਼ਦੂਰਾਂ ਦੇ ਕੰਮ ਤੇ ਉਨ੍ਹਾਂ ਦੀਆਂ ਕੰਮ ਵਾਲੀਆਂ ਥਾਵਾਂ ਨੂੰ ਨਿਯਮਤ ਕਰਨ ਲਈ ਨਾ ਕੋਈ ਕਾਨੂੰਨ ਹੈ ਤੇ ਨਾ ਕੋਈ ਢਾਂਚਾ। ਸਮਾਜੀ ਸੁਰੱਖਿਆ ਨਾਂਅ ਦੀ ਕੋਈ ਵੀ ਚੀਜ਼ ਨਹੀਂ ਹੈ। ਕੰਮ ਦੇ ਦਿਨਾਂ ਵਿਚ ਕਮੀ ਦੇ ਚਲਦਿਆਂ ਬਿਜਾਈ ਤੇ ਵਾਢੀ ਦੇ ਸਮੇਂ ਖੇਤ ਮਜ਼ਦੂਰ ਲਗਾਤਾਰ ਕੰਮ ਕਰਨ ਲਈ ਮਜਬੂਰ ਹੈ। ਗਰਭਵਤੀ ਹੋਣ ਦੇ ਬਾਵਜੂਦ ਮਹਿਲਾ ਖੇਤ ਮਜ਼ਦੂਰਾਂ ਨੂੰ ਗਰਭ ਅਵਸਥਾ ਦੇ ਆਖਰੀ ਦਿਨਾਂ ਤੱਕ ਕੰਮ ਕਰਨਾ ਪੈਂਦਾ ਹੈ ਤੇ ਬੱਚੇ ਨੂੰ ਜਨਮ ਦੇਣ ਦੇ ਕੁਝ ਦਿਨਾਂ ਬਾਅਦ ਫਿਰ ਕੰਮ 'ਤੇ ਪਰਤਣ ਲਈ ਮਜਬੂਰ ਹੋਣਾ ਪੈਂਦਾ ਹੈ। ਮਹਿਲਾ ਖੇਤ ਮਜ਼ਦੂਰਾਂ ਲਈ ਮਾਹਵਾਰੀ ਵੀ ਸਰਾਪ ਵਰਗੀ ਹੁੰਦੀ ਹੈ। ਦੇਸ਼ ਨੂੰ ਅੰਨ ਵਿਚ ਆਤਮ ਨਿਰਭਰ ਬਣਾਉਣ ਵਿਚ ਮਹਿਲਾ ਖੇਤ ਮਜ਼ਦੂਰਾਂ ਨੇ ਬਹੁਤ ਵੱਡਾ ਯੋਗਦਾਨ ਦਿੱਤਾ ਹੈ, ਫਿਰ ਵੀ ਇਨ੍ਹਾਂ ਦੀ ਜ਼ਿੰਦਗੀ ਵਿਚ ਕੋਈ ਤਬਦੀਲੀ ਨਹੀਂ ਆਈ। ਅੱਜ ਵੀ ਇਹ ਬਿਨਾਂ ਪਛਾਣ ਦੇ ਮਿਹਨਤ ਕਰ ਰਹੀਆਂ ਹਨ। ਉਨ੍ਹਾਂ ਦੀਆਂ ਇੱਛਾਵਾਂ ਤੇ ਸੱਧਰਾਂ ਦੀ ਕਿਸੇ ਨੂੰ ਚਿੰਤਾ ਨਹੀਂ।

ਮਹਿਲਾ ਮਜ਼ਦੂਰਾਂ ਦੀ ਜ਼ਿੰਦਗੀ ਤਾਂ ਹੀ ਬਿਹਤਰ ਹੋਵੇਗੀ, ਜਦੋਂ ਉਤਪਾਦਨ ਪ੍ਰਣਾਲੀ ਵਿਚ ਉਨ੍ਹਾਂ ਦੀ ਭੂਮਿਕਾ ਦੀ ਪਛਾਣ ਕੀਤੀ ਜਾਵੇਗੀ। ਦੇਸ਼ ਦੇ ਮਹਿਲਾ ਅੰਦੋਲਨਾਂ ਵਿਚ ਮਹਿਲਾ ਖੇਤ ਮਜ਼ਦੂਰਾਂ ਦੇ ਬੁਨਿਆਦੀ ਮੁੱਦੇ ਛੁੱਟ ਜਾਂਦੇ ਹਨ ਤੇ ਮਜ਼ਦੂਰ ਅੰਦੋਲਨ ਵੀ ਇਨ੍ਹਾਂ ਨੂੰ ਉਭਾਰਨ 'ਚ ਪਿੱਛੇ ਰਹਿ ਜਾਂਦਾ ਹੈ। ਇਸ ਲਈ ਮਹਿਲਾ ਮਜ਼ਦੂਰਾਂ ਨੂੰ ਖੁਦ ਹੀ ਜਥੇਬੰਦ ਹੋਣਾ ਪਵੇਗਾ। ਆਪਣੇ ਉਤਪਾਦਕ ਵਰਗ ਵਿਚ ਆਪਣੀ ਅਹਿਮੀਅਤ ਪਛਾਣਦਿਆਂ ਆਪਣੀਆਂ ਮੰਗਾਂ ਨੂੰ ਮਜ਼ਬੂਤੀ ਨਾਲ ਅੰਦੋਲਨ ਦੇ ਅੰਦਰ ਤੇ ਸਰਕਾਰਾਂ ਦੇ ਸਾਹਮਣੇ ਉਠਾਉਣਾ ਪਵੇਗਾ।

ਭਾਰਤੀ ਆਰਥਿਕਤਾ 'ਚ ਹਾਸ਼ੀਏ 'ਤੇ ਆਮ ਆਦਮੀ

ਗੁਰਮੀਤ ਸਿੰਘ ਪਲਾਹੀ

ਦੇਸ਼ ਦਾ ਕੁੱਲ ਘਰੇਲੂ ਉਤਪਾਦਨ ਵਧਦਾ ਹੈ ਤਾਂ ਫ਼ਾਇਦਾ ਕਿਸ ਨੂੰ ਹੁੰਦਾ ਹੈ, ਪ੍ਰਤੱਖ ਹੈ ਫ਼ਾਇਦਾ ਦੇਸ਼ ਦੇ ਸਿਖਰਲੇ ਅਮੀਰਾਂ ਨੂੰ ਹੁੰਦਾ ਹੈ।

"ਭਾਰਤੀ ਹਾਕਮ" ਜਦੋਂ ਦਾਅਵੇਦਾਰੀ ਕਰਦਾ ਹੈ ਕਿ ਦੇਸ਼ ਦਾ ਘਰੇਲੂ ਉਤਪਾਦਨ ਵਧ ਗਿਆ ਹੈ ਜਾਂ ਵਧ ਰਿਹਾ ਹੈ ਅਤੇ ਆਰਥਿਕ ਤੌਰ 'ਤੇ ਭਾਰਤ ਮਜ਼ਬੂਤ ਹੋ ਕੇ ਦੁਨੀਆ ਭਰ ਵਿੱਚ ਪੰਜਵਾਂ ਵੱਡਾ ਅਰਥਚਾਰਾ ਬਣ ਗਿਆ ਹੈ ਤਾਂ ਇਸ ਦਾ ਅਰਥ ਇਹ ਕਦਾਚਿਤ ਨਹੀਂ ਹੈ ਕਿ ਦੇਸ਼ ਦੇ ਲੋਕ ਖੁਸ਼ਹਾਲ ਹੋ ਗਏ ਹਨ, ਗਰੀਬੀ ਰੇਖਾ ਵਿੱਚੋਂ ਬਾਹਰ ਨਿਕਲ ਆਏ ਹਨ, ਸਗੋਂ ਅਸਲੀ ਗੱਲ ਤਾਂ ਇਹ ਹੈ ਕਿ ਭਾਰਤ ਦੇ ਗਰੀਬਾਂ ਦੀ ਆਮਦਨ 'ਚ ਕੋਈ ਸੁਧਾਰ ਨਹੀਂ ਆਇਆ।

80 ਕਰੋੜ ਲੋਕਾਂ ਨੂੰ ਸਰਕਾਰੀ ਅੰਕੜਿਆਂ ਅਨੁਸਾਰ ਹਰ ਮਹੀਨੇ ਸਰਕਾਰੀ ਖਾਤੇ ਵਿੱਚੋਂ ਕਣਕ, ਚਾਵਲ ਮੁਫ਼ਤ ਮੁਹੱਈਆ ਕੀਤੀ ਜਾ ਰਹੀ ਹੈ। ਦੀ ਨੈਸ਼ਨਲ ਫੂਡ ਸਕਿਉਰਿਟੀ ਐਕਟ 2013 ਭਾਵ ਸਭ ਲਈ ਭੋਜਨ ਐਕਟ ਭਾਰਤ ਦੀ ਕੁੱਲ 140 ਕਰੋੜ ਆਬਾਦੀ ਦੀ ਦੋ ਤਿਹਾਈ ਆਬਾਦੀ ਲਈ 12 ਸਤੰਬਰ 2013 ਨੂੰ ਪਾਰਲੀਮੈਂਟ 'ਚ ਪਾਸ ਹੋਇਆ ਤੇ ਦੇਸ਼ ਭਰ 'ਚ ਲਾਗੂ ਹੋਇਆ।

ਅੰਕੜੇ ਵਿਚਾਰੋ, ਭਾਰਤ ਦੀ ਕੁਲ ਆਬਾਦੀ ਹੈ, 2022 ਅਨੁਸਾਰ 141 ਕਰੋੜ ਤੋਂ ਥੋੜ੍ਹੀ ਵੱਧ ਹੈ। ਜਿਹਨਾਂ ਵਿੱਚ ਅਤਿ ਦੇ ਗਰੀਬ ਤਿੰਨ ਫ਼ੀਸਦੀ ਹਨ, ਉਹਨਾਂ ਵਿੱਚੋਂ 0.9 ਫ਼ੀਸਦੀ (2020 ਦੇ ਅੰਕੜਿਆਂ ਅਨੁਸਾਰ) ਪ੍ਰਤੀ ਜੀਅ 1.9 ਡਾਲਰ ਭਾਵ 150 ਰੁਪਏ ਹੀ ਕਮਾਉਂਦੇ ਹਨ। ਕੁਲ ਆਬਾਦੀ ਦੇ 18.2 ਫ਼ੀਸਦੀ ਦੀ ਔਸਤ ਆਮਦਨ 3.2 ਡਾਲਰ 256 ਰੁਪਏ ਅਤੇ 3.3 ਫ਼ੀਸਦੀ ਦੀ ਔਸਤ ਆਮਦਨ 6.85 ਡਾਲਰ ਭਾਵ 550 ਰੁਪਏ ਰੋਜ਼ਾਨਾ ਤੋਂ ਘੱਟ ਹੈ। ਇਸ ਨਿਗੂਣੀ ਆਮਦਨ 'ਚ ਦੇਸ਼ ਦੀ ਵੱਡੀ ਗਿਣਤੀ ਕਿਵੇਂ ਗੁਜ਼ਾਰਾ ਕਰਦੀ ਹੈ? ਇਹ ਪ੍ਰਤੱਖ ਹੈ।

ਅਸਲ ਵਿੱਚ ਭਾਰਤ 'ਚ ਅਮੀਰ-ਗਰੀਬ ਦਾ ਪਾੜਾ ਵੱਡਾ ਹੈ, ਦੇਸ਼ ਦੀ ਉਪਰਲੀ ਇਕ ਫ਼ੀਸਦੀ ਅਮੀਰ ਆਬਾਦੀ ਕੋਲ ਦੇਸ਼ ਦੀ ਕੁਲ ਧਨ ਦੌਲਤ ਦੀ 58 ਫ਼ੀਸਦੀ ਮਾਲਕੀ ਹੈ, ਦੇਸ਼ ਦੀ ਉਪਰਲੀ 10 ਫ਼ੀਸਦੀ ਆਬਾਦੀ ਕੋਲ ਸੰਪਤੀ ਦੀ 80 ਫ਼ੀਸਦੀ ਮਾਲਕੀ ਹੈ। ਅਮੀਰ ਦੀ ਦੌਲਤ 'ਚ ਸਰਕਾਰ ਦੀਆਂ ਧੰਨ ਕੁਬੇਰਾਂ ਨੂੰ ਦਿੱਤੀਆਂ ਜਾ ਰਹੀਆਂ ਰਿਆਇਤਾਂ ਅਤੇ ਨਿੱਜੀਕਰਨ ਦੀ ਪਾਲਿਸੀ ਕਾਰਨ ਧਨ ਦੇ ਅੰਬਾਰ ਲੱਗ ਰਹੇ ਹਨ। ਕੋਰੋਨਾ ਕਾਲ (2020) 'ਚ ਤਾਂ ਅਮੀਰਾਂ ਅਤੇ ਖਰਬਪਤੀਆਂ ਦੀ ਗਿਣਤੀ ਬੇਹਿਸਾਬੀ ਵਧੀ ਤੇ ਗਰੀਬ ਹੋਰ ਗਰੀਬ ਹੋਏ।

ਦੇਸ਼ ਦੇ ਇਹੋ ਜਿਹੇ ਦੇਸ਼ ਦੇ ਹਾਲਾਤਾਂ ਦੇ ਮੱਦੇਨਜ਼ਰ ਅਮਰੀਕਾ ਦੇ ਰਿਸਰਚ ਸੈਂਟਰ ਪੀ. ਈ.ਡਬਲਯੂ (ਪੀਊ) ਵੱਲੋਂ ਕੀਤਾ ਗਿਆ ਇਕ ਸਰਵੇ ਅੰਦਰਲਾ ਸੱਚ ਪੇਸ਼ ਕਰਦਾ ਹੈ ਕਿ ਹਾਲੀਆ ਸਾਲਾਂ ਦੌਰਾਨ ਭਾਰਤ ਦੀ ਤਾਕਤ ਜਾਂ ਅਸਰ-ਰਸੂਖ ਵਿੱਚ ਕੋਈ ਵਾਧਾ ਨਹੀਂ ਹੋਇਆ, ਭਾਵੇਂ ਕਿ ਦੇਸ਼ ਦੇ ਹੁਕਮਰਾਨ, ਸਰਕਾਰ ਦੇ ਹਰ ਵਕਤ ਪੱਬਾਂ ਭਾਰ ਰਹਿਣ ਅਤੇ ਇਸ ਦੇ ਮੰਤਰੀਆਂ ਦੀ ਬਿਹਤਰੀਨ ਊਰਜਾ ਸ਼ੋਰ-ਸ਼ਰਾਬੇ ਨੂੰ ਵਧਾਉਂਦੀ ਰਹਿਣ ਕਰਕੇ ਭਰਮ ਪੈਦਾ ਕਰ ਸਕਦੀ ਹੈ ਅਤੇ ਦੇਸ਼ ਨੂੰ ਦੁਨੀਆ ਦਾ ਨੰਬਰ ਇੱਕ ਦੇਸ਼ ਬਣਾਉਣ ਦੇ ਦਾਅਵੇ ਕਰਦੀ ਹੈ।

ਦੇਖਣ-ਸਮਝਣ ਵਾਲੀ ਗੱਲ ਇਹ ਹੈ ਕਿ ਆਲਮੀ ਵਿਕਾਸ ਵਿੱਚ ਤੀਜਾ ਸਭ ਤੋਂ ਵੱਧ ਯੋਗਦਾਨ ਪਾਉਣ ਦਾ ਦਾਅਵਾ ਕਰਨ ਵਾਲੇ ਦੇਸ਼ ਭਾਰਤ ਦਾ ਇਸ ਸਾਲ ਹੁਣ ਤੱਕ ਵੀ ਸਿੱਧਾ ਨਿਵੇਸ਼ ਕਿਉਂ ਸੁੰਗੜ ਗਿਆ ਹੈ? ਦੇਸ਼ ਦਾ 2022 ਵਿੱਚ ਵਿਦੇਸ਼ੀ ਪੋਰਟਫੋਲਿਓ ਨਿਵੇਸ਼ ਘਟ ਗਿਆ ਸੀ ਅਤੇ 2023 ਵਿੱਚ ਇਸ ਨੂੰ ਮੋੜਾ ਪਿਆ ਸੀ।

ਭਾਰਤ ਕੋਲ "ਮੁਕਤ ਵਪਾਰ" ਸਮਝੌਤਿਆਂ ਦੇ ਐਲਾਨਾਂ ਤੋਂ ਬਿਨਾਂ ਪੱਲੇ ਕੁੱਝ ਵੀ ਨਹੀਂ ਹੈ। ਜੀ-20 ਸੰਮੇਲਨ ਇਸ ਦੀ ਉਦਾਹਰਨ ਹੈ, ਇਸ ਦੌਰਾਨ ਭਾਰਤ ਮੱਧ-ਪੂਰਬ ਤੇ ਯੂਰਪ ਤੱਕ ਆਰਥਿਕ ਗਲਿਆਰਾਂ ਬਣਾਉਣ ਦੀ ਜੋ ਸਹਿਮਤੀ ਬਣੀ ਹੈ, ਉਸ ਅਨੁਸਾਰ ਯੂਰਪ ਤੋਂ ਮੱਧ ਪੂਰਬ ਦੇ ਦੇਸ਼ਾਂ ਵਿੱਚ ਮਾਲ ਭੇਜਣਾ ਤੇ ਮੰਗਵਾਉਣਾ ਤੈਅ ਹੋਇਆ ਹੈ। ਜਿਸ ਨਾਲ ਵਪਾਰਕ ਹਿੱਤਾਂ ਨੂੰ ਹੁਲਾਰਾ ਮਿਲੇਗਾ, ਪਰ ਕੀ ਇਹ ਸੁਪਨਾ ਸਾਰਥਕ ਹੋ ਸਕੇਗਾ? ਕਿਉਂਕਿ ਭਾਰਤ ਦੇ ਗੁਆਂਢੀ ਦੇਸ਼ ਪਾਕਿਸਤਾਨ, ਅਫਗਾਨਿਸਤਾਨ ਜੀ-20 ਦੇ ਮੈਂਬਰ ਨਹੀਂ, ਤਾਂ ਫਿਰ ਹੁਲਾਰਾ ਕਿਵੇਂ ਮਿਲੇਗਾ?

ਭਾਰਤ ਜੀ-20 ਸੰਮੇਲਨ ਦੀ ਸਫ਼ਲਤਾ ਉੱਤੇ ਪ੍ਰਸੰਨ ਹੈ। ਕੱਛਾਂ ਵਜਾ ਰਿਹਾ ਹੈ, ਪਰ ਵੇਖਣ ਵਾਲੀ ਗੱਲ ਤਾਂ ਇਹ ਹੋਏਗੀ ਕਿ ਭਾਰਤ ਇਸ ਵਪਾਰਕ ਸਹਿਮਤੀ ਵਿੱਚੋਂ ਖੱਟੇਗਾ ਕੀ? ਇਸ ਦਾ ਲਾਹਾ ਤਾਂ ਦੇਸ਼ ਦੇ ਕਾਰਪੋਰੇਟ ਤੇ ਧੰਨਕੁਬੇਰ ਨਹੀਂ ਲੈ ਜਾਣਗੇ, ਆਮ ਲੋਕਾਂ ਪੱਲੇ ਕੁਝ ਨਹੀਂ ਪਵੇਗਾ। ਉਹਨਾ ਦੀ ਆਰਥਿਕ ਹਾਲਤ ਨਹੀਂ ਸੁਧਰੇਗੀ।

ਜੀ-20 ਸੰਮੇਲਨ ਦੀ ਸਫ਼ਲਤਾ ਦੀਆਂ ਨਰੇਂਦਰ ਮੋਦੀ ਸਰਕਾਰ ਖੁਸ਼ੀਆਂ ਮਨਾ ਰਹੀ ਹੈ। ਕੇਂਦਰੀ ਕੈਬਨਿਟ ਵੱਲੋਂ ਨਰੇਂਦਰ ਮੋਦੀ ਨੂੰ ਵਧਾਈ ਦਿੱਤੀ ਜਾ ਰਹੀ ਹੈ। ਜੀ-20 ਦੀ ਸਫ਼ਲਤਾ ਲਈ ਭਾਜਪਾ ਵੱਲੋਂ ਸ਼ਲਾਘਾ ਕੀਤੀ ਗਈ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪ੍ਰਸੰਨ ਹਨ। ਜੀ-20 ਸੰਮੇਲਨ ਦੀ ਪ੍ਰਾਹੁਣਾਚਾਰੀ 'ਤੇ ਦੇਸ਼ ਭਾਰਤ ਦੇ ਲੋਕਾਂ ਤੋਂ ਉਗਰਾਹੇ ਟੈਕਸ ਵਿੱਚੋਂ 4100 ਕਰੋੜ ਰੁਪਏ ਖਰਚੇ ਗਏ ਹਨ, ਜਦਕਿ ਬਜਟ ਵਿੱਚ ਸਿਰਫ਼ ਇਸ ਸੰਮੇਲਨ ਲਈ 990 ਕਰੋੜ ਰੱਖੇ ਗਏ ਹਨ। ਇਸ ਵੱਡੇ ਖ਼ਰਚ ਨਾਲ ਆਮ ਆਦਮੀ ਦੇ ਪੱਲੇ ਕੀ ਪਿਆ?

ਭਾਰਤ ਦੇਸ਼ ਦਾ ਨਾਂਅ, ਜੀ-20 ਦੇ ਉਹਨਾਂ ਚਾਰ ਮੁਲਕਾਂ ਬ੍ਰਾਜ਼ੀਲ, ਮੈਕਸੀਕੋ, ਅਫ਼ਰੀਕਨ ਯੂਨੀਅਨ 'ਚ ਸ਼ਾਮਲ ਹੈ, ਜਿਥੋਂ ਦੇ ਲੋਕ ਭੁੱਖਮਰੀ ਦੇ ਸ਼ਿਕਾਰ ਹਨ, ਜਿੱਥੇ ਨਾ-ਬਰਾਬਰੀ ਹੈ, ਜਿੱਥੇ ਸਮਾਜ ਵਿੱਚ ਆਰਥਿਕ ਪਾੜਾ ਅੰਤਾਂ ਦਾ ਹੈ। ਇਹਨਾਂ ਕਮਜ਼ੋਰ ਦੇਸ਼ਾਂ ਵਿੱਚੋਂ ਇਕ ਦੇਸ਼ ਬ੍ਰਾਜ਼ੀਲ ਹੁਣ 2024 ਦੇ ਸਿਖਰ ਸੰਮੇਲਨ ਦੀ ਅਗਵਾਈ ਕਰੇਗਾ। ਇਹ ਜੀ-20 ਸੰਸਥਾ ਹੁਣ 20 ਦੇਸ਼ਾਂ ਦੀ ਨਹੀਂ, ਯੂਰਪ, ਏਸ਼ੀਆ ਤੇ ਅਫ਼ਰੀਕਾ ਦੇ ਵੱਡੀ ਗਿਣਤੀ ਦੇਸ਼ਾਂ ਦੀ ਸੰਸਥਾ ਹੈ। ਅਫ਼ਰੀਕਨ ਯੂਨੀਅਨ ਇਸ ਵਾਰ ਇਸ ਸੰਸਥਾ 'ਚ ਸ਼ਾਮਲ ਕੀਤੀ ਗਈ ਹੈ, ਜਿਸ ਦੇ 55 ਅਫ਼ਰੀਕਨ ਮੁਲਕ ਮੈਂਬਰ ਹਨ। ਇਹ ਅਫ਼ਰੀਕਨ ਮੁਲਕ ਗਰੀਬੀ, ਭੁੱਖਮਰੀ, ਬੇਰੁਜ਼ਗਾਰੀ, ਆਰਥਿਕ ਨਾ-ਬਰਾਬਰੀ, ਵਿਦਿਅਕ ਅਤੇ ਸਨਅਤੀ ਪੱਛੜੇਪਨ ਦੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ।

ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਭਾਰਤ ਨੇ ਇਹਨਾਂ ਮੁੱਦਿਆਂ 'ਤੇ ਜੀ-20 'ਚ ਕੋਈ ਗੱਲ ਤੱਕ ਨਹੀਂ ਕੀਤੀ, ਇਸ ਕਿਸਮ ਦਾ ਆਮ ਆਦਮੀ ਦਾ ਕੋਈ ਮੁੱਦਾ ਨਹੀਂ ਉਭਾਰਿਆ, ਸਗੋਂ ਅਮੀਰ-ਪ੍ਰਹੁਣਾਚਾਰੀ ਨਾਲ ਦੇਸ਼ ਦੀ ਹਾਲਤ ਢਕਣ ਦਾ ਕੰਮ ਕੀਤਾ।

ਜੀ-20 ਸੰਮੇਲਨ ਦੌਰਾਨ ਊਰਜਾ ਤੇ ਨਵੇਂ ਸ੍ਰੋਤਾਂ ਨੂੰ ਉਤਸ਼ਾਹਤ ਕਰਨ ਅਤੇ 2030 ਤੱਕ ਕੋਲੇ ਉੱਤੇ ਨਿਰਭਰਤਾ ਖ਼ਤਮ ਕਰਨ ਲਈ ਕਿਹਾ ਗਿਆ ਤਾਂ ਕਿ ਪ੍ਰਦੂਸ਼ਨ ਰੋਕ ਕੇ ਸਾਫ਼-ਸੁਥਰੇ ਵਾਤਾਵਰਨ ਦੀ ਉਸਾਰੀ ਹੋ ਸਕੇ। ਇਸ ਸੰਮੇਲਨ ਦਾ ਮੁੱਖ ਮੰਤਵ "ਇਕ ਧਰਤੀ, ਇਕ ਪਰਵਾਰ, ਇਕ ਭਵਿੱਖ ਸੀ", ਜਿਸ ਤਹਿਤ ਭੋਜਨ ਸੁਰੱਖਿਆ, ਵਾਤਾਵਰਨ ਅਤੇ ਊਰਜਾ ਨੇ ਵਿਕਾਸ, ਸਿਹਤ ਅਤੇ ਡਿਜ਼ੀਟਾਲਾਈਜੇਸ਼ਨ ਜਿਹੇ ਮੁੱਦੇ ਵਿਚਾਰੇ ਗਏ।

ਵਿਕਾਸਸ਼ੀਲ ਦੇਸ਼ ਜਪਾਨ, ਆਸਟ੍ਰੇਲੀਆ, ਕੈਨੇਡਾ, ਫਰਾਂਸ, ਜਰਮਨੀ, ਇੰਡੋਨੇਸ਼ੀਆ, ਇਟਲੀ, ਮੈਕਸੀਕੋ, ਭਾਰਤ, ਰਿਬਪਲਿਕ ਆਫ ਕੋਰੀਆ, ਸਾਊਦੀ ਅਰਬ, ਸਾਊਥ ਅਫ਼ਰੀਕਾ, ਯੂ.ਕੇ., ਅਮਰੀਕਾ, ਯੂਰਪੀਅਨ ਤੋਂ ਬਿਨਾਂ ਬੰਗਲਾਦੇਸ਼, ਯੂ ਏ ਈ, ਨੀਂਦਰਲੈਂਡ, ਨਾਈਜੀਰੀਆ ਆਦਿ ਨੂੰ ਇਸ ਸੰਮੇਲਨ ਦਾ ਹਿੱਸਾ ਬਣਾਇਆ ਗਿਆ। ਸੰਮੇਲਨ 'ਚ 10 ਤੋਂ ਵੱਧ ਅੰਤਰਰਾਸ਼ਟਰੀ ਸੰਸਥਾਵਾਂ ਡਬਲਯੂ. ਐੱਚ.ਓ., ਵਰਲਡ ਬੈਂਕ ਆਦਿ ਨੇ ਹਿੱਸਾ ਲਿਆ।

ਇਸ ਸੰਮੇਲਨ 'ਚ ਵੱਡੇ ਮੁੱਦੇ ਵਿਚਾਰੇ ਗਏ, ਪਰ ਇਸ ਸੰਮੇਲਨ 'ਚ ਆਮ ਆਦਮੀ ਤਾਂ ਗਾਇਬ ਹੀ ਸੀ, ਉਸ ਦੇ ਮੁੱਦੇ ਵੀ ਗਾਇਬ ਸਨ? ਉਸ ਦੀ ਆਰਥਿਕ ਹਾਲਤ ਉਤੇ ਚਿੰਤਨ ਨਹੀਂ ਕੀਤਾ ਗਿਆ।

ਜਿਵੇਂ ਕਿ ਭਾਰਤ ਨੂੰ ਜੀ-20 ਸੰਮੇਲਨ 'ਚ ਮੌਕਾ ਸੀ, ਕਿਉਂਕਿ ਇਸ ਵਾਰ ਭਾਰਤ ਜੀ-20 ਸੰਮੇਲਨ ਦਾ ਪ੍ਰਧਾਨ ਸੀ, ਪ੍ਰਾਹੁਣਚਾਰੀ ਵੀ ਉਸ ਕੋਲ ਸੀ ਤਾਂ ਭਾਰਤ ਅਤੇ ਇਸ ਵਰਗੇ ਹੋਰ ਕਮਜ਼ੋਰ, ਗਰੀਬ ਦੇਸ਼ਾਂ ਦੇ ਮਸਲਿਆਂ ਨੂੰ ਅੰਤਰਰਾਸ਼ਟਰੀ ਮੰਚ ਉੱਤੇ ਸਾਂਝਾ ਕੀਤਾ ਜਾ ਸਕਦਾ ਸੀ। ਅਮਰੀਕਾ ਵਰਗਾ "ਥਾਣੇਦਾਰ ਦੇਸ਼" ਜਿਸ ਨੂੰ ਦੁਨੀਆ ਭਰ 'ਚ ਧੌਂਸ ਜਮਾਉਣ ਵਾਲੇ ਖੋਰੂ-ਪਾਊ ਦੇਸ਼ ਵਜੋਂ ਜਾਣਿਆ ਜਾਂਦਾ ਹੈ, ਉਸ ਅੱਗੇ ਸ਼ੀਸ਼ਾ ਦਿਖਾਉਣਾ ਬਣਦਾ ਸੀ ਤਾਂ ਕਿ ਪਤਾ ਲਗਦਾ ਕਿ ਉਹ ਸਮੁੱਚੇ ਜਗਤ ਵਿੱਚ ਸਭ ਤੋਂ ਵੱਧ ਪ੍ਰਦੂਸ਼ਣ ਪੈਦਾ ਕਰਨ ਵਾਲਾ ਦੇਸ਼ ਹੈ, ਜਿਸ ਦਾ ਖਮਿਆਜ਼ਾ ਗਰੀਬ ਜਾਂ ਕੁੱਝ ਤਰੱਕੀ ਕਰ ਰਹੇ ਦੇਸ਼ ਭੁਗਤਦੇ ਹਨ। ਮੰਗ ਹੋਣੀ ਚਾਹੀਦੀ ਸੀ ਕਿ ਅਮਰੀਕਾ ਇਸ ਦਾ ਇਵਜ਼ਾਨਾ ਦੇਵੇ।

ਅਫਰੀਕਨ ਯੂਨੀਅਨ ਨੂੰ ਭਾਰਤ ਦੀ ਪਹਿਲਕਦਮੀ 'ਤੇ ਜੀ-20 'ਚ ਸ਼ਾਮਲ ਕੀਤਾ ਗਿਆ ਹੈ, ਜਿਸ ਵਿੱਚ 55 ਦੇਸ਼ ਹਨ ਅਤੇ ਬਹੁਤ ਗਰੀਬ ਹਨ ਜੇਕਰ ਭਾਰਤ ਆਪਣੀਆਂ

18-SEP-PAGE-5.qxd 9/17/2023 8:58 PM Page 1

ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਖਜ਼ਾਨਾ ਮੰਤਰੀ ਦੀ ਕੋਠੀ ਨੇੜੇ ਚੱਕਾ ਜਾਮ

■ ਕੈਬਨਿਟ ਸਬ-ਕਮੇਟੀ ਨਾਲ 29 ਦੀ ਮੀਟਿੰਗ ਤੈਅ

ਸੰਗਰੂਰ (ਪ੍ਰਵੀਨ ਸਿੰਘ)

ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਤੇ ਅਮਨ ਅਰੋੜਾ ਵਿਰੁੱਧ ਮੁਲਾਜ਼ਮ ਮੰਗਾਂ ਪ੍ਰਤੀ ਵਾਅਦੇ ਖਿਲਾਫੀਆਂ ਤੇ ਮੁਲਾਜ਼ਮ ਸੰਘਰਸ਼ਾਂ ਨੂੰ ਦਬਾਉਣ ਲਈ 31 ਅਕਤੂਬਰ ਤੱਕ ਲਾਗੂ ਕੀਤੇ ਐਸਮਾ ਕਾਨੂੰਨ ਵਿਰੁੱਧ ਹਜ਼ਾਰਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸੰਗਰੂਰ-ਧੂਰੀ ਓਵਰ ਬਰਿਜ ਹੇਠਾਂ ਰੋਹ ਭਰਪੂਰ ਰੋਸ ਰੈਲੀ ਕਰਨ ਉਪਰੰਤ ਰੋਸ ਮੁਜ਼ਾਹਰਾ ਤੇ ਖਜ਼ਾਨਾ ਮੰਤਰੀ ਦੀ ਕੋਠੀ ਨੇੜੇ ਮਾਰੂਤੀ ਚੌਕ 'ਚ ਲਗਭਗ 2 ਘੰਟੇ ਚੱਕਾ ਜਾਮ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਸੂਬਾਈ ਆਗੂਆਂ ਭਜਨ ਸਿੰਘ ਗਿੱਲ, ਰਣਜੀਤ ਰਾਣਵਾਂ, ਗਗਨਦੀਪ ਬਠਿੰਡਾ, ਹਰਦੀਪ ਟੋਡਰਪੁਰ, ਸੁਖਵਿੰਦਰ ਸਿੰਘ ਚਾਹਲ, ਧਨਵੰਤ ਸਿੰਘ ਭੱਠਲ, ਹਰਭਜਨ ਸਿੰਘ ਪਿਲਖਣੀ, ਗੁਰਸੰਟ ਸਿੰਘ ਵਾਲੀਆ, ਜਗਦੀਸ਼ ਸ਼ਰਮਾ, ਰਾਜ ਕੁਮਾਰ ਅਰੋੜਾ, ਰਾਧੇ ਸ਼ਿਆਮ ਤੇ ਸਰਬਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਮੁੱਕਰ ਗਈ ਹੈ, ਡੇਢ ਸਾਲ ਦੇ ਕਾਰਜ ਕਾਲ ਦੌਰਾਨ ਮੁੱਖ ਮੰਤਰੀ ਵੱਲੋਂ ਸਾਂਝੇ ਫਰੰਟ ਨਾਲ ਤਿੰਨ ਵਾਰ ਮੀਟਿੰਗ ਨੀਯਤ ਕਰਕੇ ਮੀਟਿੰਗ ਨਹੀਂ ਕੀਤੀ ਗਈ। ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾਂ ਨਾਲ ਹੋਈਆਂ ਤਿੰਨ ਮੀਟਿੰਗਾਂ ਦੇ ਕੋਈ ਠੋਸ ਸਿੱਟੇ ਸਾਹਮਣੇ ਨਹੀਂ ਆਏ, ਇੱਕ ਵੀ ਮੰਗ ਦਾ ਨਿਪਟਾਰਾ ਸਰਕਾਰ ਵੱਲੋਂ ਅਜੇ ਤੱਕ ਨਹੀਂ ਕੀਤਾ ਗਿਆ, ਉਲਟਾ ਭਗਵੰਤ ਮਾਨ ਸਰਕਾਰ ਪੁਰ-ਅਮਨ ਸੰਘਰਸ਼ਾਂ ਨੂੰ ਦਬਾਉਣ ਲਈ ਐਸਮਾ ਵਰਗੇ ਸਖਤ ਕਾਨੂੰਨ ਲਾਗੂ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਮੁਲਾਜ਼ਮ ਮਸਲੇ ਅਜੰਡੇ 'ਤੇ ਨਹੀਂ, ਵਿਧਾਨ ਸਭਾ ਚੋਣਾਂ ਦੌਰਾਨ ਮੁਲਾਜ਼ਮਾਂ ਤੇ ਲੋਕਾਂ ਨਾਲ ਕੀਤੇ ਵਾਅਦਿਆਂ ਦੇ ਉਲਟ ਲੋਕ ਵਿਰੋਧੀ ਤੇ ਸਰਮਾਏਦਾਰ ਪੱਖੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ। ਬੁਲਾਰਿਆਂ ਅਪਣੇ ਸੰਬੋਧਨ ਰਾਹੀਂ ਪੰਜਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਤੋਂ ਸਰਟੀਫਿਕੇਟਾਂ ਦੀ ਹਰਡ ਕਾਪੀ ਵਸੂਲ ਕਰਨ ਲਈ 200/- ਰੁਪੈ ਫੀਸ ਲਾਗੂ ਕਰਨ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਸਾਂਝੇ ਫਰੰਟ ਵੱਲੋਂ ਉਲੀਕੇ ਸੰਘਰਸ਼ ਦੀ ਅਗਲੀ ਕੜੀ ਵਜੋਂ 24 ਸਤੰਬਰ ਨੂੰ ਜਲੰਧਰ ਵਿਖੇ ਕੈਬਨਿਟ ਮੰਤਰੀ ਬਲਕਾਰ ਸਿੰਘ ਤੇ ਮਲੋਟ ਵਿਖੇ ਕੈਬਨਿਟ ਮੰਤਰੀ ਬਲਜੀਤ ਕੌਰ ਦੀ ਕੋਠੀ ਦਾ ਘਿਰਾਓ ਕਰਕੇ ਰੋਸ ਮੁਜ਼ਾਹਰੇ ਕੀਤੇ ਜਾਣਗੇ। 14 ਅਕਤੂਬਰ ਨੂੰ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਹਜ਼ਾਰਾਂ ਦੀ ਗਿਣਤੀ 'ਚ ਚੰਡੀਗੜ੍ਹ ਵਿਖੇ ਰਾਜ ਪੱਧਰੀ ਰੈਲੀ ਕੀਤੀ ਜਾਵੇਗੀ ਅਤੇ ਸਕੱਤਰੇਤ ਵੱਲ ਰੋਸ ਮਾਰਚ ਕੀਤਾ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਅਵੀਨਾਸ਼ ਚੰਦਰ ਸ਼ਰਮਾ, ਆਰ. ਐੱਲ. ਪਾਂਧੀ, ਮਹਿਮਾ ਸਿੰਘ ਢਿੱਲੋਂ, ਅਨਿਲ ਬਰਨਾਲਾ, ਹਰਚੰਦ ਸਿੰਘ ਪੰਜੋਲੀ, ਅਵਤਾਰ ਸਿੰਘ ਢੰਡੋਗਲ, ਗੁਰਪ੍ਰੀਤ ਮੰਗਵਾਲ, ਸੁਰਿੰਦਰ ਰਾਮ ਲਾਹੌਰੀਆ, ਗੁਲਜ਼ਾਰ ਖਾਨ, ਜਗਦੇਵ ਬਾਹੀਆ, ਪ੍ਰਵੀਨ ਕੁਮਾਰੀ ਤੇ ਪ੍ਰਵੀਨ ਬਾਲਾ ਨੇ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਦਾ ਨਿਪਟਾਰਾ ਗੱਲਬਾਤ ਰਾਹੀਂ ਕੀਤਾ ਜਾਵੇ। ਇਸ ਮੌਕੇ ਹਰਜੀਤ ਸਿੰਘ ਬਾਲੀਆਂ, ਸੁਰਿੰਦਰ ਰਾਮ ਕੁੱਸਾ, ਦਰਸ਼ਨ ਚੀਮਾ, ਗੁਰਦੀਪ ਸਿੰਘ ਵਾਲੀਆ, ਸੀਤਾ ਰਾਮ ਸ਼ਰਮਾ, ਜਸਵੰਤ ਸਿੰਘ, ਜਗਦੀਸ਼ ਰਾਣਾ, ਤਜਿੰਦਰ ਤਕੀ, ਬਿੱਕਰ ਸਿੰਘ ਮਾਖਾ, ਵਰਿੰਦਰਜੀਤ ਸਿੰਘ ਬਜਾਜ ਆਦਿ ਆਗੂ ਹਾਜ਼ਰ ਸਨ।

ਕਾਮਰੇਡ ਠਾਣਾ ਸਿੰਘ ਨੂੰ ਭਲਾਈਆਣਾ 'ਚ ਇਨਕਲਾਬੀ ਸ਼ਰਧਾਂਜਲੀਆਂ

■ ਪੰਜਾਬ ਭਰ 'ਚੋਂ ਪੁੱਜੇ ਇਨਕਲਾਬੀ ਕਾਰਕੁਨ

ਜਲੰਧਰ (ਨਵਾਂ ਜ਼ਮਾਨਾ ਸਰਵਿਸ)

ਕਮਿਊਨਿਸਟ ਇਨਕਲਾਬੀ ਲਹਿਰ 'ਚੋਂ ਵਿੱਛੜ ਗਏ ਕਾਮਰੇਡ ਠਾਣਾ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਅੱਜ ਪੰਜਾਬ ਭਰ 'ਚੋਂ ਇਨਕਲਾਬੀ ਕਾਰਕੁਨ ਪਿੰਡ ਭਲਾਈਆਣਾ ਪੁੱਜੇ। ਪਿੰਡ ਦੇ ਕਮਿਊਨਿਟੀ ਹਾਲ ਵਿੱਚ ਹੋਈ ਵਿਸ਼ਾਲ ਇਕੱਤਰਤਾ ਦੀ ਸ਼ੁਰੂਆਤ ਸਮੁੱਚੇ ਇਕੱਠ ਵੱਲੋਂ ਖੜੇ ਹੋ ਕੇ ਵਿੱਛੜੇ ਕਾਮਰੇਡ ਨੂੰ ਕੌਮਾਂਤਰੀ ਮਜ਼ਦੂਰ ਗੀਤ ਦੀ ਧੁਨ 'ਤੇ ਸ਼ਰਧਾਂਜਲੀ ਦੇਣ ਰਾਹੀਂ ਹੋਈ।

ਸਮਾਗਮ ਨੂੰ ਸੰਬੋਧਨ ਕਰਦਿਆਂ ਕਾਮਰੇਡ ਠਾਣਾ ਸਿੰਘ ਸ਼ਰਧਾਂਜਲੀ ਸਮਾਗਮ ਕਮੇਟੀ ਦੇ ਕਨਵੀਨਰ ਜਸਪਾਲ ਜੱਸੀ ਨੇ ਉਨ੍ਹਾ ਦੀ ਕਮਿਊਨਿਸਟ ਸਿਆਸਤ ਤੇ ਵਿਚਾਰਧਾਰਾ 'ਚ ਡੂੰਘੀ ਨਿਹਚਾ ਨੂੰ ਸਲਾਮ ਕੀਤੀ। ਉਨ੍ਹਾ ਠਾਣਾ ਸਿੰਘ ਦੇ ਇਨਕਲਾਬੀ ਅਮਲ ਦੇ ਨਿਭਾਅ 'ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਮਨੁੱਖਤਾ ਦੀ ਮੁਕਤੀ ਦੇ ਮਹਾਨ ਮਿਸ਼ਨ ਵਿੱਚ ਉਨ੍ਹਾਂ ਦਾ ਯਕੀਨ ਅੰਤਿਮ ਸਾਹਾਂ ਤੱਕ ਕਾਇਮ ਰਿਹਾ। ਇਹ ਜੀਵਨ ਅਮਲ ਇਨਕਲਾਬੀ ਸੰਗਰਾਮ ਵਿੱਚ ਜੁੱਟੇ ਲੋਕਾਂ ਲਈ ਸਦਾ ਪ੍ਰੇਰਣਾ ਬਣਿਆ ਰਹੇਗਾ। ਇਨਕਲਾਬੀ ਮੈਗਜ਼ੀਨ ਲਾਲ ਪਰਚਮ ਦੇ ਸੰਪਾਦਕ ਮੁਖਤਿਆਰ ਪੂਹਲਾ ਨੇ ਕਾਮਰੇਡ ਠਾਣਾ ਸਿੰਘ ਵੱਲੋਂ ਕਮਿਊਨਿਸਟ ਇਨਕਲਾਬੀ ਲਹਿਰ ਦੇ ਵੱਖ ਵੱਖ ਮੋੜਾਂ 'ਤੇ ਦਿੱਤੀ ਦਰੁਸਤ ਅਗਵਾਈ ਦੇ ਹਵਾਲਿਆਂ ਨਾਲ ਉਨ੍ਹਾਂ ਦੇ ਰੋਲ ਦੀ ਚਰਚਾ ਕੀਤੀ। ਕਮੇਟੀ ਮੈਂਬਰ ਪਾਵੇਲ ਕੁੱਸਾ ਦੀ ਮੰਚ ਸੰਚਾਲਨਾ 'ਚ ਹੋਏ ਇਸ ਸਮਾਗਮ ਦੌਰਾਨ ਉਨ੍ਹਾ ਦੇ ਨਿੱਜੀ ਮਿੱਤਰ ਡਾ. ਪਰਮਿੰਦਰ ਸਿੰਘ ਨੇ ਉਨ੍ਹਾ ਦੀ ਸਿਆਸੀ ਸਰਗਰਮੀ ਦੀ ਸ਼ੁਰੂਆਤ ਵੇਲੇ ਦੇ ਸਫਰ ਦੀ ਚਰਚਾ ਕਰਦਿਆਂ ਕਿਹਾ ਕਿ ਉਨ੍ਹਾ ਨੇ ਆਪਣੀ ਉੱਚ ਪੱਧਰੀ ਲਿਆਕਤ ਨੂੰ ਵਿਅਕਤੀਗਤ ਸੁੱਖ ਆਰਾਮ ਹਾਸਲ ਲਈ ਜਟਾਉਣ ਦੀ ਥਾਂ ਕਿਰਤ ਦੀ ਮੁਕਤੀ ਤੇ ਬਰਾਬਰੀ ਵਾਲੇ ਸਮਾਜ ਦੀ ਉਸਾਰੀ ਲਈ ਜਟਾਉਣ ਨੂੰ ਆਪਣਾ ਮਿਸ਼ਨ ਬਣਾਇਆ। ਡਾ. ਪਰਮਿੰਦਰ ਨੇ ਅਜਿਹੇ ਦੋਸਤ ਦੇ ਚਲੇ ਜਾਣ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਤੇ ਦੋਸਤੀ 'ਤੇ ਮਾਣ ਵੀ ਕੀਤਾ। ਇਨ੍ਹਾਂ ਤੋਂ ਇਲਾਵਾ ਅਦਾਰਾ ਪ੍ਰਤੀਬੱਧ ਵੱਲੋਂ ਲਖਵਿੰਦਰ ਨੇ ਵੀ ਲਹਿਰ 'ਚ ਉਨ੍ਹਾ ਦੀ ਦੇਣ ਨੂੰ ਉਚਿਆਇਆ। ਕਾਮਰੇਡ ਠਾਣਾ ਸਿੰਘ ਦੀ ਬੇਟੀ ਨਵਰਾਜ ਕੌਰ ਨੇ ਆਪਣੇ ਪਿਤਾ ਦੀ ਘਾਲਣਾ 'ਤੇ ਮਾਣ ਕਰਦਿਆਂ ਉਨ੍ਹਾਂ ਦੀ ਅੰਡਰਗਰਾਊਂਡ ਜ਼ਿੰਦਗੀ ਕਾਰਨ ਝੱਲੀਆਂ ਦੁਸ਼ਵਾਰੀਆਂ ਬਾਰੇ ਕੁਝ ਸ਼ਬਦ ਕਹੇ। ਕਮੇਟੀ ਦੇ ਮੈਂਬਰ ਤੇ ਪਿੰਡ ਵਾਸੀ ਗੁਰਭਗਤ ਸਿੰਘ ਭਲਾਈਆਣਾ ਨੇ ਆਏ ਲੋਕਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਠਾਣਾ ਸਿੰਘ ਦੀ ਇਨਕਲਾਬੀ ਕਰਨੀ ਨਾਲ ਪਿੰਡ ਦਾ ਮਾਣ ਵਧਿਆ ਹੈ। ਇਸ ਮੌਕੇ ਕਾ. ਠਾਣਾ ਸਿੰਘ ਦੀ ਜਥੇਬੰਦੀ ਸੀ ਪੀ ਆਰ ਸੀ ਆਈ ਐੱਮ ਐੱਲ, ਸੀ ਪੀ ਆਈ ਐੱਮ ਐੱਲ ਨਿਊ ਡੈਮੋਕਰੇਸੀ, ਅਦਾਰਾ ਲਾਲ ਪਰਚਮ ਸਮੇਤ ਕਈ ਜਥੇਬੰਦੀਆਂ ਤੇ ਸ਼ਖਸੀਅਤਾਂ ਵੱਲੋਂ ਆਏ ਸ਼ੋਕ ਸੁਨੇਹੇ ਮੰਚ ਤੋਂ ਪੜ੍ਹੇ ਗਏ। ਤਕਰੀਰਾਂ ਦੇ ਦਰਮਿਆਨ ਇਨਕਲਾਬੀ ਗੀਤਾਂ, ਕਵੀਸ਼ਰੀਆਂ ਦਾ ਸਿਲਸਿਲਾ ਵੀ ਚਲਦਾ ਰਿਹਾ। ਸਮਾਗਮ ਵਿੱਚ ਇਨਕਲਾਬੀ ਜਨਤਕ ਲਹਿਰ ਦੀਆਂ ਕਈ ਉੱਘੀਆਂ ਸ਼ਖਸੀਅਤਾਂ ਤੇ ਕਾਰਕੁਨ ਸ਼ਾਮਲ ਸਨ।

ਕਾਤਰਾਂ

ਬੇਅੰਤ ਸਿੰਘ ਸੰਧੂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਲੌਂਗੋਵਾਲ (ਪ੍ਰਦੀਪ ਸੱਪਲ/ਕੁਲਦੀਪ ਅੱਤਰੀ)- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਤੇ ਲੋਕ ਸਭਾ ਮੈਂਬਰ ਸਿਮਰਨਜੀਤ ਸਿੰਘ ਮਾਨ ਦੇ ਪੀ ਏ ਰਣਬੀਰ ਸਿੰਘ ਦੇ ਚਚੇਰੇ ਭਰਾ ਬੇਅੰਤ ਸਿੰਘ ਸੰਧੂ ਦੀ ਬੇਵਕਤੀ ਮੌਤ 'ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਅਮਰਜੀਤ ਸਿੰਘ ਗਿੱਲ, ਗੁਰਪ੍ਰੀਤ ਸਿੰਘ ਗੋਪੀ, ਹਰਦੀਪ ਸਿੰਘ ਲੋਹਾਖੇੜਾ, ਸਰਪੰਚ ਸਰਜਾ ਸਿੰਘ, ਅਨੂਪ ਸਿੰਘ, ਸਤਿਨਾਮ ਸਿੰਘ ਸੱਤਾ, ਫੌਜੀ ਆਤਮਾ ਸਿੰਘ, ਅੰਮ੍ਰਿਤਪਾਲ ਸਿੰਘ ਸਿੱਧੂ ਤੇ ਕਾਲਾ ਰਾਮ ਮਿੱਤਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਵ. ਬੇਅੰਤ ਸਿੰਘ ਸੰਧੂ ਦੀ ਯਾਦ ਨੂੰ ਸਮਰਪਤ ਅਰਦਾਸ ਸਮਾਗਮ 19 ਸਤੰਬਰ ਨੂੰ ਦੁਪਹਿਰ 1 ਵਜੇ ਗੁਰਦੁਆਰਾ ਪਾਤਸ਼ਾਹੀ ਛੇਵੀਂ, ਪਿੰਡ ਈਲਵਾਲ ਜ਼ਿਲ੍ਹਾ ਸੰਗਰੂਰ ਵਿਖੇ ਹੋਵੇਗੀ।

ਕਰਜ਼ੇ ਦੇ ਦੈਂਤ ਨੇ ਇੱਕ ਹੋਰ ਨੌਜਵਾਨ ਦੀ ਲਈ ਜਾਨ

ਮਾਨਸਾ (ਆਤਮਾ ਸਿੰਘ ਪਮਾਰ)- ਪੰਜਾਬ ਵਿੱਚ ਲਗਾਤਾਰ ਫ਼ਸਲੀ ਬਰਬਾਦੀ ਅਤੇ ਸਰਕਾਰ ਵੱਲੋਂ ਕੋਈ ਢਾਰਸ ਨਾ ਬਣਨ ਕਾਰਨ ਖੁਦਕੁਸ਼ੀਆਂ ਦਾ ਦੌਰ ਵਧਦਾ ਹੀ ਜਾ ਰਿਹਾ ਹੈ। ਬਲਾਕ ਮਾਨਸਾ ਦੇ ਪਿੰਡ ਬੁਰਜ ਢਿੱਲਵਾਂ ਵਿੱਚ ਉਸ ਵਕਤ ਸੋਗ ਦੀ ਲਹਿਰ ਫੈਲ ਗਈ, ਜਦੋਂ ਲਗਾਤਾਰ ਤੀਜੇ ਦਿਨ ਵੀ ਇੱਕ ਹੋਰ ਨੌਜਵਾਨ ਨੂੰ ਕਰਜੇ ਦੇ ਦੈਂਤ ਨੇ ਨਿਗਲ ਲਿਆ। ਮੌਕੇ 'ਤੇ ਪਹੁੰਚੇ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਧਨੇਰ ਦੇ ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ ਨੇ ਦੱਸਿਆ ਕਿ 24 ਸਾਲਾ ਨੌਜਵਾਨ ਮਿੱਠੂ ਸਿੰਘ ਪੁੱਤਰ ਸੁਖਦੇਵ ਸਿੰਘ, ਜੋ ਮਜ਼ਦੂਰ ਭਾਈਚਾਰੇ ਨਾਲ ਸਬੰਧਤ ਸੀ, ਪਰਵਾਰ ਬੇ-ਜ਼ਮੀਨਾ ਹੋਣ ਕਰਕੇ ਠੇਕੇ 'ਤੇ ਜ਼ਮੀਨ ਲੈ ਕੇ ਖੇਤੀ ਕਰਨ ਦੇ ਨਾਲ-ਨਾਲ ਪ੍ਰਾਈਵੇਟ ਨੌਕਰੀ ਵੀ ਕਰਦਾ ਸੀ। ਨੌਜਵਾਨ ਨੇ ਘਰ ਦੀ ਆਰਥਿਕ ਤੰਗੀ ਕਾਰਨ ਅਜੇ ਵਿਆਹ ਵੀ ਨਹੀਂ ਕਰਾਇਆ ਸੀ, ਪਰ ਇੱਕ ਵਾਰ ਫਿਰ ਤੋਂ ਫਸਲੀ ਬਰਬਾਦੀ ਹੋਣ ਕਾਰਨ ਆਰਥਿਕ ਅਤੇ ਮਾਨਸਿਕ ਤੌਰ 'ਤੇ ਟੁੱਟ ਜਾਣ ਕਾਰਨ ਪਰਵਾਰ ਦੇ ਸਿਰ ਕਰੀਬ 4 ਲੱਖ ਦਾ ਕਰਜ਼ਾ ਛੱਡ ਕੇ ਅਧੀਰ ਨੌਜਵਾਨ ਵੱਲੋਂ ਸਲਫ਼ਾਸ ਦੀਆਂ ਗੋਲੀਆਂ ਨਿਗਲ ਕੇ ਆਪਣੀ ਜੀਵਨ ਲੀਲਾ ਸਮਾਪਤ ਲਈ।

ਐੱਨ ਸੀ ਸੀ ਅਕੈਡਮੀ ਵਿਖੇ 10 ਰੋਜ਼ਾ ਕੈਂਪ ਭਲਕ ਤੋਂ

ਮਲੋਟ (ਗੁਰਮੀਤ ਸਿੰਘ ਮੱਕੜ)-ਸਥਾਨਕ ਐੱਨ.ਸੀ.ਸੀ. ਅਕੈਡਮੀ ਵਿਖੇ 6 ਬਟਾਲੀਅਨ ਗਰਲਜ਼ ਵਾਹਿਨੀ ਐੱਨ.ਸੀ.ਸੀ. ਵੱਲੋਂ ਕੈਂਪ ਕਮਾਂਡੈਂਟ ਕਰਨਲ ਰਣਬੀਰ ਸਿੰਘ ਦੀ ਅਗਵਾਈ ਵਿੱਚ 19 ਸਤੰਬਰ ਤੋਂ 25 ਸਤੰਬਰ ਤੱਕ 10 ਰੋਜ਼ਾ ਕੈਂਪ ਲਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਰਨਲ ਰਣਬੀਰ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਬਠਿੰਡਾ, ਅਬੋਹਰ, ਮੁਕਤਸਰ ਜ਼ਿਲ੍ਹੇ ਦੇ 306 ਕੈਡਿਟਾਂ ਵੱਲੋਂ ਹਿੱਸਾ ਲਿਆ ਜਾ ਰਿਹਾ ਹੈ। ਇਸ ਕੈਂਪ ਦੌਰਾਨ ਕੈਡਿਟਾਂ ਨੂੰ ਮੈਪ ਪੜ੍ਹਨਾ, ਹਥਿਆਰ ਚਲਾਉਣਾ, ਡ੍ਰਿਲ ਆਦਿ ਦੀ ਸਿਖਲਾਈ ਦਿੱਤੀ ਜਾਵੇਗੀ ਤੇ ਕੈਡਿਟ ਸੱਭਿਆਚਾਰਕ ਪ੍ਰੋਗਰਾਮ, ਵੱਖ-ਵੱਖ ਖੇਡਾਂ ਤੇ ਸਮਾਜਕ ਕੰਮਾਂ ਵਿੱਚ ਵੀ ਹਿੱਸਾ ਲੈਣਗੇ। ਇਸ ਕੈਂਪ ਦਾ ਮੁੱਖ ਉਦੇਸ਼ ਕੈਡਿਟਾਂ ਨੂੰ ਇੱਕ ਚੰਗਾ ਨਾਗਰਿਕ ਬਣਾਉਣਾ ਤੇ ਉਨ੍ਹਾਂ ਵਿੱਚ ਅਗਵਾਈ ਦੀ ਭਾਵਨਾ ਦਾ ਸੰਚਾਰ ਕਰਨਾ ਹੈ।

ਧੂਮਧਾਮ ਨਾਲ ਮਨਾਇਆ ਵਿਸ਼ਵਕਰਮਾ ਪੂਜਾ ਦਿਵਸ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸ਼ਿਸ਼ਟੀ ਦੇ ਨਿਰਮਾਤਾ ਮੰਨੇ ਜਾਂਦੇ ਬਾਬਾ ਵਿਸ਼ਵਕਰਮਾ ਜੀ ਦਾ ਪੂਜਾ ਦਿਵਸ ਭਗਵਾਨ ਸ੍ਰੀ ਵਿਸਵਕਰਮਾ ਮੰਦਰ ਸਭਾ (ਰਜਿ:) ਵੱਲੋਂ ਸਵਿਸਵਕਰਮਾ ਮੰਦਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਕਰਾਏ ਧਾਰਮਿਕ ਸਮਾਗਮ ਦੌਰਾਨ ਇਲਾਕੇ ਦੇ ਰਾਮਗੜ੍ਹੀਆ ਭਾਈਚਾਰੇ ਦੇ ਨਾਲ ਨਾਲ ਹੋਰਨਾਂ ਕਾਰੀਗਰਾਂ ਨੇ ਬਾਬਾ ਵਿਸ਼ਵਕਰਮਾ ਦੀ ਪੂਜਾ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਪੀ ਏ ਗੁਰਦੇਵ ਸਿੰਘ ਟਿਵਾਣਾ, ਗੋਪਾਲ ਕ੍ਰਿਸ਼ਨ ਗਰਗ, ਮਹਿਲਾ ਵਿੰਗ ਪ੍ਰਧਾਨ ਸੁਨੈਨਾ ਮਿੱਤਲ, ਰਵਿੰਦਰ ਸੋਹਲ, ਕੁਲਦੀਪ ਸਿੰਘ ਵਿਰਕ, ਬਲਵਿੰਦਰ ਵੜੈਚ, ਸੰਜੇ ਸਿੰਗਲਾ, ਦੀਪਕ ਵਧਵਾ, ਹਰਮੇਸ ਕੁਲਾਰਾਂ, ਲਖਵਿੰਦਰ ਸਿੰਘ ਜਵੰਦਾ ਤੇ ਅੰਮ੍ਰਿਤ ਤਲਵੰਡੀ ਆਦਿ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਬਾਬਾ ਵਿਸ਼ਵਕਰਮਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਕਰਨ ਉਪਰੰਤ ਸੰਗਤਾਂ ਨੂੰ ਇਸ ਦਿਵਸ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਮੰਚ ਸੰਚਾਲਨ ਦੀ ਸੇਵਾ ਨਿਭਾਅ ਰਹੇ ਸਾਬਕਾ ਕੌਂਸਲਰ ਸੁਖਵਿੰਦਰ ਸਿੰਘ ਦਾਨੀਪੁਰ ਨੇ ਬਾਬਾ ਵਿਸ਼ਵਕਰਮਾ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ। ਇਸ ਸਮਾਗਮ ਦੌਰਾਨ ਭਜਨ ਗਾਇਕਾ ਰਜਨੀ ਧੀਮਾਨ ਅਤੇ ਗਾਇਕ ਨਰੇਸ ਸੂਫੀ ਨੇ ਭਜਨਾਂ ਰਾਹੀਂ ਬਾਬਾ ਵਿਸ਼ਵਕਰਮਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ।

ਵਿਦਿਆਰਥੀਆਂ ਖਿਲਾਫ ਕੇਸ ਦਰਜ ਕਰਨ 'ਤੇ ਅਮਲੋਹ-ਮੰਡੀ ਗੋਬਿੰਦਗੜ੍ਹ ਸੜਕ 'ਤੇ ਧਰਨਾ

- ■ ਪੁਲਸ ਨੇ ਪਰਚਾ ਰੱਦ ਕਰਨ ਦਾ ਭਰੋਸਾ ਦੇ ਕੇ ਧਰਨਾ ਚੁਕਵਾਇਆ
- ■ ਵਿਦਿਆਰਥੀਆਂ ਦੀ ਸ਼ਿਕਾਇਤ 'ਤੇ ਚਾਂਸਲਰ, ਵਾਇਸ ਚਾਂਸਲਰ ਤੇ ਹੋਰ ਸਟਾਫ ਖਿਲਾਫ ਕੇਸ ਦਰਜ

ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)- ਦੇਸ਼ ਭਗਤ ਯੂਨੀਵਰਸਿਟੀ ਦੇ ਵਿਦਿਆਰਥੀਆ

page-6-18-(SEP)-2023-G-(BV).qxd 9/17/2023 10:12 PM Page 1

ਪੰਜਾਬ ਦੇ ਨੌਜਵਾਨਾਂ ਨੂੰ ਭਰਤੀ ਕਰਨ ਦੀ ਮੰਗ

ਬਾਘਾ ਪੁਰਾਣਾ, (ਮਨੀ ਸਿੰਗਲਾ)- ਇੱਥੋਂ ਨੇੜਲੇ ਪਿੰਡ ਰਾਜਿਆਣਾ ਵਿਖੇ ਅੰਬੇਦਕਰ ਮਿਸ਼ਨ ਭਾਰਤ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬੇਦਾਰ ਬਲਦੇਵ ਸਿੰਘ ਨੇ ਭਗਵੰਤ ਮਾਨ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਆਖਿਆ ਕਿ ਪੰਜਾਬ ਦੇ ਨੌਜਵਾਨਾਂ ਦਾ ਹੱਕ ਮਾਰ ਕੇ ਆਮ ਆਦਮੀ ਪਾਰਟੀ ਦੀ ਕੇਂਦਰੀ ਕਮੇਟੀ ਦੇ ਇਸ਼ਾਰੇ 'ਤੇ ਨਵੀਆਂ ਭਰਤੀਆਂ ਰਾਹੀਂ ਪੰਜਾਬ ਦੇ ਨੌਜਵਾਨਾਂ ਨੂੰ ਭਰਪੂਰ ਮੌਕਾ ਨਹੀਂ ਦਿੱਤਾ ਗਿਆ ਅਤੇ ਜਾਣਬੁੱਝ ਕੇ ਬਣਦੀ ਅਨੁਪਾਤ ਤੋਂ ਜ਼ਿਆਦਾ ਦੂਜੇ ਸੂਬਿਆਂ ਦੇ ਨੌਜਵਾਨਾਂ ਨੂੰ ਭਰਤੀ ਕੀਤਾ ਗਿਆ ਹੈ, ਜਿਨ੍ਹਾਂ 'ਚ ਹਰਿਆਣਾ ਅਤੇ ਰਾਜਸਥਾਨ ਦੇ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਦਾ ਹੱਕ ਮਾਰਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਬੋਰਡਾਂ ਕਾਰਪੋਰੇਸ਼ਨਾਂ ਜਿਵੇਂ ਪੰਜਾਬ ਮੰਡੀ ਬੋਰਡ, ਮਾਰਕਫੈਡ, ਪੀ.ਆਰ.ਟੀ.ਸੀ ਅਤੇ ਪਨਬੱਸ ਦੀਆਂ ਲਗਭਗ 10,000 ਅਸਾਮੀਆਂ ਵੀ ਆਉਂਦੇ ਦਿਨਾਂ ਵਿਚ ਭਰਤੀ ਕੀਤੀ ਜਾਣੀ ਹੈ, ਜਿਸ ਨਾਲ ਸ਼ੱਕ ਜ਼ਾਹਰ ਹੋ ਰਿਹਾ ਹੈ ਕਿ ਆਮ ਆਦਮੀ ਪਾਰਟੀ ਪੰਜਾਬ ਤੋਂ ਬਾਹਰਲੇ ਸੂਬਿਆਂ ਦੇ ਨੌਜਵਾਨਾਂ 'ਤੇ ਮੇਹਰਬਾਨੀ ਦਿਖਾ ਰਹੀ ਹੈ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਸੂਬੇਦਾਰ ਬਲਦੇਵ ਸਿੰਘ ਨੇ ਅੱਗੇ ਕਿਹਾ ਕਿ ਹਾਈਕੋਰਟ ਦੇ ਹੁਕਮਾਂ ਅਨੁਸਾਰ ਬਹਾਲ ਹੋਈਆਂ ਪੰਚਾਇਤਾਂ ਦੇ ਸਰਪੰਚਾਂ ਨੂੰ ਕੰਮ ਦੇ ਅਖ਼ਤਿਆਰ ਪੰਜਾਬ ਸਰਕਾਰ ਵੱਲੋਂ ਨਹੀਂ ਦਿੱਤੇ ਜਾ ਰਹੇ, ਜਿਸ ਨਾਲ ਮਨਰੇਗਾ ਅਤੇ ਹੋਰ ਪੰਚਾਇਤੀ ਕੰਮ ਅਧੂਰੇ ਪਏ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਸਰਪੰਚਾਂ ਨੂੰ ਕੰਮ ਕਰਨ ਦੇ ਅਖ਼ਤਿਆਰ ਬਹਾਲ ਕੀਤੇ ਜਾਣ ਅਤੇ ਮਨਰੇਗਾ ਕਾਮਿਆਂ ਦੇ ਨਵੇਂ ਕਾਰਡ ਬਣਾਉਣੇ ਚਾਲੂ ਕੀਤੇ ਜਾਣ। ਅੱਜ ਦੀ ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਦਰਸ਼ਨ ਸਿੰਘ ਚੰਦੜ ਸਰਪ੍ਰਸਤ, ਕਰਨਲ ਬਾਬੂ ਸਿੰਘ, ਸੋਹਣ ਸਿੰਘ ਸੰਤੂਵਾਲਾ, ਜਸਵਿੰਦਰ ਸਿੰਘ, ਕੁਲਦੀਪ ਸਿੰਘ ਵਾਂਦਰ, ਡਾ. ਬਲਦੇਵ ਸਿੰਘ ਸੇਖਾ, ਕਰਮ ਸਿੰਘ ਠੱਠੀ ਭਾਈ, ਜਗਵਿੰਦਰ ਕੌਰ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਪ੍ਰਗਟ ਸਿੰਘ, ਪਰਮਜੀਤ ਸਿੰਘ, ਕਾਲਾ ਸਿੰਘ, ਬਲਵਿੰਦਰ ਸਿੰਘ, ਪਰਮਜੀਤ ਕੌਰ, ਜੀਵਨ ਕੌਰ, ਜਸਵਿੰਦਰ ਕੌਰ ਅਤੇ ਹਰਪ੍ਰੀਤ ਕੌਰ ਆਦਿ ਹਾਜ਼ਰ ਸਨ।

ਆਯੂਸ਼ਮਾਨ ਭਵ ਮੁਹਿੰਮ ਸੰਬੰਧੀ ਸਿਹਤ ਕਾਮਿਆਂ ਨੂੰ ਟ੍ਰੇਨਿੰਗ

ਆਯੂਸ਼ਮਾਨ ਭਵ ਮੁਹਿੰਮ ਸੰਬੰਧੀ ਟ੍ਰੇਨਿੰਗ ਦਿੰਦੇ ਹੋਏ ਡਾ. ਸੁਰਿੰਦਰ ਸਿੰਘ ਸੀਨੀਅਰ ਮੈਡੀਕਲ ਅਫਸਰ ਅਤੇ ਮੌਜੂਦ ਸਿਹਤ ਕਰਮਚਾਰੀ।

ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)- ਸਿਹਤ ਸਕੀਮਾਂ ਦਾ ਲਾਭ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਦੇ ਮੰਤਵ ਨਾਲ ਬੀਤੇ ਦਿਨੀਂ ਆਯੂਸ਼ਮਾਨ ਭਵ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ, ਜਿਸ ਤਹਿਤ 17 ਸਤੰਬਰ ਤੋਂ 2 ਅਕਤੂਬਰ ਤੱਕ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਜਿਸ ਸੰਬੰਧੀ ਅੱਜ ਸੀ.ਐਚ.ਸੀ. ਚਨਾਰਥਲ ਕਲਾਂ ਵਿਖੇ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੇ ਹੁਕਮਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਦੀ ਅਗਵਾਈ 'ਚ ਸਿਹਤ ਕਾਮਿਆਂ ਦੀ ਟ੍ਰੇਨਿੰਗ ਕਰਵਾਈ ਗਈ। ਇਸ ਮੌਕੇ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਆਯੂਸ਼ਮਾਨ ਸਕੀਮ ਤਹਿਤ ਹਰ ਯੋਗ ਲਾਭਪਾਤਰੀ ਨੂੰ ਕਵਰ ਕਰਨ ਲਈ ਨਵੇਂ ਕਾਰਡ ਬਣਾਉਣ ਸੰਬੰਧੀ ਕੈਂਪ ਲਗਾਏ ਜਾਣਗੇ। ਇਸ ਤੋਂ ਇਲਾਵਾ ਸਿਹਤ ਸੰਸਥਾਵਾਂ ਵਿਖ ਖੂਨਦਾਨ ਕੈਂਪ ਵੀ ਲਗਾਏ ਜਾਣਗੇ ਅਤੇ ਨਾਲ ਹੀ ਅੰਗਦਾਨ ਨੂੰ ਉਤਸ਼ਾਹਤ ਕਰਨ ਸੰਬੰਧੀ ਸਹੁੰ ਚੁੱਕ ਸਮਾਗਮ ਵੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸਾਫ ਸਫਾਈ ਦੇ ਮਹੱਤਵ ਨੂੰ ਹੁਲਾਰਾ ਦੇਣ ਲਈ ਸਵੱਛਤਾ ਅਭਿਆਨ ਵੀ ਸਿਹਤ ਸੰਸਥਾਵਾਂ ਵਿਖੇ ਚਲਾਏ ਜਾਣਗੇ।

ਸੀ.ਐਚ.ਸੀ. ਪੱਧਰ 'ਤੇ 6 ਅਕਤੂਬਰ ਨੂੰ ਮੈਡੀਕਲ ਕਾਲਜ ਪਟਿਆਲਾ ਦੀ ਸਹਾਇਤਾ ਦੇ ਨਾਲ ਹੈਲਥ ਮੇਲੇ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿਚ ਉੱਚ ਜੋਖਮ ਵਾਲੇ ਮਰੀਜ਼ਾਂ ਦਾ ਵਿਸ਼ੇਸ਼ ਚੈਕਅੱਪ ਕੀਤਾ ਜਾਵੇਗਾ। ਬਲਾਕ ਐਕਸਟੈਂਸ਼ਨ ਐਜੂਕੇਟਰ ਮਹਾਵੀਰ ਸਿੰਘ ਨੇ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਨਾਨ-ਕਮਿਊਨੀਕੇਬਲ ਡਿਸੀਜ਼ ਸੰਬੰਧੀ ਅਤੇ ਜੱਚਾ ਬੱਚਾ ਸਿਹਤ ਸੰਭਾਲ ਬਾਰੇ ਜਾਗਰੂਕਤਾ ਪ੍ਰੋਗਰਾਮ ਹੋਣਗੇ। ਇਸ ਮੌਕੇ ਸੀ.ਐਚ.ਸੀ. ਚਨਾਰਥਲ ਕਲਾਂ ਦੇ ਸਮੂਹ ਸਿਹਤ ਕਰਮਚਾਰੀ ਹਾਜ਼ਰ ਸਨ।

ਪਿੰਡ ਰੋਡੇ ਨੂੰ ਮਿਲਿਆ ਵੱਡਾ ਮਾਣ, ਪਿੰਡ ਦੇ ਰਾਗੀ ਸਿੰਘ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਕੀਤਾ ਕੀਰਤਨ

ਬਾਘਾ ਪੁਰਾਣਾ, (ਮਨੀ ਸਿੰਗਲਾ)-ਇੱਥੋਂ ਨੇੜਲੇ ਪੈਂਦੇ ਇਤਿਹਾਸਕ ਪਿੰਡ ਰੋਡੇ ਦਾ ਪੰਜਾਬ 'ਚ ਵੱਡਾ ਨਾਂਅ ਹੈ। ਇਸ ਪਿੰਡ 'ਚ ਉਸ ਸਮੇਂ ਖੁਸ਼ੀ ਦੀ ਲਹਿਰ ਦੌੜ ਗਈ ਜਦੋਂ ਇਸ ਪਿੰਡ ਦੇ ਰਾਗੀ ਸਿੰਘ ਗੁਰਪ੍ਰੇਮ ਸਿੰਘ ਲੱਖਾ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਕੀਰਤਨ ਕੀਤਾ ਗਿਆ। ਇਸ ਮੌਕੇ ਪਿੰਡ ਰੋਡੇ ਦੇ ਸਰਪੰਚ ਹਰਪ੍ਰੀਤ ਸਿੰਘ ਹੈਪੀ, ਸਰਪੰਚ ਹਰਮਨਦੀਪ ਸਿੰਘ ਬੱਬੂ, ਪ੍ਰਗਟ ਮੈਂਬਰ ਰੋਡੇ ਬੱਬੂ ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਰੋਡੇ ਦਾ ਸਿੱਖ ਇਤਿਹਾਸ 'ਚ ਵੱਡਾ ਨਾਂਅ ਹੈ ਅਤੇ ਹੁਣ ਪਿੰਡ ਦੇ ਰਾਗੀ ਸਿੰਘ ਗੁਰਪ੍ਰੇਮ ਸਿੰਘ ਲੱਖਾ ਨੂੰ ਸ੍ਰੀ ਦਰਬਾਰ ਸਾਹਿਬ 'ਚ ਕੀਰਤਨ ਕਰਨ ਦਾ ਮੌਕਾ ਮਿਲਿਆ ਤਾਂ ਪਿੰਡ ਦਾ ਹਰ ਇਕ ਬਸ਼ਿੰਦਾ ਮਾਣ ਮਹਿਸੂਸ ਕਰ ਰਿਹਾ ਹੈ। ਗੁਰਪ੍ਰੇਮ ਸਿੰਘ ਲੱਖਾ ਵੱਲੋਂ ਕੀਤੇ ਗਏ ਸ੍ਰੀ ਦਰਬਾਰ ਸਾਹਿਬ ਵਿਚ ਕੀਰਤਨ ਕਰਨ ਲਈ ਪਿੰਡ ਰੋਡੇ ਦੀਆਂ ਦੋਨੋਂ ਪੰਚਾਇਤਾਂ ਵੱਲੋਂ ਗੁਰਪ੍ਰੇਮ ਸਿੰਘ ਲੱਖਾ ਨੂੰ ਗੁਰੂਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।

ਗੁਰਪ੍ਰੇਮ ਸਿੰਘ ਲੱਖਾ ਨੇ ਦੋਨੋਂ ਪੰਚਾਇਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਬਖਸ਼ੇ ਗਏ ਮਾਣ ਸਨਮਾਨ ਲਈ ਉਹ ਉਨ੍ਹਾਂ ਦਾ ਧੰਨਵਾਦ ਕਰਦੇ ਹਨ ਅਤੇ ਕਿਹਾ ਕਿ ਉਹ ਪਹਿਲਾਂ ਦੀ ਤਰ੍ਹਾਂ ਹੀ ਸੰਗਤ ਨੂੰ ਗੁਰੂ ਘਰ ਨਾਲ ਜੋੜਨ ਲਈ ਯਤਨ ਕਰਦੇ ਰਹਿਣਗੇ। ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਦੇ ਪੰਚ, ਸਰਪੰਚ, ਮੋਹਤਬਰ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

ਇੰਜੀਨੀਅਰ ਦਿਵਸ ਨੂੰ ਸਮਰਪਤ ਪ੍ਰੋਗਰਾਮ ਕਰਵਾਇਆ

ਮਹਾਨ ਇੰਜੀਨੀਅਰ ਸਰ ਮੋਕਸ਼ਗੁੰਡਮ ਵਿਸਵੇਸਵਰਈਆ ਦੀ ਫੋਟੋ ਉੱਪਰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ।

ਮੋਗਾ (ਅਮਰਜੀਤ ਬੱਬਰੀ)-ਸਮੂਹ ਮਹੱਤਵਪੂਰਨ ਵਿਕਾਸ ਕਾਰਜਾਂ 'ਚ ਇੰਜੀਨੀਅਰਾਂ ਦਾ ਬਹੁਤ ਵੱਡਾ ਯੋਗਦਾਨ ਰਹਿੰਦਾ ਹੈ। ਇੰਜੀਨੀਅਰਾਂ ਤੋਂ ਬਿਨਾਂ ਇਸ ਦੁਨੀਆ ਵਿੱਚ ਕਿਸੇ ਵੀ ਤਕਨੀਕ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਸਾਡੇ ਆਲੇ ਦੁਆਲੇ ਕੰਮ ਕਰ ਰਹੀ ਹਰ ਤਰ੍ਹਾਂ ਦੀ ਮਸ਼ੀਨਰੀ ਇੰਜੀਨੀਅਰਾਂ ਦੀ ਹੀ ਦੇਣ ਹੈ। ਸੂਈ ਤੋਂ ਲੈ ਕੇ ਜਹਾਜ਼ ਬਣਾਉਣ ਤੱਕ ਇੰਜੀਨੀਅਰਾਂ ਦਾ ਯੋਗਦਾਨ ਰਿਹਾ ਹੈ। ਸਮੂਹ ਇੰਜੀਨੀਅਰਾਂ ਨੂੰ ਭਾਰਤ ਰਤਨ ਸਰ ਮੋਕਸ਼ਗੁੰਡਮ ਵਿਸਵੇਸਵਰਈਆ ਦੇ ਜੀਵਨ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ, ਕਿਉਂਕਿ ਉਨ੍ਹਾਂ ਨੇ ਆਪਣਾ ਹੁਸ਼ਿਆਰ ਤੇ ਤੇਜ਼ ਬੁੱਧੀ ਵਾਲਾ ਜੀਵਨ ਦੇਸ਼ ਦੇ ਚੰਗੇਰੇ ਭਵਿੱਖ ਲਈ ਨਿਛਾਵਰ ਕਰ ਦਿੱਤਾ। ਉਨ੍ਹਾਂ ਦਾ ਵਿਲੱਖਣ ਪੇਸ਼ਾਵਰ ਵਤੀਰਾ, ਡਿਊਟੀ ਪ੍ਰਤੀ ਸੰਪੂਰਨ ਜ਼ਿੰਮੇਵਾਰੀ, ਕੰਮ ਵਿੱਚ ਸੰਪੂਰਨਤਾ ਕਰਕੇ ਉਨ੍ਹਾਂ ਨੂੰ ਇੰਜੀਨੀਅਰਿੰਗ ਦੇ ਜਾਦੂਗਰ ਦਾ ਰੁਤਬਾ ਵੀ ਹਾਸਲ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਮੀਟਿੰਗ ਹਾਲ ਵਿੱਚ ਇੰਜੀਨੀਅਰਜ਼ ਦਿਵਸ ਨੂੰ ਸਮਰਪਤ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾ ਨਾਲ ਕਮਿਸ਼ਨਰ ਨਗਰ ਨਿਗਮ ਮਿਸ ਪੂਨਮ, ਐੱਸ.ਡੀ.ਐੱਮ. ਚਾਰੂ ਮਿਤਾ ਤੋਂ ਇਲਾਵਾ ਜ਼ਿਲ੍ਹਾ ਮੋਗਾ ਦੇ ਵੱਖ ਵੱਖ ਵਿਭਾਗਾਂ ਵਿੱਚ ਨਿਯੁਕਤ ਇੰਜੀਨੀਅਰ ਹਾਜ਼ਰ ਸਨ। ਉਨ੍ਹਾਂ ਇਸ ਪ੍ਰੋਗਰਾਮ ਵਿੱਚ ਮਹਾਨ ਇੰਜੀਨੀਅਰ ਸਰ ਮੋਕਸ਼ਗੁੰਡਮ ਵਿਸਵੇਸਵਰਈਆ ਦੀ ਫੋਟੋ ਉੱਪਰ ਸ਼ਰਧਾ ਦੇ ਫੁੱਲ ਭੇਟ ਕੀਤੇ। ਡਿਪਟੀ ਕਮਿਸ਼ਨਰ ਨੇ ਇਸ ਪ੍ਰੋਗਰਾਮ ਵਿੱਚ ਮੌਜੂਦ ਇੰਜੀਨੀਅਰਾਂ ਨੂੰ ਇੰਜੀਨੀਅਰ ਦਿਵਸ ਦੀ ਵਧਾਈ ਦਿੰਦਿਆਂ ਹੁਨਰਮੰਦ ਤੇ ਪ੍ਰਤਿਭਾਸ਼ਾਲੀ ਇੰਜੀਨੀਅਰ ਬਣ ਕੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਆ।

ਬੀ ਕੇ ਯੂ ਏਕਤਾ ਉਗਰਾਹਾਂ ਨੇ ਚਿੱਪ ਵਾਲੇ ਮੀਟਰ ਲਾਹ ਕੇ ਬਿਜਲੀ ਦਫ਼ਤਰ ਜਮ੍ਹਾਂ ਕਰਵਾਏ

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂ ਜਾਣਕਾਰੀ ਦਿੰਦੇ ਹੋਏ।

ਫਿਰੋਜ਼ਪੁਰ (ਅਸ਼ੋਕ ਸ਼ਰਮਾ): ਤਲਵੰਡੀ ਭਾਈ ਦੇ ਨਜ਼ਦੀਕ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਫਿਰੋਜ਼ਪੁਰ ਦੇ ਬਲਾਕ ਘੱਲ ਖੁਰਦ ਦੇ ਪਿੰਡ ਫਿਰੋਜ਼ਸ਼ਾਹ ਵਿੱਚ ਚਿੱਪ ਵਾਲੇ ਮੀਟਰ ਧੜਾਧੜ ਲਗਾਏ ਜਾ ਰਹੇ ਹਨ।

ਇਨ੍ਹਾਂ ਦਾ ਵਿਰੋਧ ਕਰਦੇ ਹੋਏ ਪਿੰਡ ਵਿੱਚੋਂ ਚਿੱਪ ਵਾਲੇ ਮੀਟਰ ਲਾਹ ਕੇ ਜਦ ਬਿਜਲੀ ਦਫਤਰ ਫਿਰੋਜ਼ਸ਼ਾਹ 132 ਕੇਵੀ ਦੇ ਸਬੰਧਤ ਐੱਸਡੀਓ ਦੇ ਦਫ਼ਤਰ ਗਏ ਤਾਂ ਐੱਸਡੀਓ ਸੁਨੀਲ ਅਰੋੜਾ ਬਾਹਰ ਐੱਲ ਐੱਸ ਰੀਡਿੰਗ 'ਤੇ ਗਏ ਹੋਣ ਤੇ ਜਦ ਉਨ੍ਹਾਂ ਨਾਲ ਫੋਨ ਕਾਲ ਰਾਬਤਾ ਕਾਇਮ ਕੀਤਾ ਗਿਆ ਤਾਂ ਉਨ੍ਹਾਂ ਆਖਿਆ ਕਿ ਇਹ ਮੀਟਰ ਸਬੰਧਤ ਜੇਈ ਕਰਮਜੀਤ ਕੌਰ ਕੋਲ ਜਮ੍ਹਾਂ ਕਰਵਾ ਦਿਉ, ਕਾਫੀ ਸਮਾਂ ਉਡੀਕਣ ਬਾਅਦ ਜਦ ਜੇਈ ਕਰਮਜੀਤ ਕੌਰ ਆਏ ਤਾਂ ਉਨ੍ਹਾਂ ਮੀਟਰ ਜਮਾਂ ਕਰਵਾਉਣ ਵੇਲੇ ਕੀਤੀ ਜਾਣ ਵਾਲੀ ਗਰੁੱਪ ਫੋਟੋ ਕਰਵਾਉਣ ਤੋਂ ਮਨਾ ਕੀਤਾ। ਜਦਕਿ ਬਾਕੀ ਹਾਜ਼ਰ ਮੁਲਾਜ਼ਮਾਂ ਵਲੋਂ ਫੋਟੋ ਕਰਵਾਉਣ ਲਈ ਵੀ ਆਖਿਆ ਗਿਆ, ਪਰ ਜੇਈ ਕਰਮਜੀਤ ਕੌਰ ਵੱਲੋਂ ਵਾਰ ਵਾਰ ਮਨਾ ਕੀਤਾ ਗਿਆ।

ਇਸ ਮੌਕੇ ਮਹਿੰਦਰ ਸਿੰਘ ਗਿੱਲ ਬਲਾਕ ਪ੍ਰਧਾਨ, ਖਜ਼ਾਨਚੀ ਗੁਰਦਿਆਲ ਸਿੰਘ, ਰਾਜਬੀਰ ਸਿੰਘ, ਨਿਰਮਲ ਸਿੰਘ ਲਖਵੀਰ ਸਿੰਘ, ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

ਗਰੀਬਾਂ ਦੇ ਮਸੀਹਾ ਪ੍ਰਧਾਨ ਮੰਤਰੀ ਹੀ ਹਨ : ਮਨੋਹਰ ਲਾਲ

ਚੰਡੀਗੜ੍ਹ (ਕ੍ਰਿਸ਼ਨ ਗਰਗ) - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਅੱਜ ਦੇ ਯੁੱਗ ਵਿਚ ਜੇਕਰ ਕੋਈ ਗਰੀਬਾਂ ਦਾ ਮਸੀਹਾ ਹੈ ਤਾਂ ਉਹ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹਨ। ਉਨ੍ਹਾਂ ਨੇ ਗਰੀਬਾਂ ਦੀ ਭਲਾਈ ਲਈ ਬਹੁਤ ਸਾਰੇ ਯੋਜਨਾਵਾਂ ਚਲਾਈਆਂ ਹਨ, ਚਾਹੇ ਸਿਹਤ, ਮਕਾਨ, ਸਿੱਖਿਆ, ਰੁਜਗਾਰ ਆਦਿ ਯੋਜਨਾਵਾਂ ਹੋਣ, ਇੰਨ੍ਹਾਂ ਸੱਭ ਯਤਨਾਂ ਦੇ ਫਲਸਰੂਪ ਗਰੀਬਾਂ ਤੇ ਜਰੂਰਤਮੰਦਾਂ ਨੂੰ ਬਹੁਤ ਲਾਭ ਹੋਇਆ ਹੈ। ਭੂਤਕਾਲ ਵਿਚ ਸਿਰਫ ਗਰੀਬੀ ਹਟਾਓ ਦਾ ਨਾਰਾ ਦਿੱਤਾ ਜਾਂਦਾ ਸੀ, ਪਰ ਇੰਨ੍ਹੇ ਸਾਲਾਂ ਵਿਚ ਗਰੀਬੀ ਨੂੰ ਦੂਰ ਕਰਨ ਦੇ ਕੋਈ ਇੰਤਜਾਮ ਨਹੀਂ ਕੀਤੇ ਗਏ, ਪਰ ਪਿਛਲੇ 9 ਸਾਲਾਂ ਵਿਚ ਗਬੀਬੀ ਦੂਰ ਕਰਨ ਲਈ ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਜਿਨ੍ਹਾਂ ਵਿਕਾਸਾਤਮਕ ਕੰਮ ਹੋਏ ਹਨ, ਉਨ੍ਹੇ ਸ਼ਾਇਦਹੀ ਪਹਿਲਾਂ ਕਦੀ ਹੋਏ ਹਨ। ਹਰਿਆਣਾ ਸਰਕਾਰ ਵੀ ਪਰਿਵਾਰ ਪਹਿਚਾਣ ਪੱਤਰ ਦੇ ਜਰਿਏ ਅੰਤੋਂਦੇਯ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ। ਮੁੱਖ ਮੰਤਰੀ ਅੰਬਾਲਾ ਵਿਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਮ ਦਿਨ ਦੇ ਮੌਕੇ ਸਮਾਜਿਕ ਸਰੋਕਾਰ ਵਜੋਂ ਸੇਵਾ ਕੰਮ ਤਹਿਤ ਮਹਾਰਿਸ਼ੀ ਮਾਰਕੰਡੇਸ਼ਵਰ ਟਰਸਟ ਵੱਲੋਂ ਏਮ ਏਮ ਸੁਪਰਸਪੈਸ਼ਲਿਟੀ ਹਸਪਤਾਲ ਵਿਚ ਪ੍ਰਬੰਧਿਤ ਮੈਗਾ ਹੈਲਥ ਕੈਂਪ 'ਚ ਬਤੌਰ ਮੁੱਖ ਮਹਿਮਾਨ ਸੰਬੋਧਿਤ ਕਰ ਰਹੇ ਸਨ। ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਇਸ ਮੇਗਾ ਹੈਲਥ ਕੈਂਪ ਵਿਚ 8000 ਤੋਂ 10000 ਲੋਕਾਂ ਦਾ ਹੈਲਥ ਚੈਕਅੱਪ 700 ਤੋਂ 800 ਡਾਕਟਰਾਂ ਦੀ ਟੀਮ ਵੱਲੋਂ ਕੀਤਾ ਗਿਆ।

ਸਾਫ਼ ਹਵਾ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ

ਮੋਹਾਲੀ, (ਗੁਰਜੀਤ ਬਿੱਲਾ) 'ਇੰਟਰਨੈਸ਼ਨਲ ਡੇਅ ਆਫ਼ ਕਲੀਨ ਏਅਰ ਫ਼ਾਰ ਬਲੂ ਸਕਾਈਜ਼' ਦੇ ਸੰਬੰਧ 'ਚ ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਵਿਖੇ ਆਸ਼ਾ ਵਰਕਰਾਂ ਨੂੰ ਵਾਤਾਵਰਣ ਬਚਾਉਣ ਲਈ ਜਾਗਰੂਕ ਕੀਤਾ ਗਿਆ। ਐਸ ਐਮ ਓ ਡਾ. ਅਲਕਜੋਤ ਕੌਰ ਦੀ ਅਗਵਾਈ ਹੇਠ ਹੋਏ ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਅਰੁਣ ਬਾਂਸਲ ਨੇ ਕਿਹਾ ਕਿ ਕਿ ਬੀਮਾਰੀਆਂ ਤੋਂ ਮੁਕਤੀ ਹਾਸਲ ਕਰਨ ਲਈ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪ੍ਰਦੂਸ਼ਿਤ ਹਵਾ ਨਾਲ ਦਿਲ, ਫੇਫੜਿਆਂ, ਦਿਮਾਗ ਅਤੇ ਅੱਖਾਂ ਦੀਆਂ ਬੀਮਾਰੀਆਂ ਹੋ ਸਕਦੀਆਂ ਹਨ। ਜੇ ਸਾਡਾ ਵਾਤਾਵਰਣ ਠੀਕ ਰਹੇਗਾ ਤਾਂ ਯ

18-SEP-PAGE-7.qxd 9/17/2023 8:57 PM Page 1

ਚੋਰ ਗਰੋਹ ਦੇ ਦੋ ਮੈਂਬਰਾਂ ਨੂੰ ਮੋਟਰਸਾਈਕਲਾਂ ਸਮੇਤ ਕੀਤਾ ਕਾਬੂ

ਫੜੇ ਗਏ ਲੁੱਟ-ਖੋਹ ਗਰੋਹ ਦੇ ਮੈਬਰ ਮੋਟਰ ਸਾਇਕਲ, ਕੈਸ਼ ਤੇ ਐਲ ਸੀ ਡੀ ਸਮੇਤ।

ਮੂਨਕ (ਰਾਜਪਾਲ ਸਿੰਗਲਾ)

ਸ਼ਹਿਰ ਦੀ ਪੁਲਸ ਨੇ ਅਲੱਗ-ਅਲੱਗ ਜਗ੍ਹਾ ਤੋਂ ਲੁੱਟ ਖੋਹ ਤੇ ਚੋਰੀ ਵਰਗੀ ਵਾਰਦਾਤ ਕਰਨ ਵਾਲੇ ਗਿਰੋਹ ਨੂੰ ਕੀਤਾ ਕਾਬੂ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ।

ਡੀਐਸਪੀ ਪਰਮਿੰਦਰ ਸਿੰਘ ਨੇ ਕਿਹਾ ਕਿ ਮੂਨਕ ਦੇ ਐਸਐਚਓ ਸੁਰਿੰਦਰ ਭੱਲਾ ਨੇ ਏਐਸਆਈ ਬਾਬੂ ਸਿੰਘ ਦੀ ਅਗਵਾਈ ਹੇਠ ਇੱਕ ਵੱਡੀ ਜ਼ਿੰਮੇਵਾਰੀ ਦੇ ਕੇ ਟੀਮ ਬਣਾਈ ਗਈ, ਇਸ ਟੀਮ ਨੇ ਵੱਡੀ ਮਿਹਨਤ ਤੋਂ ਬਾਅਦ ਅਲੱਗ-ਅਲੱਗ ਜਗ੍ਹਾ 'ਤੇ ਕੀਤੀ ਛਾਪੇਮਾਰੀ ਦੌਰਾਨ ਲੁੱਟ-ਖੋਹ ਤੇ ਚੋਰ ਗਿਰੋਹ ਦੇ ਚਾਰ ਮੈਂਬਰਾਂ ਵਿੱਚੋਂ 2 ਮੈਬਰਾਂ ਨੂੰ ਵਾਰਦਾਤ ਸਮੇਂ ਵਰਤਿਆ ਮੋਟਰਸਾਈਕਲ, ਪੰਜ ਹਜ਼ਾਰ ਕੈਸ਼ ਤੇ ਇੱਕ ਐਲਸੀਡੀ ਸਮੇਤ ਕਾਬੂ ਕਰ ਲਿਆ ਹੈ।

ਇਸ ਦੇ ਨਾਲ ਹੀ ਕਿਹਾ ਕਿ ਇਹ ਲੁੱਟ-ਖੋਹ ਕਰਨ ਵਾਲੇ ਗਿਰੋਹ ਨੇ ਕੁੱਝ ਸਮੇਂ ਪਹਿਲਾਂ ਨਜ਼ਦੀਕ ਪੈਂਦੇ ਪਿੰਡ ਕੜੈਲ ਦੇ ਘੱਗਰ ਪੁਲ ਕੋਲ ਹਰਿਆਣੇ ਦੇ ਕਸਬਾ ਜਾਖਲ ਦੀ ਭਾਰਤ ਫਾਇਨਾਂਸ ਕੰਪਨੀ ਦਾ ਮੈਨੇਜਰ ਸੌਰਭ ਕੁਲੈਕਸ਼ਨ ਇਕੱਠੀ ਕਰਕੇ ਆ ਰਿਹਾ ਸੀ, ਜਿਸ ਨੂੰ ਇਸ ਗਿਰੋਹ ਨੇ ਪਿੰਡ ਕੜੈਲ ਦੇ ਘੱਗਰ ਪੁਲ ਤੇ ਆਪਣਾ ਮੋਟਰਸਾਈਕਲ ਅੱਗੇ ਲਾ ਕੇ ਰੋਕ ਲਿਆਠ, ਜਿਸ ਕੋਲੋਂ ਕੈਸ਼ ਬੈਗ ਦੀ ਖੋਹ ਕੀਤੀ ਸੀ। ਇਸ ਕੈਸ਼ ਬੈਗ ਵਿੱਚ ਰਿਪੋਰਟ ਦੀ ਸੂਚਨਾ ਮੁਤਾਬਕ 98 ਹਜ਼ਾਰ 895 ਰੁਪਏ ਸਨ। ਦੌਰਾਨੇ ਤਫ਼ਤੀਸ਼ ਪਤਾ ਲੱਗਾ ਹੈ ਕਿ ਹਰਦੀਪ ਸਿੰਘ, ਸੁਰਜੀਤ ਸਿੰਘ ਤੇ ਮੰਗਾ ਸਿੰਘ ਵਾਸੀ ਬਹਾਦਰ ਖੇੜਾ ਜ਼ਿਲ੍ਹਾ ਫ਼ਾਜ਼ਿਲਕਾ, ਰਾਜ ਕੁਮਾਰ ਤੇ ਅਜੇ ਵਾਸੀਆਨ ਜਲਾਲਾਬਾਦ ਜ਼ਿਲ੍ਹਾ ਫ਼ਾਜ਼ਿਲਕਾ ਨੂੰ ਮੁਕੱਦਮੇ ਵਿੱਚ ਨਾਮਜ਼ਦ ਕੀਤਾ ਗਿਆ ਹੈ। ਇਨ੍ਹਾਂ ਦੋਸ਼ੀਅਨਾਂ ਵਿੱਚੋਂ ਹਰਦੀਪ ਸਿੰਘ ਤੇ ਮੰਗਾ ਸਿੰਘ ਨੂੰ ਵਾਰਦਾਤ ਸਮੇਂ ਵਰਤਿਆ ਮੋਟਰ ਸਾਇਕਲ, 5 ਹਜ਼ਾਰ ਕੈਸ ਤੇ ਇੱਕ ਐਲਸੀਡੀ ਸਮੇਤ ਗ੍ਰਿਫ਼ਤਾਰ ਕਰ ਲਿਆ ਹੈ।

ਇਸੇ ਤਰ੍ਹਾਂ ਚੋਰ ਗਿਰੋਹ ਦੇ ਦੋਸ਼ੀਅਨ ਲੇਖਰਾਜ ਤੇ ਸੋਨੂੰ ਨੂੰ ਨਜ਼ਦੀਕ ਬਾਜੀਗਰ ਬਸਤੀ ਜਾਖਲ ਹਰਿਆਣਾ ਤੋਂ ਗ੍ਰਿਫ਼ਤਾਰ ਕਰ ਲਿਆ ਹੈ, ਜਿਨ੍ਹਾਂ ਪਾਸੋਂ ਦੋ ਮੋਟਰਸਾਈਕਲ ਤੇ ਇੱਕ ਮੋਟਰ ਸਾਈਕਲ ਰੇਹੜੀ ਸਮੇਤ ਕਾਬੂ ਕੀਤਾ ਹੈ। ਇਸ ਦੇ ਨਾਲ ਹੀ ਚੋਰੀ ਦੇ ਮੋਟਰਸਾਈਕਲ ਲੈਣ ਵਾਲੇ ਨਜ਼ਦੀਕ ਜਾਖਲ ਹਰਿਆਣਾ ਦੇ ਦੋ ਕਬਾੜੀਆਂ ਨੂੰ ਵੀ ਕਾਬੂ ਕਰ ਲਿਆ ਹੈ, ਪੁਲਸ ਨੇ ਇਨ੍ਹਾਂ ਦੋਸ਼ੀਆਂ ਦੇ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਕਪੂਰਗੜ੍ਹ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ

ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)-ਸਰਕਾਰੀ ਐਲੀਮੈਂਟਰੀ ਸਕੂਲ ਕਪੂਰਗੜ੍ਹ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸੁਖਵਿੰਦਰ ਕੌਰ ਚੇਅਰਪਰਸਨ ਮਾਰਕੀਟ ਕਮੇਟੀ ਅਮਲੋਹ ਨੇ ਵਿਸ਼ੇਸ਼ ਤੌਰ 'ਤੇ ਸ਼ਿਕਰਤ ਕੀਤੀ ਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਦੌਰਾਨ ਆਯੋਜਤ ਪ੍ਰੋਗਰਾਮ ਵਿੱਚ ਸਕੂਲ ਵਿਖੇ ਵਿਦੀਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਗਿੱਧਾ, ਭੰਗੜਾ ਰਵਾਇਤੀ ਪੇਸ਼ਕਾਰੀਆਂ ਬੱਚਿਆਂ ਦੁਆਰਾ ਪ੍ਰਦਰਸ਼ਤ ਕੀਤੀਆਂ ਗਈਆਂ। ਇਸ ਮੌਕੇ ਪੀਘਾਂ ਦਾ ਪ੍ਰਬੰਧ ਕੀਤਾ ਗਿਆ, ਜਿਨ੍ਹਾਂ ਦਾ ਲੁਤਫ਼ ਪਿੰਡ ਤੋਂ ਆਈਆਂ ਵੱਡੀ ਪੱਧਰ 'ਤੇ ਬੀਬੀਆਂ ਤੇ ਵਿਦਿਆਰਥੀਆਂ ਨੇ ਲਿਆ, ਜਿਸ ਨਾਲ ਇਕ ਪੁਰਾਣੀ ਝਲਕ ਦੀ ਯਾਦ ਤਾਜ਼ਾ ਕਰ ਦਿੱਤੀ ਗਈ। ਇਸ ਪ੍ਰੋਗਰਾਮ ਨੂੰ ਆਯੋਜਤ ਕਰਨ ਵਿੱਚ ਮੁੱਖ ਭੂਮਿਕਾ ਅਨਿਲ ਬਾਂਸਲ ਸੀ ਐੱਚ ਟੀ ਕਪੂਰਗੜ੍ਹ ਵੱਲੋਂ ਨਿਭਾਈ ਗਈ, ਜਿਨ੍ਹਾਂ ਸਾਰਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਅਧਿਆਪਕ ਪਰਮਿੰਦਰ ਸਿੰਘ, ਰਮਨਦੀਪ ਕੌਰ, ਹਰਦੀਪ ਕੌਰ ਤੇ ਬੱਚਿਆਂ ਦੇ ਮਾਪੇ ਤੇ ਪਤਵੰਤੇ ਸੱਜਣ ਹਾਜ਼ਰ ਸਨ।

ਵਿਧਾਇਕ ਨੇ ਆਂਗਨਵਾੜੀ ਵਰਕਰਾਂ/ਹੈਲਪਰਾਂ ਨੂੰ ਸੌਂਪੇ ਨਿਯੁਕਤੀ ਪੱਤਰ

■ ਮੈਰਿਟ ਦੇ ਅਧਾਰ 'ਤੇ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀ ਹੋਈ ਚੋਣ : ਭੁੱਲਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੀ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ 17 ਔਰਤਾਂ/ਲੜਕੀਆਂ ਨੂੰ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਵਜੋਂ ਨੌਕਰੀ ਲਈ ਨਿਯੁਕਤੀ ਪੱਤਰ ਦਿੱਤੇ ਗਏ, ਜਿਸ ਵਿੱਚ 1 ਆਂਗਨਵਾੜੀ ਵਰਕਰ, 01 ਮਿੰਨੀ ਆਂਗਨਵਾੜੀ ਵਰਕਰ ਤੇ 15 ਹੈਲਪਰ ਸ਼ਾਮਲ ਹਨ।ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਵਿਖੇ ਆਂਗਨਵਾੜੀ ਵਰਕਰ ਤੇ ਹੈਲਪਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਦੌਰਾਨ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਵਾਅਦੇ ਅਨੁਸਾਰ ਪਹਿਲ ਦੇ ਅਧਾਰ 'ਤੇ ਬੇਰੁਜ਼ਗਾਰਾਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਮੈਰਿਟ ਦੇ ਅਧਾਰ 'ਤੇ ਇਨ੍ਹਾਂ ਵਰਕਰਾਂ ਤੇ ਹੈਲਪਰਾਂ ਦੀ ਨਿਯੁਕਤੀ ਕੀਤੀ ਗਈ ਹੈ, ਜਿਸ ਕਾਰਨ ਨਿਯੁਕਤ ਹੋਏ ਆਂਗਨਵਾੜੀ ਵਰਕਰ ਤੇ ਹੈਲਪਰ ਬਹੁਤ ਹੀ ਖੁਸ਼ ਹਨ।ਉਨ੍ਹਾਂ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਖੁਸ਼-ਕਿਸਮਤ ਹਨ, ਜੋ ਉਨ੍ਹਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿੱਚ ਕੰਮ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਵਰਕਰਾਂ ਨੂੰ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਲਈ ਵੀ ਪ੍ਰੇਰਿਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਨੌਕਰੀਆਂ ਦੇਣ ਤੋਂ ਇਲਾਵਾ ਵੱਡੇ ਪੱਧਰ 'ਤੇ ਇੰਡਸਟਰੀ ਸਥਾਪਤ ਕਰਨ ਲਈ ਵੀ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਬੇਰੁਜ਼ਗਾਰਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ।ਇਸ ਦੌਰਾਨ ਨੌਕਰੀ ਲਈ ਨਿਯੁਕਤੀ ਪੱਤਰ ਮਿਲਣ 'ਤੇ ਜਗਰੂਪ ਕੌਰ ਪਿੰਡ ਹਬੀਬ ਵਾਲਾ ਤੇ ਮਨਦੀਪ ਕੌਰ ਪਿੰਡ ਆਂਸਲ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਹੁਤ ਖੁਸ਼ ਹਨ, ਜੋ ਅੱਜ ਉਨ੍ਹਾਂ ਨੂੰ ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਨੌਕਰੀ ਮਿਲੀ ਹੈ।ਉਨ੍ਹਾਂ ਕਿਹਾ ਕਿ ਉਹ ਪੂਰੀ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਣਗੇ।ਇਸ ਮੌਕੇ ਬਲਰਾਜ ਸਿੰਘ ਕਟੋਰਾ ਚੇਅਰਮੈਨ, ਰਾਜ ਬਹਾਦਰ ਸਿੰਘ ਗਿੱਲ, ਨੇਕਪ੍ਰਤਾਪ ਸਿੰਘ, ਹਿਮਾਸ਼ੂ ਠੱਕਰ, ਅਮਰਿੰਦਰ ਸਿੰਘ, ਗੁਰਭੇਜ ਸਿੰਘ, ਗੋਪਾਲ ਗੁਪਤਾ, ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਰਿਚਿਕਾ ਨੰਦਾ, ਗੁਰਵਿੰਦਰ ਸਿੰਘ, ਤੇਜਿੰਦਰ ਸਿੰਘ, ਆਂਚਲ ਬਲਾਕ ਕੋਆਰਡੀਨੇਟਰ, ਸੁਪਰਵਾਇਜ਼ਰ ਸੁਰਿੰਦਰ ਕੌਰ, ਮਨਦੀਪ ਕੌਰ, ਰੁਪਿੰਦਰ ਕੌਰ, ਕਿਰਨਮੀਤ ਕੌਰ ਆਦਿ ਹਾਜ਼ਰ ਸਨ।

ਕਾਤਰਾਂ

ਕਰਮਜੀਤ ਸਿੰਘ ਨੇ ਪੁਲਸ ਚੌਕੀ ਦਾ ਚਾਰਜ ਸੰਭਾਲਿਆ

ਤਪਾ ਮੰਡੀ (ਅਰੁਣ ਗੋਇਲ)-ਪੁਲਸ ਚੌਕੀ ਤਪਾ ਦੇ ਨਵਨਿਯੁਕਤ ਕਰਮਜੀਤ ਸਿੰਘ ਨੇ ਚਾਰਜ ਸੰਭਾਲ ਕੇ ਕੰਮਕਾਜ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਤੋਂ ਪਹਿਲਾਂ ਚੌਕੀ ਇੰਚਾਰਜ ਗੁਰਪਾਲ ਸਿੰਘ ਦਾ ਤਬਾਦਲਾ ਬਰਨਾਲਾ ਸਿਟੀ-2 ਦਾ ਹੋ ਗਿਆ ਹੈ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੀ ਧਰਤੀ 'ਤੇ ਨਸ਼ੇ ਕਾਰਨ ਨੌਜਵਾਨਾਂ ਦੀ ਜਾਨ ਜਾ ਰਹੀ ਹੈ, ਜੋ ਬੇਹੱਦ ਚਿੰਤਾ ਦਾ ਵਿਸ਼ਾ ਹੈ। ਉਨ੍ਹਾ ਕਿਹਾ ਕਿ ਸਾਨੂੰ ਸਾਰਿਆਂ ਨੂੰ ਨਸ਼ਿਆਂ ਖਿਲਾਫ ਇੱਕਜੁੱਟ ਹੋ ਕੇ ਲੜਾਈ ਲੜਨੀ ਪਵੇਗੀ। ਉਨ੍ਹਾ ਮੰਡੀ ਦੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਅਪਣਾ ਸਾਮਾਨ ਅੰਦਰ ਸਜਾ ਕੇ ਰੱਖਣ, ਕਿਉਂਕਿ ਇਸ ਨਾਲ ਟ੍ਰੈਫਿਕ ਸਮੱਸਿਆ ਪੈਦਾ ਹੁੰਦੀ ਹੈ। ਇਸ ਮੌਕੇ ਮੁਨਸ਼ੀ ਜਸਵੀਰ ਕੌਰ, ਰਾਜ ਸਿੰਘ ਆਦਿ ਪੁਲਸ ਮੁਲਾਜ਼ਮਾਂ ਚੌਕੀ 'ਚ ਪਹੁੰਚਣ 'ਤੇ ਉਨ੍ਹਾ ਦਾ ਸਵਾਗਤ ਕੀਤਾ।

ਪਹਿਲਾ ਪ੍ਰਕਾਸ਼ ਪੁਰਬ ਤੇ ਸੰਗਰਾਂਦ ਦਾ ਦਿਹਾੜਾ ਮਨਾਇਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)-ਗੁਰਦੁਆਰਾ ਬਾਬਾ ਨਰੈਣ ਦਾਸ ਜੀ ਜੈਦ ਪੱਤੀ ਲੌਂਗੋਵਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਤੇ ਅੱਸੂ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ। ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਬੱਚਿਆਂ ਦੇ ਗੁਰਮਤਿ ਮੁਕਾਬਲੇ ਕਰਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਹੁਸਨਪ੍ਰੀਤ ਸਿੰਘ, ਏਕਮਜੋਤ ਸਿੰਘ, ਕਰਨਵੀਰ ਸਿੰਘ, ਵੰਸ਼ਪ੍ਰਤਾਪ ਸਿੰਘ, ਤੇਪਿੰਦਰ ਸਿੰਘ, ਅਰਸ਼ਦੀਪ ਕੌਰ, ਦਮਨਪ੍ਰੀਤ ਕੌਰ, ਪ੍ਰਦੀਪ ਕੌਰ, ਦਿਲਪ੍ਰੀਤ ਕੌਰ, ਰਾਜਵੀਰ ਕੌਰ, ਸਿਮਰਨ ਕੌਰ ਅਤੇ ਦਇਆਵੀਰ ਸਿੰਘ ਬੱਚਿਆਂ ਨੇ ਹਿੱਸਾ ਲਿਆ। ਇਸ ਮੌਕੇ ਮੁੱਖ ਗ੍ਰੰਥੀ ਭਾਈ ਪਵਿੱਤਰ ਸਿੰਘ ਸਾਹੋਕੇ, ਬਾਬਾ ਬਲਬੀਰ ਸਿੰਘ, ਬਾਬਾ ਜੋਰਾ ਸਿੰਘ, ਮਿਸਤਰੀ ਬਲਦੇਵ ਸਿੰਘ ਤੇ ਧਰਮਿੰਦਰ ਸਿੰਘ ਆਦਿ ਹਾਜ਼ਰ ਸਨ।

ਗਿੱਲ ਪ੍ਰਧਾਨ ਤੇ ਰਾਣਾ ਸਰਪ੍ਰਸਤ ਬਣੇ

ਮਾਨਸਾ (ਆਤਮਾ ਸਿੰਘ ਪਮਾਰ)-ਸੈਂਟਰਲ ਪਾਰਕ ਮਾਨਸਾ ਦੀ ਪਹਿਲੀ ਕਮੇਟੀ ਦੀ ਇੱਕ ਜ਼ਰੂਰੀ ਮੀਟਿੰਗ ਹੋਈ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਸਰਪੰਚ ਮੇਜਰ ਸਿੰਘ ਗਿੱਲ ਨੂੰ ਕਮੇਟੀ ਦਾ ਪ੍ਰਧਾਨ ਤੇ ਕਾ. ਰਾਜਵਿੰਦਰ ਸਿੰਘ ਰਾਣਾ ਨੂੰ ਸਰਪ੍ਰਸਤ ਚੁਣਿਆ ਗਿਆ। ਕਮੇਟੀ ਦੇ ਬਾਕੀ ਅਹੁਦੇਦਾਰਾਂ ਵਿੱਚ ਸ਼ਮਸ਼ੇਰ ਸਿੰਘ ਸਰਾਓਂ ਸਕੱਤਰ, ਰਾਹੁਲ ਕੁਮਾਰ ਖਜ਼ਾਨਚੀ ਤੇ ਐਡਵੋਕੇਟ ਅਸ਼ਵਨੀ ਕੁਮਾਰ ਕਾਨੂੰਨੀ ਸਲਾਹਕਾਰ ਚੁਣੇ ਗਏ। ਮੀਟਿੰਗ ਵਿੱਚ ਨਗਰ ਕੌਂਸਲ ਦੇ ਪ੍ਰਧਾਨ ਐਡਵੋਕੇਟ ਵਿਜੈ ਸਿੰਗਲਾ, ਸੀਨੀ. ਮੀਤ ਪ੍ਰਧਾਨ ਸੁਨੀਲ ਕੁਮਾਰ ਨੀਨੂ ਤੇ ਰਾਘਵ ਸਿੰਗਲਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਨਵੀਂ ਚੁਣੀ ਕਮੇਟੀ ਵੱਲੋਂ ਕੌਂਸਲ ਪ੍ਰਧਾਨ ਅੱਗੇ ਕੇਂਦਰੀ ਪਾਰਕ ਕਮੇਟੀ ਵੱਲੋਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਰੱਖੀਆਂ ਗਈਆਂ, ਜਿਨ੍ਹਾਂ ਨੂੰ ਧਿਆਨ ਨਾਲ ਸੁਣਨ ਨੂੰ ਉਪਰੰਤ ਪ੍ਰਧਾਨ ਸਿੰਗਲਾ ਵੱਲੋਂ ਜਲਦ ਪੂਰੀਆਂ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੀਟਿੰਗ ਵਿੱਚ ਡਾਕਟਰ ਮਨਜੀਤ ਰਾਣਾ, ਮੇਜਰ ਸਿੰਘ ਸਿੱਧੂ, ਹਰਮੇਲ ਸਿੰਘ ਠੇਕੇਦਾਰ, ਬਿੱਟੂ ਚੌਧਰੀ, ਹਰਮਨ ਭੰਮੇ, ਗੁਰਸੇਵ ਸਿੰਘ ਐੱਸ ਡੀ ਓ, ਸੁਖਪਾਲ ਸਿੰਘ ਸਿੱਧੂ, ਅਮਰੀਕ ਭੋਲਾ, ਸਰਬਜੀਤ ਸਿੰਘ, ਮਹਿੰਦਰਪਾਲ ਸ਼ਰਮਾ ਤੇ ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।

ਬੇਮੌਸਮੀ ਮੀਂਹ ਕਾਰਨ ਅਗੇਤੇ ਝੋਨੇ ਦਾ ਝਾੜ ਘਟਣ ਦੇ ਆਸਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪਿਛਲੇ ਸਮੇਂ ਤੋਂ ਰੁਕ ਰੁਕ ਕੇ ਪੈ ਰਹੀ ਬਾਰਸ਼ ਕਾਰਨ ਜਿੱਥੇ ਆਮ ਲੋਕਾਂ ਨੂੰ ਹੁੰਮਸ ਭਰੀ ਗਰਮੀ ਤੋਂ ਰਾਹਤ ਮਿਲੀ ਹੈ, ਉਥੇ ਇਸ ਬੇਮੌਸਮੀ ਬਾਰਸ਼ ਕਾਰਨ ਕਿਸਾਨਾਂ ਦੇ ਚਿਹਰੇ ਮੁਰਝਾਏ ਹੋਏ ਦਿਖ ਰਹੇ ਹਨ। ਕਿਸਾਨਾਂ ਨੇ ਆਪਣਾ ਦਰਦ ਫਰੋਲਦਿਆਂ ਦੱਸਿਆ ਕਿ ਨਿਸਰੇ ਤੇ ਅਗੇਤੇ ਝੋਨੇ ਦੀ ਪੱਕਣ ਕਿਨਾਰੇ ਜਾ ਰਹੀ ਫਸਲ ਇਸ ਬੇਮੌਸਮੀ ਬਾਰਸ਼ ਕਾਰਨ ਕਈ ਥਾਵਾਂ 'ਤੇ ਵਿਛਣੀ ਸ਼ੁਰੂ ਹੋ ਗਈ ਹੈ, ਜਿਸ ਨਾਲ ਜਾਹਰ ਹੈ ਕਿ ਸਾਉਣੀ ਦੀਆਂ ਅਗੇਤੀਆਂ ਝੋਨੇ ਦੀਆਂ ਫਸਲਾਂ ਦੇ ਝਾੜ ਉਪਰ ਵੀ ਮਾੜਾ ਅਸਰ ਪਵੇਗਾ। ਉਨ੍ਹਾ ਕਿਹਾ ਕਿ ਇਸ ਵਾਰ ਤਾਂ ਇਸ ਬਾਸਮਤੀ ਦੀਆਂ ਕੀਮਤਾਂ ਪਹਿਲਾਂ ਹੀ ਬਹੁਤ ਘੱਟ ਹਨ, ਉਪਰੋਂ ਇਸ ਬੇਮੌਸਮੀਆਂ ਬਾਰਸ਼ਾਂ ਕਾਰਨ ਜੇਕਰ ਫਸਲ ਨੂੰ ਮਾਰ ਪਈ ਤਾਂ ਕਈ ਕਿਸਾਨਾਂ ਨੂੰ ਤਾਂ ਆਪਣੀ ਜ਼ਮੀਨ ਦੇ ਠੇਕੇ ਦੇ ਪੈਸੇ ਭਰਨੇ ਵੀ ਮੁਸ਼ਕਲ ਹੋ ਜਾਣਗੇ। ਉਨ੍ਹਾਂ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਤੋਂ ਬਾਸਪਤੀ ਝੋਨੇ ਦੇ ਉਚਿੱਤ ਭਾਅ ਨਿਯੁਕਤ ਕਰਨ ਦੀ ਵੀ ਪੁਰਜ਼ੋਰ ਮੰਗ ਕੀਤੀ ਹੈ।

ਪੁਲਸ ਤੇ ਪਬਲਿਕ ਦੇ ਸਹਿਯੋਗ ਨਾਲ ਹੋਵੇਗਾ ਨਸ਼ਾ ਮੁਕਤ ਪੰਜਾਬ : ਐੱਸ ਪੀ

■ ਜਗਰਾਉਂ ਪੁਲਸ ਵੱਲੋਂ ਨਸ਼ਿਆਂ ਖਿਲਾਫ ਸੈਮੀਨਾਰ

ਜਗਰਾਉਂ (ਸੰਜੀਵ ਅਰੋੜਾ)-ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਦੇ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਦੀ ਅਗਵਾਈ ਹੇਠ ਐੱਸ. ਪੀ. ਮਨਵਿੰਦਰਵੀਰ ਸਿੰਘ ਤੇ ਥਾਣਾ ਸਦਰ ਦੇ ਮੁੱਖ ਅਫਸਰ ਐੱਸ. ਆਈ. ਅਮਰਜੀਤ ਸਿੰਘ ਵੱਲੋਂ ਡਾਕਟਰ ਅੰਬੇਡਕਰ ਭਵਨ ਨੇੜੇ ਨਾ

18-Sep-PAGE-8.qxd 9/17/2023 9:05 PM Page 1

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵੱਲੋਂ ਵਿਧਾਇਕ ਨੂੰ ਰੋਸ ਪੱਤਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਹਲਕਾ ਸ਼ਾਮਚੁਰਾਸੀ ਦੇ ਵਿਧਾਇਕ ਡਾ. ਰਵਜੋਤ ਨੂੰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਇਕਾਈ ਹੁਸ਼ਿਆਰਪੁਰ ਅਤੇ ਬੁੱਲ੍ਹੋਵਾਲ ਦੇ ਮੁਲਾਜ਼ਮਾਂ ਵੱਲੋਂ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਦੀ ਅਗਵਾਈ ਵਿੱਚ ਰੋਸ-ਪੱਤਰ ਸੌਂਪਿਆ ਗਿਆ ਅਤੇ ਵਿਧਾਇਕ ਕੋਲੋਂ ਮੰਗ ਕੀਤੀ ਗਈ ਕਿ ਸਰਕਾਰ ਨੂੰ ਪੰਜਾਬ ਵਿੱਚ ਪੁਰਾਣੀ ਪੈਨਸ਼ਨ ਲਾਗੂ ਕਰਨ ਦਾ ਐੱਸ ਓ ਪੀ ਜਲਦ ਜਾਰੀ ਕਰ ਕੇ ਪੰਜਾਬ ਦੇ ਐਨ ਪੀ ਐੱਸ ਅਧੀਨ ਆਉਂਦੇ ਦੋ ਲੱਖ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਸਮਾਜਕ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ। ਇਸ ਮੌਕੇ ਜ਼ਿਲ੍ਹਾ ਕਨਵੀਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨਾਲ 6 ਅਪ੍ਰੈਲ ਨੂੰ ਪੰਜਾਬ ਭਵਨ ਵਿਚ ਹੋਈ ਮੀਟਿੰਗ ਵਿਚ ਦੋ ਮਹੀਨਿਆਂ ਦੇ ਅੰਦਰ-ਅੰਦਰ ਪੁਰਾਣੀ ਪੈਨਸ਼ਨ ਬਹਾਲੀ ਦਾ ਐੱਸ ਓ ਪੀ ਜਾਰੀ ਕਰਨ ਦਾ ਵਾਅਦਾ ਕੀਤਾ ਸੀ ਪਰ ਹੁਣ ਤੱਕ ਪੰਜ ਮਹੀਨੇ ਬੀਤ ਜਾਣ ਦੇ ਬਾਅਦ ਵੀ ਉਨ੍ਹਾਂ ਵੱਲੋਂ ਆਪਣੇ ਵਾਅਦੇ ਨੂੰ ਪੂਰਾ ਨਹੀਂ ਕੀਤਾ ਗਿਆ। ਬਲਾਕ ਪ੍ਰਧਾਨ ਦਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ਵਿੱਚ ਨਵੀਂ ਬਣੀ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਲਾਗੂ ਕਰ ਵੀ ਦਿੱਤੀ ਹੈ, ਪੰਜਾਬ ਸਰਕਾਰ ਨੂੰ ਇਸ ਤੋਂ ਸੇਧ ਲੈਂਦੇ ਹੋਏ ਪੰਜਾਬ ਵਿੱਚ ਵੀ ਪੁਰਾਣੀ ਪੈਨਸ਼ਨ ਲਾਗੂ ਕਰਨ ਦੀ ਆਪਣੀ ਘੋਸ਼ਣਾ ਨੂੰ ਜਲਦ ਅਮਲੀ ਜਾਮਾ ਪਹਿਨਾਉਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਇਸ ਪ੍ਰਧਾਨ ਸੁਖਦੇਵ ਸਿੰਘ, ਬਲਾਕ ਜਨਰਲ ਸਕੱਤਰ ਸਚਿਨ ਕੁਮਾਰ, ਦੀਪਕ ਸ਼ਰਮਾ, ਅਵਿਸ਼ੇਕ, ਜ਼ਿਲ੍ਹਾ ਕਮੇਟੀ ਮੈਂਬਰ ਸੁਰਜੀਤ ਰਾਜਾ, ਵਿਕਾਸ ਸ਼ਰਮਾ, ਪ੍ਰਿਤਪਾਲ ਸਿੰਘ ਚੌਟਾਲਾ, ਸੰਦੀਪ ਕੁਮਾਰ, ਅਸ਼ੋਕ ਕੁਮਾਰ, ਨੀਰਜ ਕੁਮਾਰ, ਰਮਨਦੀਪ ਸੈਣੀ, ਹਰੀਸ਼ ਕੁਮਾਰ, ਹਰਵਿਲਾਸ, ਵਿਕਾਸ ਅਰੋੜਾ, ਤਰਸੇਮ ਲਾਲ, ਪਰਮਿੰਦਰ ਸਿੰਘ, ਨਵਦੀਪ ਸਿੰਘ ਆਦਿ ਹਾਜ਼ਰ ਸਨ ।

ਢਾਹਾਂ ਕਲੇਰਾਂ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ

ਬਹਿਰਾਮ (ਅਵਤਾਰ ਕਲੇਰ)- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਗੁ: ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਮਨਾਇਆ ਗਿਆ।

ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ। ਉਪਰੰਤ ਸਜੇ ਦੀਵਾਨ ਵਿਚ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ । ਇਸ ਮੌਕੇ ਟਰੱਸਟ ਦੇ ਪ੍ਰਧਾਨ ਹਰਦੇਵ ਸਿੰਘ ਕਾਹਮਾ ਨੇ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਸਾਹਿਬ ਜੀ ਸਾਨੂੰ ਸਾਰਿਆਂ ਨੂੰ ਸਾਂਝੀਵਾਲਤਾ ਦਾ ਸੰਦੇਸ਼ ਦਿੰਦੇ ਹਨ ਅਤੇ ਇਸ ਲਈ ਸਾਨੂੰ ਸਾਰਿਆਂ ਨੂੰ ਕਿਰਤ ਕਰਨ, ਨਾਮ ਜਪਣ ਅਤੇ ਵੰਡ ਛਕਣ ਦੇ ਦਰਸਾਏ ਸੇਵਾ ਮਾਰਗ ਅਨੁਸਾਰ ਚੱਲ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਇਸ ਮੌਕੇ ਲੰਬੜਦਾਰ ਮਨਮੋਹਨ ਸਿੰਘ ਢਾਹਾਂ ਤੇ ਟਰੱਸਟ ਦੇ ਜਨਰਲ ਸਕੱਤਰ ਕੁਲਵਿੰਦਰ ਸਿੰਘ ਢਾਹਾਂ ਵੱਲੋਂ ਦੋਹਤੇ ਦੇ ਜਨਮ ਦੀ ਖੁਸ਼ੀ ਵਿਚ ਅਤੇ ਟਰੱਸਟ ਪ੍ਰਬੰਧਕ ਮੈਂਬਰ ਜਗਜੀਤ ਸਿੰਘ ਸੋਢੀ ਵੱਲੋਂ ਆਪਣੇ ਪੋਤਰੇ ਦੇ ਜਨਮ ਦੀ ਖੁਸ਼ੀ ਵਿਚ ਲੰਗਰਾਂ ਦੀ ਸੇਵਾ ਕੀਤੀ ਗਈ । ਇਸ ਮੌਕੇ ਹਰਦੇਵ ਸਿੰਘ ਕਾਹਮਾ, ਅਮਰਜੀਤ ਸਿੰਘ ਕਲੇਰਾਂ, ਜਗਜੀਤ ਸਿੰਘ ਸੋਢੀ, ਲੰਬੜਦਾਰ ਮਨਮੋਹਨ ਸਿੰਘ ਢਾਹਾਂ, ਪ੍ਰੋ: ਹਰਬੰਸ ਸਿੰਘ ਬੋਲੀਨਾ, ਪ੍ਰਿੰਸੀਪਲ ਸੁਰਿੰਦਰ ਕੌਰ ਜਸਪਾਲ, ਪ੍ਰਿੰਸੀਪਲ ਵਨੀਤਾ ਚੋਟ , ਡਾ. ਰਵਿੰਦਰ ਖਜੂਰੀਆ, ਦਵਿੰਦਰ ਕੌਰ, ਬੀਬੀ ਜਿੰਦਰ ਕੌਰ ਢਾਹਾਂ, ਬੀਬੀ ਚਰਨਜੀਤ ਕੌਰ ਢਾਹਾਂ, ਮਹਿੰਦਰਪਾਲ ਸਿੰਘ , ਭਾਈ ਮਨਜੀਤ ਸਿੰਘ ਤੋਂ ਇਲਾਵਾ ਟਰੱਸਟ ਅਧੀਨ ਚੱਲਦੇ ਵੱਖ ਵੱਖ ਅਦਾਰਿਆਂ ਦੇ ਕਰਮਚਾਰੀ, ਨਰਸਿੰਗ ਕਾਲਜ ਅਤੇ ਪੈਰਾ ਮੈਡੀਕਲ ਕਾਲਜ ਦੇ ਵਿਦਿਆਰਥੀ ਵੀ ਹਾਜ਼ਰ ਸਨ।

ਮੁੱਖ ਮੰਤਰੀ ਨੇ ਸਿਰਸਾ 'ਚ ਸਾਈਕਲੋਥੋਨ ਨੂੰ ਦਿਖਾਈ ਹਰੀ ਝੰਡੀ

ਚੰਡੀਗੜ੍ਹ (ਕ੍ਰਿਸ਼ਨ ਗਰਗ) - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਨਸ਼ਾ ਮੁਕਤ ਹਰਿਆਣਾ ਮੁਹਿੰਮ ਦੇ ਟੀਚੇ ਦੇ ਨਾਲ ਸੂਬੇ ਦਾ ਦੌਰਾ ਕਰ ਰਹੀ ਸਾਈਕਲੋਥੋਨ ਨੂੰ ਅੱਜ ਸਿਰਸਾ ਵਿਚ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੀ ਸਾਈਕਲੋਥੋਨ ਵਿਚ ਜਨਭਾਗੀਦਾਰ ਨੇ ਸਾਲ 2019 ਵਿਚ ਪ੍ਰਬੰਧਿਤ ਮੈਰਾਥਨ ਦਾ ਰਿਕਾਰਡ ਤੋੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਜਿਸ ਤਰ੍ਹਾਂ ਨਾਲ ਡਰੱਗ ਦੀ ਗ੍ਰਿਫਤ ਵਿਚ ਫਸਦਾ ਚਲਾ ਜਾ ਰਿਹਾ ਹੈ, ਇਹ ਚਿੰਤਾ ਦਾ ਵਿਸ਼ਾ ਹੈ ਅਤੇ ਇਹ ਸਾਈਕਲੋਥੋਨ ਯਾਤਰਾ ਜਾਗਰੂਕਤਾ ਪੈਦਾ ਕਰਨ ਵਿਚ ਸਾਰਥਕ ਸਾਬਤ ਹੋ ਰਹੀ ਹੈ। ਮੁੱਖ ਮੰਤਰੀ ਐਤਵਾਰ ਨੂੰ ਸਿਰਸਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਦੇ ਮੁੱਖ ਦਰਵਾਜ਼ੇ 'ਤੇ ਸਾਈਕਲੋਥੋਨ ਯਾਤਰਾ ਨੂੰ ਹਰੀ ਝੰਡੀ ਦਿਖਾਉਣ ਤੋਂ ਪਹਿਲਾਂ ਯਾਤਰਾ ਵਿਚ ਹਿੱਸਾ ਲੈ ਰਹੇ ਪ੍ਰਤੀਭਾਗੀਆਂ ਤੇ ਆਮ ਜਨਤਾ ਨੂੰ ਸੰਬੋਧਨ ਕਰ ਰਹੇ ਸਨ। ਇਸ ਯਾਤਰਾ ਵਿਚ ਸਕੂਲਾਂ, ਕਾਲਜਾਂ ਤੇ ਹੋਰ ਵਿਦਿਅਕ ਸੰਸਥਾਨਾਂ ਤੋਂ ਹਿੱਸਾ ਲੈ ਰਹੇ ਸਾਈਕਲਿਸਟ ਦਾ ਧੰਨਵਾਦ ਕੀਤਾ। ਇਕ ਸਤੰਬਰ ਨੂੰ ਕਰਨਾਲ ਤੋਂ ਸਾਈਕਲੋਥੋਨ ਯਾਤਰਾ ਸ਼ੁਰੂ ਕੀਤੀ ਗਈ ਸੀ ਅਤੇ ਇਹ ਹੁਣ ਤੱਕ 15 ਜ਼ਿਲ੍ਹਿਆਂ ਵਿਚ ਡਰੱਗ ਫਰੀ ਹਰਿਆਣਾ ਦਾ ਸੰਦੇਸ਼ ਪਹੁੰਚਾ ਚੁੱਕੀ ਹੈ ਅਤੇ 25 ਸਤੰਬਰ ਨੂੰ ਇਹ ਯਾਤਰਾ ਕਰਨਾਲ ਵਿਚ ਖਤਮ ਹੋਵੇਗੀ। ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਨੇ ਕਿਹਾ ਕਿ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਜਨਮ ਦਿਨ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਹਰਿਆਣਾ ਸਰਕਾਰ ਲਗਾਤਾਰ ਕੇਂਦਰ ਸਰਕਾਰ ਦੇ ਨਾਲ ਮਿਲ ਕੇ ਕੰਮ ਕਰ ਰਹੀ ਹੈ। ਮਨੋਹਰ ਲਾਲ ਨੇ ਕਿਹਾ ਕਿ 17 ਸਤੰਬਰ ਦਾ ਦਿਨ ਇਕ ਹੋਰ ਕਾਰਨ ਨਾਲ ਵੀ ਖਾਸ ਹੈ, ਅੱਜ ਭਗਵਾਨ ਵਿਸ਼ਵਕਰਮਾ ਦਾ ਜਨਮ ਦਿਨ ਹੈ। ਸਰਕਾਰ ਭਗਵਾਨ ਵਿਸ਼ਵਕਰਮਾ ਦੇ ਜਨਮ ਦਿਨ ਨੂੰ ਕੌਮੀ ਮਜ਼ਦੂਰ ਦਿਵਸ ਵਜੋਂ ਮਨਾਉਂਦੀ ਹੈ। ਉਨ੍ਹਾਂ ਦੇਸ਼ ਤੇ ਸੂਬੇ ਦੇ ਕਾਮਿਆਂ, ਮਜ਼ਦੂਰਾਂ, ਕਾਰੀਗਰਾਂ ਤੇ ਕੰਮਗਾਰਾਂ ਨੂੰ ਵਧਾਈ ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਮੁੱਖ ਮੰਤਰੀ ਨੇ ਕਿਹਾ ਕਿ ਸਾਈਕਲੋਥੋਨ ਯਾਤਰਾ ਵਿਚ ਜਨਭਾਗੀਦਾਰੀ ਦਾ ਆਂਕੜਾ ਹੁਣ ਤਕ ਦੋ ਲੱਖ ਦੇ ਪਾਰ ਹੋ ਚੁੱਕਾ ਹੈ। ਆਉਣ ਵਾਲੇ ਦਿਨਾਂ ਵਿਚ ਇਹ ਯਾਤਰਾ ਫਤਿਹਾਬਾਦ, ਰਤਿਆ, ਟੋਹਾਨਾ, ਉਕਲਾਨਾ, ਜੀਂਦ, ਕੈਥਲ, ਕੁਰੂਕਸ਼ੇਤਰ, ਅੰਬਾਲਾ, ਪੰਚਕੂਲਾ, ਯਮੁਨਾਨਗਰ ਹੁੰਦੇ ਹੋਏ ਕਰਨਾਲ ਵਿਚ ਖਤਮ ਹੋਵੇਗੀ। ਪ੍ਰੋਗਰਾਮ ਵਿਚ ਜਦੋਂ ਮਸ਼ਹੂਰ ਪੰਜਾਬੀ ਸਿੰਗਰ ਮਨਕੀਰਤ ਔਲਖ ਪਹੁੰਚੇ ਤਾਂ ਮਾਹੌਲ ਜੋਸ਼ ਨਾਲ ਭਰ ਗਿਆ। ਉਨ੍ਹਾਂ ਨੇ ਆਪਦੇ ਗੀਤਾਂ ਰਾਹੀਂ ਸੂਬਾ ਸਰਕਾਰ ਦੇ ਸੰਕਲਪ ਨਸ਼ਾ ਮੁਕਤ ਹਰਿਆਣਾ ਦੇ ਬਾਰੇ ਸੰਦੇਸ਼ ਦਿੰਦੇ ਹੋਏ ਲੋਕਾਂ ਨੂੰ ਜਾਗਰੂਕ ਕੀਤਾ।

ਸ਼ਹੀਦ ਭਗਤ ਸਿੰਘ ਚੌਕ 'ਤੇ ਸਥਾਪਤ ਕੀਤਾ 101 ਫੁੱਟ ਉੱਚਾ ਰਾਸ਼ਟਰੀ ਝੰਡਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)-ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਇਥੇ ਸ਼ਹੀਦ ਭਗਤ ਸਿੰਘ ਚੌਕ ਵਿਖੇ 101 ਫੁੱਟ ਉੱਚਾ ਰਾਸ਼ਟਰੀ ਝੰਡਾ ਸਥਾਪਤ ਕਰਕੇ ਇਸ ਨੂੰ ਦੇਸ਼ ਦੀ ਰੱਖਿਆ ਕਰਨ ਵਾਲੇ ਸ਼ਹੀਦ ਸੈਨਿਕਾਂ ਨੂੰ ਸਮਰਪਤ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ, ਸ਼ਹੀਦ ਰਾਜਗੁਰੂ ਤੇ ਸ਼ਹੀਦ ਸੁਖਦੇਵ ਨੂੰ ਨਮਨ ਕਰਦੇ ਹੋਏ ਦੇਸ਼ ਦੀ ਅਜ਼ਾਦੀ ਲਈ ਦਿੱਤੀ ਗਈ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਅਤੇ ਸਮੂਹ ਸ਼ਹਿਰ ਵਾਸੀਆਂ ਦੀ ਹਾਜ਼ਰੀ ਵਿਚ ਸ਼ਹੀਦਾਂ ਨੂੰ ਪ੍ਰਣਾਮ ਕੀਤਾ। ਨਗਰ ਨਿਗਮ ਹੁਸ਼ਿਆਰਪੁਰ ਵਲੋਂ ਆਯੋਜਿਤ ਇਸ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਵਿਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ ਅਤੇ ਸ਼ਹਿਰ ਵਿਚ ਲਗਾਇਆ ਗਿਆ 101 ਫੁੱਟ ਉੱਚਾ ਰਾਸ਼ਟਰੀ ਝੰਡਾ ਸਾਰਿਆਂ ਨੂੰ ਦੇਸ਼ ਭਗਤੀ ਲਈ ਪ੍ਰੇਰਨਾ ਦਿੰਦਾ ਰਹੇਗਾ। ਉਨ੍ਹਾਂ ਕਿਹਾ ਕਿ 'ਤਿਰੰਗਾ' ਸਾਡੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸਮਰਪਣ ਦੀ ਭਾਵਨਾ ਦਾ ਪ੍ਰਤੀਕ ਹੈ। ਇਸ ਦੌਰਾਨ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ-ਕਮ-ਕਮਿਸ਼ਨਰ ਨਗਰ ਨਿਗਮ ਕੋਮਲ ਮਿੱਤਲ, ਮੇਅਰ ਸੁਰਿੰਦਰ ਕੁਮਾਰ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਕਰਮਜੀਤ ਕੌਰ, ਚੇਅਰਮੈਨ ਨਗਰ ਸੁਧਾਰ ਟਰੱਸਟ ਹਰਮੀਤ ਸਿੰਘ ਔਖਲ, ਸਹਾਇਕ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਅਤੇ ਡਿਪਟੀ ਮੇਅਰ ਰਣਜੀਤ ਚੌਧਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਚੌਕ ਦੀ ਤਰਜ਼ 'ਤੇ ਦੂਜਾ 101 ਫੁੱਟ ਉੱਚਾ ਰਾਸ਼ਟਰੀ ਝੰਡਾ ਮਹਾਰਾਣਾ ਪ੍ਰਤਾਪ ਚੌਕ 'ਤੇ ਜਲਦ ਹੀ ਸਥਾਪਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਤਿਰੰਗਾ ਸਾਨੂੰ ਸਾਰੇ ਦੇਸ਼ ਲਈ ਮਰ ਮਿਟਣ ਵਾਲੇ ਸ਼ਹੀਦਾਂ ਦੀ ਕੁਰਬਾਨੀ ਦੀ ਯਾਦ ਦਿਵਾਉਂਦਾ ਹੈ। ਇਸ ਲਈ ਸਾਰਿਆਂ ਦਾ ਫਰਜ਼ ਹੈ ਕਿ ਅਸੀਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਆਪਸੀ ਭਾਈਚਾਰੇ ਨੂੰ ਕਾਇਮ ਰੱਖਣ ਵਿਚ ਕੋਈ ਕਮੀ ਨਾ ਛੱਡੀਏ। ਇਸ ਦੌਰਾਨ ਉਨ੍ਹਾਂ ਨੇ ਸ਼ਹਿਰ ਵਾਸੀਆਂ ਨੂੰ ਸਵੱਛਤਾ ਦੀ ਸਹੁੰ ਚੁਕਾਈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਵਿਚ ਆਪਣਾ ਪੂਰਨ ਯੋਗਦਾਨ ਦੇ ਰਿਹਾ ਹੈ ਪਰੰਤੂ ਜਦ ਤੱਕ ਸ਼ਹਿਰ ਦਾ ਹਰ ਨਾਗਰਿਕ ਸਫ਼ਾਈ ਨੂੰ ਲੈ ਕੇ ਜਾਗਰੂਕ ਨਹੀਂ ਹੋਵੇਗਾ, ਉਦੋਂ ਤੱਕ ਸਾਡਾ ਸ਼ਹਿਰ ਦੇਸ਼ ਦੇ ਸਵੱਛਤਾ ਸ਼ਹਿਰਾਂ ਦੀ ਸੂਚੀ ਵਿਚ ਸ਼ਾਮਲ ਨਹੀਂ ਹੋ ਸਕਦਾ। ਇਸ ਦੌਰਾਨ ਸਫ਼ਾਈ ਅਤੇ ਸਵੱਛਤਾ ਰੱਖਣ ਸਬੰਧੀ ਸ਼ਹਿਰ ਵਾਸੀਆਂ ਨੂੰ ਉਤਸ਼ਾਹਿਤ ਕਰਨ ਲਈ ਨਗਰ ਨਿਗਮ ਦੇ ਸਕੱਤਰ ਜਸਵਿੰਦਰ ਸਿੰਘ ਵੱਲੋਂ ਸਮਾਗਮ ਵਿਚ ਸਵੱਛਤਾ ਗੀਤ ਵੀ ਗਾਇਆ ਗਿਆ। ਇਸ ਮੌਕੇ ਐਸ.ਈ ਪਾਵਰ ਕਾਰਪੋਰੇਸ਼ਨ ਹਰਵਿੰਦਰ ਸਿੰਘ ਰੱਤੂ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਭੁਮਾਣਾ, ਡੀ.ਐਸ.ਪੀ ਸਿਟੀ ਪਲਵਿੰਦਰ ਸਿੰਘ, ਐਸ.ਐਮ.ਓ ਸਿਵਲ ਹਸਪਤਾਲ ਡਾ. ਸਵਾਤੀ ਸ਼ੀਮਾਰ, ਸਕੱਤਰ ਨਗਰ ਨਿਗਮ ਜਸਵਿੰਦਰ ਸਿੰਘ, ਸਰਬੱਤ ਦਾ ਭਲਾ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਆਗਿਆ ਪਾਲ ਸਿੰਘ ਸਾਹਨੀ, ਚੇਅਰਮੈਨ ਵਿੱਤ ਤੇ ਠੇਕਾ ਕਮੇਟੀ ਨਗਰ ਨਿਗਮ ਬਲਵਿੰਦਰ ਕੁਮਾਰ, ਐਕਸੀਅਨ ਪਾਵਰ ਕਾਰਪੋਰੇਸ਼ਨ ਸਤਵੰਤ ਸਿੰਘ ਸਿਆਣ, ਐਕਸੀਅਨ ਨਗਰ ਨਿਗਮ ਕੁਲਦੀਪ ਸਿੰਘ, ਰਾਸ਼ਟਰੀ ਵਿਕਾਸ ਪਾਰਟੀ ਦੇ ਸੂਬਾ ਪ੍ਰਧਾਨ ਭਾਰਤ ਭੂਸ਼ਣ ਵਰਮਾ, ਜਨਰਲ ਸਕੱਤਰ ਦੀਪਕ ਸਭਰਵਾਲ, ਕ੍ਰਿਸ਼ਨ ਗੋਪਾਲ ਆਨੰਦ, ਹਰੀਸ਼ ਖੋਸਲਾ, ਕੌਂਸਲਰ ਜਸਪਾਲ ਸਿੰਘ ਚੇਚੀ, ਵਿਜੇ ਕੁਮਾਰ ਅਗਵਰਾਨ, ਮੁਖੀ ਰਾਮ, ਸੁਮੇਸ਼ ਸੋਨੀ, ਵਰਿੰਦਰ ਵੈਦ, ਨੈਸ਼ਨਲ ਐਵਾਰਡੀ ਪ੍ਰਮੋਦ ਸ਼ਰਮਾ, ਅਜੇ ਮੋਹਨ ਬੱਬੀ, ਅਜੇ ਵਰਮਾ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਡ ਮਨਜੀਤ ਕੌਰ, ਸੰਤੋਸ਼ ਸੈਣੀ, ਚੰਦਨ ਲੱਕੀ, ਐਡਵੋਕੇਟ ਅਮਰਜੋਤ ਸੈਣੀ, ਬਹਾਦਰ ਸਿੰਘ ਸੁਨੇਤ, ਧੀਰਜ ਸ਼ਰਮਾ, ਮਨੀਸ਼ ਸ਼ਰਮਾ, ਸੁਖਬੀਰ ਸਿੰਘ ਮਲਹੋਤਰਾ, ਪ੍ਰਿੰਸੀਪਲ ਸ਼ੈਲੇਂਦਰ ਠਾਕੁਰ, ਅਜੇ ਕੁਮਾਰ, ਕ੍ਰਿਸ਼ਨ ਗੋਪਾਲ ਸ਼ਰਮਾ, ਮਨੋਜ ਦੱਤਾ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

ਕਿਤਾਬਾਂ ਦੀ ਛਪਾਈ ਦਾ ਕੰਮ ਐਡਵਾਂਸ ਖਰਚਾ ਜਾਰੀ ਕਰਨ 'ਤੇ ਹੀ ਹੋਵੇਗਾ ਚਾਲੂ : ਬੋਰਡ ਕਰਮਚਾਰੀ ਐਸੋਸੀਏਸ਼ਨ

ਮੋਹਾਲੀ (ਗੁਰਜੀਤ ਬਿੱਲਾ)-ਸਿੱਖਿਆ ਅਤੇ ਸਿਹਤ ਸਹੂਲਤਾਂ 'ਚ ਸੁਧਾਰ ਕਰਨ ਦੇ ਵਾਅਦੇ ਨਾਲ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਪਿਛਲੀਆਂ ਸਰਕਾਰਾਂ ਦੇ ਰਾਹ ਤੁਰ ਪਈ ਹੈ। ਸਰਕਾਰ ਵੱਲ ਸਿੱਖਿਆ ਬੋਰਡ ਦੀ ਬਕਾਇਆ 600 ਕਰੋੜ ਰੁਪਏ ਦੀ ਰਾਸ਼ੀ ਖੜ੍ਹੀ ਹੈ, ਜਿਸ ਨੂੰ ਜਾਰੀ ਨਹੀਂ ਕੀਤਾ ਜਾ ਰਿਹਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਮੋਹਾਲੀ ਪ੍ਰੈਸ ਕਲੱਬ ਵ

18-Sep-PAGE-9.qxd 9/17/2023 9:04 PM Page 1

ਬਦਲਵੇਂ ਛੱਪੜ ਦੇ ਪ੍ਰਬੰਧ ਤੋਂ ਬਿਨਾਂ ਹਾਈਵੇ ਦਾ ਕੰਮ ਨਹੀਂ ਚੱਲੇਗਾ : ਪੇਂਡੂ ਮਜ਼ਦੂਰ ਯੂਨੀਅਨ

ਕਰਤਾਰਪੁਰ (ਹਰਮੇਸ਼ ਦੱਤ) -ਨੇੜਲੇ ਪਿੰਡ ਬੱਖੂਨੰਗਲ ਕਲੋਨੀ ਦੇ ਦਲਿਤ ਮਜਦੂਰਾਂ ਦੇ ਘਰਾਂ ਦੇ ਗੰਦੇ ਪਾਣੀ ਦੇ ਨਿਕਾਸੀ ਛੱਪੜ ਚੋਂ ਕੱਢੇ ਜਾ ਰਹੇ ਜੰਮੂ ਕੱਟੜਾ ਹਾਈਵੇਅ ਦਾ ਉਨ੍ਹੀ ਦੇਰ ਨਹੀਂ ਚੱਲੇਗਾ, ਜਿੰਨੀਂ ਦੇਰ ਬਦਲਵੇਂ ਛੱਪੜ ਦਾ ਪ੍ਰਸ਼ਾਸਨ ਪ੍ਰਬੰਧ ਨਹੀਂ ਕਰਦਾ। ਇਹ ਦੋ ਟੂਕ ਜਵਾਬ ਛੱਪੜ ਕੰਢੇ ਪੁੱਜ ਕੇ "ਛੱਪੜ ਮੈਂ ਬਨਵਾ ਦੇਵਾਂਗਾ" ਤੁਸੀਂ ਹਾਈਵੇਅ ਦਾ ਕੰਮ ਚੱਲਣ ਦੇਵੋ ਬਾਰੇ ਕਹਿਣ 'ਤੇ ਹਲਕਾ ਵਿਧਾਇਕ ਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਬਲਕਾਰ ਸਿੰਘ ਨੂੰ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਪੇਂਡੂ ਮਜਦੂਰਾਂ ਨੇ ਦਿੱਤਾ। ਯੂਨੀਅਨ ਦੇ ਯੂਥ ਵਿੰਗ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਚੀਦਾ ਅਤੇ ਸਥਾਨਕ ਆਗੂ ਪਰਮਜੀਤ ਕੌਰ ਮੀਕੋ ਨੇ ਦੱਸਿਆ ਕਿ ਬਿਨਾਂ ਕੋਈ ਬਦਲਵਾਂ ਪ੍ਰਬੰਧ ਕੀਤੇ ਬੱਖੂਨੰਗਲ ਕਲੋਨੀ ਦੇ ਦਲਿਤ ਘਰਾਂ ਦੇ ਗੰਦੇ ਪਾਣੀ ਦਾ ਨਿਕਾਸੀ ਛੱਪੜ ਵੇਚ ਦਿੱਤਾ ਗਿਆ ਅਤੇ ਉਪਰੰਤ ਹਾਈਵੇਅ ਕੱਢਣ ਲਈ ਪ੍ਰਾਈਵੇਟ ਕੰਪਨੀ ਐੱਮ .ਕੇ.ਸੀ. ਨੇ ਛੱਪੜ ਪੂਰਨਾ ਸ਼ੁਰੂ ਕਰਵਾ ਦਿੱਤਾ। ਗੰਦੇ ਪਾਣੀ ਦਾ ਨਿਕਾਸ ਬੰਦ ਹੋਣ ਕਾਰਨ ਗੰਦਾ ਪਾਣੀ ਵਾਪਸ ਘਰਾਂ ਨੂੰ ਜਾਣ ਲੱਗ ਪਿਆ। ਕੰਪਨੀ ਨੇ ਹਾਈਵੇਅ ਕੱਢਣ ਲਈ ਗ੍ਰਾਮ ਪੰਚਾਇਤ ਬੱਖੂਨੰਗਲ ਦੇ ਖਾਤੇ ਵਿੱਚ ਛੱਪੜ ਵਾਲੀ ਜਗ੍ਹਾ ਦੀ ਕੀਮਤ ਚਾਲੀ ਲੱਖ ਰੁਪਏ ਦੇ ਕਰੀਬ ਰਕਮ ਜਮ੍ਹਾਂ ਕਰਵਾ ਦਿੱਤੀ।

ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਡਾਇਰੈਕਟਰ ਨੇ ਪੱਤਰ ਕੱਢ ਕੇ ਇਹ ਰਕਮ ਬੈਂਕ ਵਿੱਚ ਜਮ੍ਹਾਂ ਕਰਵਾ ਕੇ ਇਸ ਰਕਮ ਨੂੰ ਖਰਚਣ ਉੱਪਰ ਪਾਬੰਦੀ ਲਗਾ ਦਿੱਤੀ। ਪੀੜਤ ਪਿੰਡ ਵਾਸੀਆਂ ਦੇ ਵਾਰ ਵਾਰ ਬੇਨਤੀਆਂ ਕਰਨ 'ਤੇ ਬੀਡੀਪੀਓ ਜਲੰਧਰ ਪੱਛਮੀ ਅਤੇ ਨਾਇਬ ਤਹਿਸੀਲਦਾਰ ਕਰਤਾਰਪੁਰ ਮੌਕੇ ਉੱਤੇ ਕਈ ਵਾਰ ਪੁੱਜੇ ਬਦਲਵੇਂ ਪ੍ਰਬੰਧ ਕਰਨ ਦੀ ਥਾਂ ਹਾਈਵੇਅ ਦਾ ਕੰਮ ਚਾਲੂ ਰਹਿਣ ਬਾਰੇ ਹੀ ਕਹਿੰਦੇ ਰਹੇ। ਮਜਬੂਰਨ ਪਿੰਡ ਵਾਸੀਆਂ ਨੂੰ ਪੇਂਡੂ ਮਜਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ 6 ਸਤੰਬਰ ਨੂੰ ਛੱਪੜ ਕੰਢੇ ਮੋਰਚਾ ਲਗਾ ਕੇ ਹਾਈਵੇਅ ਦਾ ਕੰਮ ਰੋਕਣਾ ਪਿਆ।

ਮੰਤਰੀ ਦੇ ਰਵੱਈਏ ਦਾ ਪੇਂਡੂ ਮਜਦੂਰਾਂ ਨੇ ਵਿਰੋਧ ਕੀਤਾ ਅਤੇ ਛੱਪੜ ਦੇ ਬਦਲਵੇਂ ਪ੍ਰਬੰਧ ਤੋਂ ਬਿਨਾਂ ਹਾਈਵੇਅ ਦਾ ਕੰਮ ਕਿਸੇ ਵੀ ਸੂਰਤ ਵਿੱਚ ਨਾ ਚੱਲਣ ਦਾ ਐਲਾਨ ਕੀਤਾ ਅਤੇ 20 ਸਤੰਬਰ ਨੂੰ ਕਰਤਾਰਪੁਰ ਵਿਖੇ ਦਿੱਤੇ ਜਾ ਰਹੇ ਧਰਨੇ ਮੁਜਾਹਰੇ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਮਜਦੂਰਾਂ ਨੂੰ ਅਪੀਲ ਵੀ ਕੀਤੀ।

ਸਰਬ ਨੌਜਵਾਨ ਸਭਾ ਵੱਲੋਂ ਸਮੂਹਿਕ ਵਿਆਹ ਸਮਾਗਮ ਦੀਆਂ ਤਿਆਰੀਆਂ

ਫਗਵਾੜਾ (ਜਸਵਿੰਦਰ ਢੱਡਾ)- ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਵੱਲੋਂ 22 ਅਕਤੂਬਰ ਨੂੰ ਕਰਵਾਏ ਜਾ ਰਹੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਵਿਆਹ ਅਤੇ 28 ਅਕਤੂਬਰ ਨੂੰ ਮਾਂ ਭਗਵਤੀ ਦੇ ਵਿਸ਼ਾਲ ਜਾਗਰਣ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਦੋਵਾਂ ਸਮਾਗਮਾਂ ਦੀ ਰੌਣਕ ਵਧਾਉਣ ਲਈ ਪਤਵੰਤਿਆਂ ਨੂੰ ਸੱਦਾ ਪੱਤਰ ਵੰਡਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਐਸ.ਐਸ.ਪੀ ਕਪੂਰਥਲਾ ਰਾਜਪਾਲ ਸਿੰਘ ਸੰਧੂ, ਡਿਪਟੀ ਕਮਿਸ਼ਨਰ ਕਪੂਰਥਲਾ ਕਰਨੈਲ ਸਿੰਘ, ਕਮਾਂਡੈਂਟ ਆਈ.ਐਸ.ਟੀ.ਸੀ ਕਪੂਰਥਲਾ ਸੰਦੀਪ ਸ਼ਰਮਾ, ਅਨੁਪਮ ਕਲੇਰ ਨਗਰ ਨਿਗਮ ਕਮਿਸ਼ਨਰ ਕਪੂਰਥਲਾ, ਨਵਦੀਪ ਸਿੰਘ ਭੋਗਲ ਡੀ.ਆਰ.ਓ. ਕਪੂਰਥਲਾ, ਅਮਨਦੀਪ ਨਾਹਰ ਐੱਸ.ਐੱਚ.ਓ. ਸਿਟੀ ਕਪੂਰਥਲਾ, ਸਬ-ਇੰਸਪੈਕਟਰ ਕਾਂਤੀ ਰਾਣੀ ਕਪੂਰਥਲਾ ਤੋਂ ਇਲਾਵਾ ਹੋਰ ਵੀ ਪਤਵੰਤਿਆਂ ਨੇ ਇਨ੍ਹਾਂ ਸਮਾਗਮਾਂ ਵਿੱਚ ਹਾਜ਼ਰੀ ਭਰਨ ਦਾ ਸੱਦਾ ਪ੍ਰਵਾਨ ਕਰਦਿਆਂ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਅਤੇ ਸਭਾ ਨੂੰ ਸਹਿਯੋਗ ਦਾ ਭਰੋਸਾ ਦਿੱਤਾ । ਉਨ੍ਹਾਂ ਦੱਸਿਆ ਕਿ ਸਮੂਹਿਕ ਵਿਆਹ ਸਮਾਗਮ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਹੋਵੇਗਾ ਜਦਕਿ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦੇਣ ਲਈ ਮਾਂ ਭਗਵਤੀ ਜਾਗਰਣ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਜਾਵੇਗਾ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ: ਵਿਜੇ ਕੁਮਾਰ, ਵਿੱਕੀ ਸਿੰਘ, ਮਨਦੀਪ ਬਾਸੀ, ਸਾਹਿਬਜੀਤ ਸਾਬੀ, ਅਨੁਪ ਦੁੱਗਲ, ਸੁਰਿੰਦਰ ਬੱਧਣ, ਮੈਡਮ ਤਨੂ, ਮੈਡਮ ਪੂਜਾ ਸੈਣੀ, ਮੈਡਮ ਰਮਨਦੀਪ ਕੌਰ, ਸਰਜੀਤ ਸੇਠ ਮੈਨੇਜਰ, ਮੈਡਮ ਸਪਨਾ ਸ਼ਾਰਦਾ ਆਦਿ ਹਾਜ਼ਰ ਸਨ।

ਜ਼ਿਲ੍ਹਾ ਪੁਲਸ ਸਾਂਝ ਕਮੇਟੀ ਦੀ ਮੀਟਿੰਗ 'ਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਹੋਣ ਦਾ ਸੱਦਾ

ਰੂਪਨਗਰ : ਜ਼ਿਲ੍ਹਾ ਪੁਲਸ ਸਾਂਝ ਕਮੇਟੀ ਰੂਪਨਗਰ ਦੀ ਮੀਟਿੰਗ ਸਥਾਨਿਕ ਪੁਲਸ ਲਾਈਨ ਵਿਖੇ ਹੋਈ। ਮੀਟਿੰਗ ਵਿੱਚ ਜ਼ਿਲ੍ਹੇ ਦੇ ਸਮੂਹ ਸਾਂਝ ਕਮੇਟੀਆ ਦੇ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਪੰਜਾਬ ਵਿੱਚ ਨਸ਼ਿਆਂ ਕਾਰਨ ਸਮਾਜਿਕ, ਆਰਥਿਕ ਪਹਿਲੂਆਂ ਅਤੇ ਮਾਨਵ ਸੰਸਾਧਨ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਤੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਵਿੱਚ ਆਪਣੇ ਆਪਣੇ ਵਿਚਾਰ ਸਾਂਝੇ ਕਰਦਿਆਂ ਸਮੂਹ ਮੈਂਬਰਾਂ ਨੇ ਪੰਜਾਬ ਦੇ ਉਜਲ ਭਵਿੱਖ ਲਈ ਰਾਜ ਦੇ ਚਿੰਤਕ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੀ ਜਵਾਨੀ ਨੂੰ ਬਚਾਉਣ ਅਤੇ ਸਮਾਜਿਕ ਅਤੇ ਆਰਥਿਕ ਪਹਿਲੂਆਂ ਨੂੰ ਸੁਰੱਖਿਅਤ ਬਣਾਈ ਰੱਖਣ ਲਈ ਲਾਮਬੰਦ ਹੋਣ।

ਉਨ੍ਹਾਂ ਪੰਜਾਬ ਅੰਦਰ ਵੱਖ-ਵੱਖ ਸੰਗਠਨਾਂ, ਪੰਚਾਇਤਾਂ ਦੇ ਪ੍ਰਤੀਨਿਧਾਂ ਵਲੋਂ ਨਸ਼ਿਆਂ ਦੇ ਮਾੜੇ ਕੰਮਾਂ 'ਚ ਲੁਪਤ ਲੋਕਾਂ ਦਾ ਸਮਾਜਿਕ ਬਾਈਕਾਟ ਕਰਨ ਅਤੇ ਉਨ੍ਹਾਂ ਦੀ ਕਿਸੇ ਵੀ ਤਰ੍ਹਾਂ ਦੀ ਮਦਦ ਨਾ ਕਰਨ ਲਈ ਅਰੰਭੇ ਯਤਨਾਂ ਦੀ ਵੀ ਸ਼ਲਾਘਾ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਾਂਝ ਕਮੇਟੀ ਦੇ ਇੰਚਾਰਜ਼ ਇੰਸਪੈਕਟਰ ਰਣਜੀਤ ਸਿੰਘ ਨੇ ਕਿਹਾ ਕਿ ਪੰਜਾਬ ਪੁਲਸ ਵਲੋਂ ਨਸ਼ਿਆਂ ਦੇ ਸੁਦਾਗਰਾਂ ਦੇ ਖਿਲਾਫ ਲੋਕਾਂ ਨੂੰ ਜਾਗਰੂਕ ਕਰਨ ਲਈ ਰਾਜ ਭਰ 'ਚ ਵਿਸ਼ੇਸ਼ ਮੁਹਿਮ ਅਰੰਭ ਕੀਤੀ ਗਈ ਹੈ ਅਤੇ ਇਸ ਦੀ ਸਫਲਤਾ ਲਈ ਲੋਕਾਂ ਦਾ ਸਹਿਯੋਗ ਬਹੁਤ ਹੀ ਕਾਰਗਰ ਸਿੱਧ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਨਸ਼ਿਆਂ, ਗੈਰਵਾਰ ਜਾਂ ਧਾਰਮਿਕ ਕੱਟੜਤਾ ਕਾਰਨ ਕੁਰਾਹੇ ਪਏ ਨੌਜਵਾਨਾਂ ਨੂੰ ਕੌਂਸਲਿੰਗ ਕਰਕੇ ਸਹੀ ਸੇਧ ਦੇਣ, ਸਮਾਜ ਦੇ ਜ਼ਿੰਮੇਵਾਰ ਨਾਗਰਿਕ ਬਣਾਉਣ ਲਈ ਜ਼ਿਲ੍ਹਾ ਸਬ ਡਵੀਜਨ ਲੇਵਲ 'ਤੇ ਸਾਂਝ ਦੇ ਬੈਨਰ ਹੇਠ ਯੁਵਾ ਸਾਂਝ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਇਹ ਜਾਣਕਾਰੀ ਵੀ ਦਿੱਤੀ ਕਿ ਪੰਜਾਬ ਪੁਲਸ ਵਲੋਂ ਸਿੱਖਿਆ ਵਿਭਾਗ ਦੇ ਆਪਸੀ ਸਹਿਯੋਗ ਨਾਲ ਸਕੂਲੀ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਅਤੇ ਨੇਕ ਨਾਗਰਿਕ ਬਣਾਉਣ ਲਈ ਸਟੂਡੈਂਟ ਪੁਲਸ ਕੈਡੇਟ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ।

ਪਹਿਲੇ ਫੇਜ 'ਚ ਰੂਪਨਗਰ ਜ਼ਿਲ੍ਹੇ ਦੇ 10 ਸਕੂਲਾਂ ਨੂੰ ਇਸ ਲਈ ਚੁਣਿਆ ਗਿਆ ਹੈ। ਮੀਟਿੰਗ ਵਿੱਚ ਪ੍ਰਮੁੱਖ ਤੌਰ ਨੇ ਇੰਸਪੈਕਟਰ ਹਰਪ੍ਰੀਤ ਸਿੰਘ ਤੋਂ ਇਲਾਵਾ ਸਾਂਝ ਕਮੇਟੀ ਮੈਂਬਰਾਂ ਯੋਗੇਸ ਮੋਹਨ ਪੰਕਜ, ਇੰਜ. ਕਰਨੈਲ ਸਿੰਘ, ਐਚ. ਐਸ. ਰਾਹੀ, ਦਰਸ਼ਨ ਸਿੰਘ, ਭਗਵੰਤ ਕੌਰ, ਜਗਦੀਪ ਕੌਰ, ਜਸਵਿੰਦਰ ਕੌਰ ਸਾਹੀ, ਐਡਵੋਕੇਟ ਅਮਰੀਕ ਸਿੰਘ ਕਟਵਾਲ, ਹਰਮੇਸ਼ ਸਿੰਘ, ਸਿਵ ਕੁਮਾਰ, ਸਿਮਰਜੀਤ ਕੌਰ, ਨਵੀਨ ਦਰਦੀ, ਸੰਤ ਸਿੰਘ ਉਬਰਾਏ, ਪ੍ਰਕਾਸ਼ ਕੌਰ, ਹਰਪਾਲ ਕੌਰ, ਪ੍ਰਕਾਸ਼ ਕੌਰ, ਕੁਲਦੀਪ ਸਿੰਘ, ਭੁਪਿੰਦਰ ਸਿੰਘ, ਦੇਵਿੰਦਰ ਸਿੰਘ, ਮਨਦੀਪ ਸਿੰਘ, ਗੁਰਵਿੰਦਰ ਸਿੰਘ ਜੱਗੀ, ਤਰਲੋਚਨ ਸਿੰਘ, ਲਛਮਣ ਸਿੰਘ, ਅਜੈਬ ਸਿੰਘ ਮਨਜੀਤ ਸਿੰਘ, ਰਾਜ ਖੰਨਾ ਆਦਿ ਹਾਜ਼ਰ ਸਨ।

ਪਟੀਸ਼ਨਰ ਸਾਥੀ ਰਹਿਣ ਸਾਵਧਾਨ : ਭੁਪਿੰਦਰ ਸਿੰਘ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਰੋਡਵੇਜ਼ ਪੈਨਸ਼ਨਰਜ਼ ਐਂਡ ਫੈਮਿਲੀ ਵੈਲਫ਼ੇਅਰ ਐਸੋਸੀਏਸ਼ਨ ਪੰਜਾਬ ਹੈੱਡ ਆਫ਼ਿਸ ਹੁਸ਼ਿਆਰਪੁਰ ਦੇ ਪ੍ਰਧਾਨ ਭੁਪਿੰਦਰ ਸਿੰਘ ਸਟੇਸ਼ਨ ਸੁਪਰਵਾਇਜ਼ਰ ਨੇ ਪ੍ਰੈਸ ਬਿਆਨ ਰਾਹੀਂ ਪੰਜਾਬ ਰੋਡਵੇਜ ਵਿਭਾਗ ਵਿੱਚੋਂ ਰਿਟਾਇਰ ਪੈਂਨਸ਼ਨਰਜ ਨੂੰ ਸਾਵਧਾਨ ਕਰਦਿਆਂ ਕਿਹਾ ਹੈ ਕਿ ਜਿਹੜੇ ਪੈਨਸ਼ਨਰ ਸਾਥੀਆਂ ਨੇ ਮਿਤੀ 01/07/2015 ਤੋਂ 30/06/2021 ਤੱਕ ਡੀ.ਏ. ਦਾ 12% ਵਿਆਜ਼ ਸਮੇਤ ਬਕਾਇਆ ਲੈਣ ਦਾ ਕੇਸ ਪੰਜਾਬ / ਹਰਿਆਣਾ ਹਾਈਕੋਰਟ ਚੰਡੀਗੜ੍ਹ ਵਿਚ ਪਾਇਆ ਹੈ, ਉਨ੍ਹਾਂ ਨੂੰ ਪੰਜਾਬ ਰੋਡਵੇਜ਼ ਦੇ ਆਫ਼ਿਸ ਵਲੋਂ ਫੋਨ ਆ ਰਹੇ ਹਨ ਅਤੇ ਰਜਿਸਟਰੀਆਂ ਵੀ ਪਾਈਆਂ ਜਾ ਰਹੀਆਂ ਹਨ। ਸਾਰੇ ਪਟੀਸ਼ਨਰ ਸਾਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਕਿਸੇ ਵੀ ਆਏ ਫੋਨ ਅਤੇ ਰਜਿਸਟਰੀ ਦਾ ਜਵਾਬ ਨਾ ਦਿੱਤਾ ਜਾਵੇ, ਨਾ ਹੀ ਕੋਈ ਦਫਤਰ ਨੂੰ ਜਾਣਕਾਰੀ ਦਿੱਤੀ ਜਾਵ, ਰਜਿਸਟਰੀਆਂ ਵੀ ਰਸੀਵ ਨਾ ਕੀਤੀਆਂ ਜਾਣ ਅਤੇ ਕੋਈ ਵੀ ਡਾਕੂਮੈਂਟ ਅਧਾਰ ਕਾਰਡ, ਪੈਨ ਕਾਰਡ ਬੈਂਕ ਖਾਤਾ ਆਦਿ ਦਫਤਰ ਵਿਖੇ ਨਾ ਦਿੱਤਾ ਜਾਵੇ।

ਵਰਲਡ ਕੈਂਸਰ ਕੇਅਰ ਵੱਲੋਂ ਮੰਡੀ ਵਿਖੇ ਕੈਂਪ

ਫਿਲੌਰ (ਨਿਰਮਲ)-ਨਜ਼ਦੀਕੀ ਪਿੰਡ ਮੰਡੀ ਦੇ ਗੁਰਦੁਆਰਾ ਫਤੇਆਣਾ ਸਾਹਿਬ ਵਿਖੇ ਐਨ ਆਰ ਆਈ ਵੀਰ ਹਰਨੇਕ ਸਿੰਘ ਪੁੱਤਰ ਹਰਬੰਸ ਸਿੰਘ ਬੰਬੇ ਵਾਲੇ (ਯੂ ਕੇ) ਨਿਵਾਸੀ ਦੇ ਪਰਵਾਰ ਵੱਲੋਂ ਵਰਲਡ ਕੈਂਸਰ ਕੇਅਰ ਦੇ ਸਹਿਯੋਗ ਨਾਲ ਕੈਂਸਰ ਚੈਕਅੱਪ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਨੂੰ ਸਫਲ ਬਣਾਉਣ ਵਿੱਚ ਸਮੂਹ ਪ੍ਰਬੰਧਕਾਂ ਤੇ ਸੰਗਤਾਂ ਦਾ ਵਿਸ਼ੇਸ਼ ਸਹਿਯੋਗ ਰਿਹਾ। ਕੈਂਪ ਦੌਰਾਨ ਔਰਤਾਂ ਤੇ ਮਰਦਾਂ ਦੇ ਸਰੀਰਾਂ ਦੀ ਜਾਂਚ, ਔਰਤਾਂ ਦੇ ਛਾਤੀ ਦੇ ਕੈਂਸਰ ਲਈ ਜਾਂਚ ਲਈ ਮੈਮੋਗ੍ਰਾਫੀ ਟੈਸਟ, ਮਰਦਾਂ ਦੇ ਪੀ ਐਸ ਏ ਟੈਸਟ ਆਦਿ ਕੀਤੇ ਗਏ ਤੇ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਮਾਹਿਰ ਡਾਕਟਰਾਂ ਨੇ ਕੈਂਸਰ ਤੋਂ ਬਚਾਅ ਤੇ ਸਹੀ ਉਪਾਅ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਅਵਤਾਰ ਸਿੰਘ ਲੰਬੜਦਾਰ,ਹਰਜੀਤ ਸਿੰਘ ਮੰਡੀ ,ਅਮਰੀਕ ਸਿੰਘ, ਸੁਖਦੇਵ ਸਿੰਘ, ਭੁਪਿੰਦਰ ਸਿੰਘ, ਗੁਰਦੇਵ ਸਿੰਘ,ਵਿਨੋਦ ਭਾਰਦਵਾਜ, ਦੇਬਾ ਢਿੱਲੋਂ, ਬਿੱਲਾ ਵੀ ਹਾਜਰ ਸਨ।

ਸਰਕਾਰੀ ਕਾਲਜ 'ਚ ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਨੇ ਕਾਰਜਭਾਰ ਸੰਭਾਲਿਆ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਸਰਕਾਰੀ ਕਾਲਜ ਹੁਸ਼ਿਆਰਪੁਰ ਵਿੱਚ ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਨੇ ਕਾਲਜ ਦਾ ਕਾਰਜਭਾਰ ਸੰਭਾਲਿਆ। ਉਹ ਜੀ.ਕੇ.ਐਸ.ਐਮ. ਸਰਕਾਰੀ ਕਾਲਜ ਟਾਂਡਾ ਵਿਖੇ ਕਾਲਜ ਪ੍ਰਿੰਸੀਪਲ ਦੇ ਤੌਰ 'ਤੇ ਪਹਿਲਾ ਹੀ ਆਪਣੀ ਭੂਮਿਕਾ ਨਿਭਾਅ ਰਹੇ ਹਨ। ਸਭ ਤੋਂ ਪਹਿਲਾ ਪ੍ਰੋ. ਵਿਜੇ ਕੁਮਾਰ ਅਤੇ ਕਾਲਜ ਕੌਂਸਲ ਦੇ ਮੈਂਬਰਾਂ ਵਲੋਂ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਸ਼੍ਰੀਮਤੀ ਨਵਦੀਪ ਕੌਰ ਨੇ ਸਮੂਹ ਕਾਲਜ ਕੌਂਸਲ ਵੱਲੋਂ ਪ੍ਰਿੰਸੀਪਲ ਡਾ. ਸ਼ਸ਼ੀ ਬਾਲਾ ਦਾ ਰਸਮੀ ਸਵਾਗਤ ਕੀਤਾ। ਇਸ ਮੌਕੇ ਸਰਕਾਰੀ ਕਾਲਜ ਟਾਂਡਾ ਦੇ ਐਸੋਸੀਏਟ ਪ੍ਰੋਫੈਸਰ ਸ਼੍ਰੀਮਤੀ ਰਮਿੰਦਰ ਜੀਤ ਕੌਰ ਤੋਂ ਇਲਾਵਾ ਪ੍ਰੋ. ਨਵਦੀਪ ਕੌਰ, ਡਾ. ਹਰਜਿੰਦਰ ਸਿੰਘ, ਸ਼੍ਰੀਮਤੀ ਸੁਨੀਤਾ ਭੱਟੀ, ਹਰਜਿੰਦਰ ਪਾਲ, ਡਾ. ਚਰਨਪੁਸ਼ਪਿੰਦਰ ਸਿੰਘ, ਰਣਜੀਤ ਕੁਮਾਰ ਅਤੇ ਨਿਰੰਜਨ ਸਿੰਘ ਹਾਜ਼ਰ ਸਨ।

ਇੰਦਰਜੀਤ ਸਿੰਘ ਭਾਰਟਾ ਤੇ ਅਮਨਦੀਪ ਸਿੰਘ ਬਰਖਾਸਤ

ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)- ਸਿੱਖ ਐਜੂਕੇਸ਼ਨਲ ਕੌਂਸਲ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰੀ ਨੇ ਦੱਸਿਆ ਕਿ ਮੈਨੇਜਰ ਇੰਦਰਜੀਤ ਸਿੰਘ ਭਾਰਟਾ ਵਲੋਂ ਗੈਰ ਸੰਵਿਧਾਨਕ ਤੌਰ 'ਤੇ ਬੁਲਾਈ ਗਈ 22 ਸਤੰਬਰ ਦੀ ਜਨਰਲ ਹਾਊਸ ਦੀ ਇਕੱਤਰਤਾ ਕੌਂਸਲ ਦੀ ਵਰਕਿੰਗ ਕਮੇਟੀ ਵੱਲੋਂ ਰੱਦ ਕਰ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ ਇੰਦਰਜੀਤ ਸਿੰਘ ਭਾਰਟਾ ਮੈਨੇਜਰ ਅਤੇ ਅਮਨਦੀਪ ਸਿੰਘ ਸੀਨੀਅਰ ਮੀਤ ਪ੍ਰਧਾਨ (1) ਨੂੰ ਉਹਨਾਂ ਦੀਆਂ ਕੌਂਸਲ ਪ੍ਰਤੀ ਗੈਰ ਸੰਵਿਧਾਨਿਕ ਗਤੀਵਿਧੀਆਂ ਕਾਰਨ ਉਹਨਾਂ ਨੂੰ ਉਹਨਾਂ ਦੇ ਅਹੁਦਿਆਂ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ।

20 ਦੀ ਕਿਸਾਨੀ ਕਾਨਫਰੰਸ ਦੀ ਤਿਆਰੀ ਲਈ ਮੀਟਿੰਗ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਕਿਰਤੀ ਕਿਸਾਨ ਯੂਨੀਅਨ ਵਲੋਂ ਅੱਜ ਇਥੋਂ ਦੇ ਨਜ਼ਦੀਕੀ ਪਿੰਡ ਧਰਮਕੋਟ ਵਿਖੇ ਕਿਸਾਨਾਂ ਦੀ ਮੀਟਿੰਗ ਕਰਕੇ ਭਾਰਤ-ਪਾਕਿਸਤਾਨ ਸੜਕੀ ਵਪਾਰ ਖੋਲ੍ਹਣ ਦੇ ਮੁੱਦੇ 'ਤੇ 20 ਸਤੰਬਰ ਨੂੰ ਦਾਣਾ ਮੰਡੀ ਨਵਾਂਸ਼ਹਿਰ ਵਿਚ ਕੀਤੀ ਜਾ

18-SEP-PAGE-10.qxd 9/17/2023 8:56 PM Page 1

ਪੁਰਾਣੀ ਪੈਨਸ਼ਨ ਬਹਾਲੀ 'ਚ ਦੇਰੀ 'ਤੇ ਹਲਕਾ ਵਿਧਾਇਕਾਂ ਨੂੰ ਦਿੱਤੇ ਰੋਸ ਪੱਤਰ

8 ਅਕਤੂਬਰ ਨੂੰ ਵਿੱਤ ਮੰਤਰੀ ਦੇ ਹਲਕੇ 'ਚ ਹੋਵੇਗੀ ਮਹਾਂਰੈਲੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਪਿਛਲੇ ਦਿਨੀਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਦੀ ਸੂਬਾ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਜ਼ਿਲ੍ਹਾ ਸੰਗਰੂਰ ਦੇ ਹਲਕਾ ਸੁਨਾਮ ਦੇ ਵਿਧਾਇਕ ਨੂੰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜ਼ਿਲ੍ਹਾ ਸੰਗਰੂਰ ਦੀ ਅਗਵਾਈ ਵਿੱਚ ਰੋਸ ਪੱਤਰ ਸੌਂਪਿਆ ਗਿਆ।

ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਤ ਮੰਤਰੀ ਨੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨਾਲ 6 ਅਪ੍ਰੈਲ ਨੂੰ ਪੰਜਾਬ ਭਵਨ ਵਿੱਚ ਹੋਈ ਮੀਟਿੰਗ ਵਿੱਚ ਦੋ ਮਹੀਨਿਆਂ ਅੰਦਰ ਪੁਰਾਣੀ ਪੈਨਸ਼ਨ ਬਹਾਲੀ ਦਾ ਐੱਸ ਓ ਪੀ ਜਾਰੀ ਕਰਨ ਦਾ ਵਾਅਦਾ ਕੀਤਾ ਸੀ, ਪਰ ਜਦੋਂ ਪੰਜ ਮਹੀਨੇ ਬੀਤ ਜਾਣ ਦੇ ਬਾਅਦ ਵੀ ਆਪਣੇ ਵਾਅਦੇ ਨੂੰ ਅਮਲੀ ਜਾਮਾ ਨਹੀਂ ਪਹਿਨਾਇਆ ਤਾਂ ਮੁਲਾਜ਼ਮਾਂ ਅੰਦਰ ਪਸਰ ਰਹੇ ਰੋਸ ਨੂੰ ਤੇ ਜਮਹੂਰੀਅਤ ਨੂੰ ਦਬਾਉਣ ਲਈ ਥੋਪੇ ਗਏ ਕਾਲੇ ਕਾਨੂੰਨ ਐਸਮਾ ਕਾਨੂੰਨ ਹੱਕਾਂ ਲਈ ਲੜਨ ਵਾਲਿਆਂ ਲੋਕਾਂ ਵਿਰੁੱਧ ਵਰਤਿਆ ਜਾਣਾ ਹੈ। ਲੋਕਤੰਤਰਿਕ ਢਾਂਚੇ ਵਿੱਚ ਅਜਿਹੇ ਕਾਨੂੰਨ ਦਾ ਹੋਣਾ ਸ਼ਰਮਨਾਕ ਹੈ। ਮੌਜੂਦਾ ਪੰਜਾਬ ਸਰਕਾਰ ਵੱਡੇ ਵੱਡੇ ਕੰਮਾਂ ਨੂੰ ਥੋੜ੍ਹੇ ਸਮੇਂ ਵਿੱਚ ਕਰਕੇ ਦਿਖਾਉਣ ਦਾ ਦਾਅਵਾ ਕਰਦੀ ਹੈ, ਪਰ ਖੁਦ ਦੇ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਲਿਖਤੀ ਕੀਤੇ ਵਾਅਦੇ ਨੂੰ ਡੇਢ ਸਾਲ ਹੋ ਚੱਲਿਆ ਤੇ ਮੁੱਖ ਮੰਤਰੀ ਦੇ ਐਲਾਨ ਨੂੰ ਵੀ ਇੱਕ ਸਾਲ ਹੋ ਗਿਆ ਹੈ, ਪਰ ਸਰਕਾਰ ਅਮਲੀ ਜਾਮਾ ਪਾਉਣ ਲਈ ਨਾਕਾਮ ਰਹੀ ਹੈ, ਜਦੋਂਕਿ ਗਵਾਂਢੀ ਸੂਬੇ ਦੀ ਸਰਕਾਰ ਨੇ ਬਾਅਦ ਵਿੱਚ ਸਰਕਾਰ ਬਣਾ ਕੇ ਵਾਅਦਾ ਪੂਰਾ ਕਰ ਵਿਖਾਇਆ ਹੈ। ਸਰਕਾਰ ਅਧਿਆਪਕਾਂ ਜਾਂ ਅਧਿਕਾਰੀਆਂ ਨੂੰ ਟ੍ਰੇਨਿੰਗ ਲਈ ਵਿਦੇਸ਼ ਭੇਜਦੀ ਹੈ। ਜੇਕਰ ਪੰਜਾਬ ਸਰਕਾਰ ਨੂੰ ਇਹ ਸਮਝ ਨਹੀਂ ਲੱਗ ਰਹੀ ਕਿ ਪੁਰਾਣੀ ਪੈਨਸ਼ਨ ਕਿਵੇਂ ਲਾਗੂ ਕੀਤੀ ਜਾਵੇ ਤਾਂ ਸਰਕਾਰ ਨੂੰ ਗਵਾਂਢੀ ਸੂਬਿਆਂ ਤੋਂ ਟ੍ਰੇਨਿੰਗ ਲੈ ਲੈਣੀ ਚਾਹੀਦੀ ਹੈ। ਜੇ ਅਜੇ ਵੀ ਸਰਕਾਰ ਟਾਲ ਮਟੋਲ ਜਾਰੀ ਰੱਖਦੀ ਹੈ ਤੇ ਪੁਰਾਣੀ ਪੈਨਸ਼ਨ ਬਹਾਲੀ ਨੂੰ ਅਮਲੀ ਜਾਮਾ ਨਹੀਂ ਪਾਇਆ ਜਾਂਦਾ ਤਾਂ 8 ਅਕਤੂਬਰ ਨੂੰ ਵਿੱਤ ਮੰਤਰੀ ਪੰਜਾਬ ਦੇ ਹਲਕੇ ਦਿੜ੍ਹਬੇ 'ਚ ਸੂਬਾ ਪੱਧਰੀ ਰੈਲੀ ਜ਼ਬਰਦਸਤ ਹੋਵੇਗੀ। ਐੱਨ ਪੀ ਐੱਸ ਮੁਲਾਜ਼ਮਾਂ ਵੱਲੋਂ ਕੀਤੀ ਜਾਣ ਵਾਲੀ ਇਹ ਰੈਲੀ ਸਰਕਾਰ ਦੇ ਵਾਅਦਿਆਂ 'ਤੇ ਇਸ਼ਤਿਹਾਰੀ ਦਾਅਵਿਆਂ ਦੀ ਪੋਲ ਖੋਲ੍ਹ ਕੇ ਰੱਖ ਦੇਵੇਗੀ। ਇਸ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵਿੱਚੋਂ ਮੁੱਖ ਤੌਰ 'ਤੇ ਦਾਤਾ ਸਿੰਘ, ਵਿਸ਼ਵਕਾਂਤ, ਬਾਰਾ ਸਿੰਘ, ਰਾਮ ਸਿੰਘ, ਜਸਵੀਰ ਨਮੋਲ, ਹਰਵੇਲ ਸਿੰਘ, ਕਮਲ ਗਿੱਲ, ਰਣਵੀਰ ਜਖੇਪਲ, ਨਰਿੰਦਰ ਕੁਮਾਰ ਅਕਾਸ਼ਦੀਪ, ਸੁਰੇਸ਼ ਕਾਂਸਲ, ਚਮਕੌਰ ਸਿੰਘ ਆਦਿ ਹਾਜ਼ਰ ਸਨ।

ਧੂਰੀ (ਸੁਖਦੇਵ ਧੂਰੀ)-ਪਿਛਲੇ ਦਿਨੀਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਸੂਬਾ ਕਮੇਟੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਮੁੱਖ ਮੰਤਰੀ ਦੇ ਨਿੱਜੀ ਸਹਾਇਕ ਅੰਮ੍ਰਿਤ ਬਰਾੜ ਨੂੰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜ਼ਿਲ੍ਹਾ ਸੰਗਰੂਰ ਦੀ ਅਗਵਾਈ ਵਿੱਚ ਰੋਸ ਪੱਤਰ ਸੌਂਪਿਆ ਗਿਆ। ਇਸ ਮੌਕੇ ਆਗੂਆਂ ਸਰਬਜੀਤ ਧਾਲੀਵਾਲ, ਮਨਪ੍ਰੀਤ ਟਿੱਬਾ ਤੇ ਗਗਨਦੀਪ ਸ਼ਰਮਾ ਤੋਂ ਇਲਾਵਾ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵਿੱਚੋਂ ਮੁੱਖ ਤੌਰ 'ਤੇ ਕਮਲਦੀਪ ਬਿੱਟੂ, ਹਰਜੀਤ ਗਲਵੱਟੀ, ਯਾਦਵਿੰਦਰ ਪਾਲ, ਜਸਵਿੰਦਰ ਪੇਧਨੀ, ਅਮਰੀਕ ਪੇਧਨੀ, ਜਗਮੀਤ ਭੰਡਾਰੀ, ਧਰਮਵੀਰ ਟਿੱਬਾ, ਅਸ਼ੋਕ ਕੁਮਾਰ, ਗੁਰਜੰਟ ਸਿੰਘ, ਬੂਟਾ ਸਿੰਘ ਆਦਿ ਹਾਜ਼ਰ ਸਨ।

ਬੱਬੀ ਰਾਣਾ ਨੇ ਬਾਕਸਿੰਗ ਚੈਂਪੀਅਨਸ਼ਿਪ 'ਚ ਸੋਨ ਤਮਗਾ ਜਿੱਤਿਆ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-67ਵੀਆਂ ਅੰਤਰ-ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 2023-24, ਅੰਡਰ-19 ਲੜਕਿਆਂ ਦੀ 52-56 ਕਿੱਲੋ ਭਾਰ ਵਰਗ ਦੇ ਤਹਿਤ ਮੁੱਕੇਬਾਜ਼ੀ ਚੈਂਪੀਅਨਸ਼ਿਪ ਸਰਕਾਰੀ ਸਕੂਲ ਵਿਖੇ ਕਰਵਾਈ ਗਈ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਲਟੀਪਰਪਜ਼ ਸਕੂਲ ਪਟਿਆਲਾ ਵਿਖੇ ਕਰਵਾਈਆਂ ਇਨ੍ਹਾਂ ਖੇਡਾਂ ਵਿੱਚ ਐੱਸ ਆਰ ਐੱਸ ਵਿੱਦਿਆਪੀਠ ਸਮਾਣਾ ਦੇ ਵਿਦਿਆਰਥੀ ਬੱਬੀ ਰਾਣਾ ਨੇ ਆਪਣੀ ਬੇਮਿਸਾਲ ਮੁੱਕੇਬਾਜ਼ੀ ਦੇ ਹੁਨਰ ਦਾ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਜਿੱਤ ਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।

ਇਸ ਮੌਕੇ ਐੱਸ ਆਰ ਐੱਸ ਵਿੱਦਿਆਪੀਠ ਸਮਾਣਾ ਦੀ ਪ੍ਰਿੰਸੀਪਲ ਮਿਸ ਮਿਲੀ ਬੋਸ ਤੇ ਚੇਅਰਮੈਨ ਅਮਿਤ ਸਿੰਗਲਾ ਨੇ ਉਨ੍ਹਾਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਅਜਿਹੇ ਖੇਡ ਟੂਰਨਾਮੈਂਟਾਂ 'ਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

ਚਰਚ ਜਾਣ 'ਤੇ ਲੜਕੀ ਦੀ ਸ਼ਰਾਰਤੀ ਅਨਸਰਾਂ ਵੱਲੋਂ ਮਾਰ-ਕੁੱਟ

ਅੰਕੁਰ ਨਰੂਲਾ ਮਿਨਿਸਟਰੀ ਤੇ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਪੀੜਤਾ ਨੂੰ ਕਰਾਏਗੀ ਇਲਾਜ ਮੁਹੱਈਆ : ਪ੍ਰਧਾਨ

ਫਰੀਦਕੋਟ (ਐਲਿਗਜੈਂਡਰ ਡਿਸੂਜਾ) ਬੀਤੇ ਦਿਨੀਂ ਅੰਕੁਰ ਨਰੂਲਾ ਮਿਨਿਸਟਰੀ ਦੀ ਬਰਾਂਚ ਕਪੂਰਥਲਾ ਦੇ ਪਿੰਡ ਸੇਖੂਪੁਰ ਦੇ ਇੱਕ ਮਸੀਹ ਪਰਵਾਰ ਦੀ ਲੜਕੀ ਨੂੰ ਚਰਚ ਜਾਣ ਕਰਕੇ ਪਿੰਡ ਦੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਬਹੁਤ ਜ਼ਿਆਦਾ ਮਾਰ ਕੁੱਟ ਕੀਤੀ ਗਈ, ਜੋਕਿ ਚਰਚ ਟੀਮ ਦੇ ਨਾਲ ਇਵੈਂਜਲੀਜ਼ਮ ਵੀ ਕਰਦੀ ਸੀ। ਇਸ ਬਾਰੇ ਅੰਕੁਰ ਨਰੂਲਾ ਮਿਨਿਸਟਰੀ ਅਧੀਨ ਕੰਮ ਕਰ ਰਹੀ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਨੂੰ ਜਦੋਂ ਪਤਾ ਲੱਗਿਆ ਤਾਂ ਉਨ੍ਹਾਂ ਵੱਲੋਂ ਤੁਰੰਤ ਐਕਸ਼ਨ ਲਿਆ ਗਿਆ। ਇਸ ਮੌਕੇ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਦੇ ਪ੍ਰਧਾਨ ਜਤਿੰਦਰ ਮਸੀਹ ਗੌਰਵ ਨੇ ਦੱਸਿਆ ਕਿ ਅੰਕੁਰ ਨਰੂਲਾ ਮਿਨਿਸਟਰੀ ਖਾਂਬਰਾ, ਮੁੱਖ ਚਰਚ ਜਲੰਧਰ ਤੇ ਖਾਂਬਰਾ ਚਰਚ ਦੀਆਂ ਸਾਰੀਆਂ ਬ੍ਰਾਂਚਾਂ 'ਚੋਂ ਰੋਜ਼ਾਨਾ ਚਰਚ ਦੇ ਭਾਈਆਂ ਤੇ ਭੈਣਾਂ ਦੁਆਰਾ ਇਵੈਂਜਲੀਜ਼ਮ ਦਾ ਕੰਮ ਸ਼ਹਿਰਾਂ ਅਤੇ ਪਿੰਡਾਂ ਵਿੱਚ ਘਰਾਂ ਤੇ ਬਜ਼ਾਰਾਂ 'ਚ ਕੀਤਾ ਜਾਂਦਾ ਹੈ। ਇਸੇ ਮੁਹਿੰਮ ਦੇ ਅਧੀਨ ਕਪੂਰਥਲਾ ਚਰਚ ਬਰਾਂਚ ਦੇ ਪਿੰਡ ਸੇਖੂਪੁਰ ਤੋਂ ਇੱਕ ਮਸੀਹ ਪਰਵਾਰ ਦੀ ਲੜਕੀ ਵੀ ਚਰਚ ਆਉਂਦੀ ਸੀ ਤੇ ਇਵੈਂਜਲੀਜ਼ਮ ਵੀ ਕਰਨ ਜਾਂਦੀ ਸੀ, ਜਿਸ ਦੌਰਾਨ ਉਸ ਨੂੰ ਪਿੰਡ ਦੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਮਾਰ-ਕੁੱਟ ਕੀਤੀ ਗਈ, ਜਿਸ ਦੀ ਹਾਲਤ ਜ਼ਿਆਦਾ ਖਰਾਬ ਹੈ ਅਤੇ ਹਸਪਤਾਲ ਵਿਖੇ ਜ਼ੇਰੇ ਇਲਾਜ ਹੈ। ਇਸ ਮਾਮਲੇ 'ਤੇ ਕਮੇਟੀ ਵੱਲੋਂ ਸਖਤ ਨੋਟਿਸ ਲੈਂਦਿਆਂ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਲਈ ਪੁਲਸ ਪ੍ਰਸ਼ਾਸਨ ਨੂੰ ਕਿਹਾ ਗਿਆ, ਉਨ੍ਹਾਂ ਤੁਰੰਤ ਐਕਸ਼ਨ ਲੈਂਦੇ ਹੋਏ ਸਖ਼ਤ ਧਾਰਾਵਾਂ ਸਮੇਤ ਪਰਚਾ ਦਰਜ ਕੀਤਾ ਗਿਆ। ਉਨ੍ਹਾਂ ਇਸ ਤਰ੍ਹਾਂ ਦੇ ਸ਼ਰਾਰਤੀ ਲੋਕਾਂ ਨੂੰ ਚੇਤਾਵਨੀ ਦਿੱਤੀ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਹਰਕਤਾਂ ਤੋਂ ਬਾਜ਼ ਆਉਣ, ਨਹੀਂ ਤੇ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਭੈਣ ਦਾ ਇਲਾਜ ਅੰਕੁਰ ਨਰੂਲਾ ਮਿਨਿਸਟਰੀ ਤੇ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਵੱਲੋਂ ਕਰਵਾਇਆ ਜਾਵੇਗਾ ਤੇ ਪਰਵਾਰ ਦੀ ਹਰ ਸੰਭਵ ਮਦਦ ਵੀ ਕੀਤੀ ਜਾਵੇਗੀ।

ਕਾਤਰਾਂ

ਟ੍ਰੈਫਿਕ ਨਿਯਮ ਤੋੜਨ ਵਾਲਿਆਂ ਦੇ ਚਲਾਨ ਕੱਟੇ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਟ੍ਰੈਫਿਕ ਪੁਲਸ ਪਾਤੜਾਂ ਵੱਲੋਂ ਪਾਤੜਾਂ ਸ਼ਹਿਰ ਵਿੱਚੋਂ ਲੰਘਦੇ ਵੱਖ ਵੱਖ ਵਾਹਨਾਂ ਦੀ ਜਾਂਚ-ਪੜਤਾਲ ਕਰਦਿਆਂ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਨਾਕੇਬੰਦੀ ਕਰਕੇ ਵਾਹਨਾਂ ਦੇ ਚਲਾਨ ਕੀਤੇ ਗਏ। ਜਾਣਕਾਰੀ ਦਿੰਦੇ ਹੋਏ ਟ੍ਰੈਫਿਕ ਪੁਲਸ ਪਤੜਾਂ ਦੇ ਇੰਚਾਰਜ ਥਾਣੇਦਾਰ ਹਰਦੇਵ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਦੀਆਂ ਹਦਾਇਤਾਂ 'ਤੇ ਕਾਰਵਾਈ ਕਰਦਿਆਂ ਸੜਕੀ ਨਿਯਮ ਟੁੱਟਣ ਸਦਕਾ ਵਾਪਰਦੇ ਹਾਦਸਿਆਂ ਨੂੰ ਰੋਕਣ ਲਈ ਸ਼ਹਿਰ 'ਚੋਂ ਲੰਘਦੇ ਵੱਖ ਵੱਖ ਵਾਹਨ ਚਾਲਕਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਦੌਰਾਨ ਗਲਤ ਸਾਈਡ ਆਉਣ ਵਾਲੇ ਵਹੀਕਲਾਂ ਤੇ ਪਟਾਕੇ ਵਜਾਉਣ ਵਾਲੇ ਬੁਲਟ ਮੋਟਰਸਾਈਕਲਾਂ ਦੇ ਚਲਾਨ ਕੱਟੇ ਗਏ ਅਤੇ ਜਿਨ੍ਹਾਂ ਵਾਹਨ ਚਾਲਕਾਂ ਕੋਲ ਜ਼ਰੂਰੀ ਕਾਗਜ਼ਾਤ ਜਿਵੇਂ ਡਰਾਇਵਿੰਗ ਲਾਇਸੈਂਸ, ਗੱਡੀ ਦੀ ਰਜਿਸਟਰੇਸ਼ਨ ਕਾਪੀ, ਬੀਮਾ ਆਦਿ ਨਹੀਂ ਸਨ, ਉਨ੍ਹਾਂ ਦੇ ਵੀ ਚਲਾਨ ਕੀਤੇ ਗਏ। ਉਨ੍ਹਾਂ ਗੱਡੀ ਚਲਾਉਣ ਵਾਲੇ ਡਰਾਈਵਰਾਂ ਨੂੰ ਹਦਾਇਤ ਕੀਤੀ ਕਿ ਉਹ ਗੱਡੀ ਚਲਾਉਣ ਵੇਲੇ ਸੜਕੀ ਨਿਯਮਾਂ ਦਾ ਪਾਲਣ ਕਰਨ, ਜਿਸ ਨਾਲ ਕਿਸੇ ਦੀ ਕੀਮਤੀ ਜ਼ਿੰਦਗੀ ਨਾ ਜਾਵੇ।

ਸਿਹਤ ਵਿਭਾਗ ਵੱਲੋਂ ਦੁਕਾਨਾਂ ਦੀ ਚੈਕਿੰਗ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਮਾਛੀਵਾੜਾ ਮੁੱਢਲੇ ਸਿਹਤ ਕੇਂਦਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਦੇਵ ਸਿੰਘ ਦੀ ਅਗਵਾਈ ਵਿੱਚ ਸਿਹਤ ਵਿਭਾਗ ਤੇ ਨਗਰ ਕੌਂਸਲ ਦੀ ਟੀਮ ਵੱਲੋਂ ਸੰਯੁਕਤ ਰੂਪ ਵਿੱਚ ਕਾਰਵਾਈ ਕਰਦਿਆਂ ਮਠਿਆਈਆਂ, ਫਲ ਤੇ ਸਬਜ਼ੀਆਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਟੀਮ ਵੱਲੋਂ ਮੌਕੇ 'ਤੇ ਗਲੇ ਸੜੇ ਫਲ, ਕੱਟ ਕੇ ਰੱਖੇ ਫਲ, ਪਹਿਲਾਂ ਤੋਂ ਬਣਾ ਕੇ ਰੱਖੇ ਜੂਸ ਤੇ ਪੁਰਾਣੀਆਂ ਬਣੀਆਂ ਮਠਿਆਈਆਂ ਨੂੰ ਨਸ਼ਟ ਕਰਵਾਇਆ ਗਿਆ ਅਤੇ ਚਿਤਾਵਨੀ ਦਿੰਦਿਆਂ ਕਿਹਾ ਕਿ ਭਵਿੱਖ ਵਿੱਚ ਅਜਿਹਾ ਕਰਨ ਵਾਲੇ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ। ਨਗਰ ਕੌਂਸਲ ਦੇ ਕਰਮਚਾਰੀਆਂ ਨੇ ਇਹ ਖਰਾਬ ਸਾਮਾਨ ਨਸ਼ਟ ਕੀਤਾ। ਟੀਮ ਵਿੱਚ ਸੁਪਰਵਾਈਜ਼ਰ ਮਨਮੋਹਨ, ਸਿੰਘ, ਸੁਪਰਵਾਈਜ਼ਰ ਪਰਮਵੀਰ ਸਿੰਘ, ਡਾ. ਰਸ਼ਪਾਲ ਸਿੰਘ, ਸਤਵੰਤ ਸਿੰਘ ਤੇ ਨਗਰ ਕੌਂਸਲ ਦੇ ਕਰਮਚਾਰੀ ਹਾਜ਼ਰ ਸਨ।

ਦੁਕਾਨ 'ਚੋਂ ਸਾਮਾਨ ਤੇ ਨਕਦੀ ਚੋਰੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਫ਼ਤਹਿਗੜ੍ਹ ਸਾਹਿਬ ਦੇ ਜੋਤੀ ਸਰੂਪ ਚੌਕ ਨਜ਼ਦੀਕ ਸਥਿਤ ਇੱਕ ਕਰਿਆਨੇ ਦੀ ਦੁਕਾਨ 'ਚ ਬੀਤੀ ਰਾਤ ਚੋਰੀ ਹੋ ਜਾਣ ਦਾ ਸਮਾਚਾਰ ਹੈ। ਪ੍ਰੇਮ ਚੰਦ ਨਾਮਕ ਦੁਕਾਨਦਾਰ ਨੇ ਦੱਸਿਆ ਕਿ ਬੀਤੇ ਜੁਲਾਈ ਮਹੀਨੇ ਉਸ ਦੀ ਕਰਿਆਨੇ ਦੀ ਦੁਕਾਨ ਹੜ੍ਹਾਂ ਦੀ ਲਪੇਟ 'ਚ ਆ ਗਈ ਸੀ, ਜਿਸ ਕਾਰਨ ਉਸ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ ਸੀ, ਜਿਸ ਤੋਂ ਬਾਅਦ ਉਸ ਨੇ ਇੱਧਰੋਂ-ਉੱਧਰੋਂ ਪੈਸੇ ਫੜ੍ਹ ਕੇ ਦੁਕਾਨ 'ਚ ਦੁਬਾਰਾ ਸਾਮਾਨ ਪਾ ਕੇ ਆਪਣੀ ਰੋਜ਼ੀ ਰੋਟੀ ਦਾ ਸਿਲਸਿਲਾ ਸ਼ੁਰੂ ਕੀਤਾ ਸੀ, ਜਿੱਥੇ ਬੀਤੀ ਰਾਤ ਫਿਰ ਚੋਰੀ ਹੋ ਗਈ, ਜਿਸ ਬਾਰੇ ਉਸ ਨੂੰ ਅੱਜ ਸਵੇਰੇ ਪਤਾ ਲੱਗਿਆ। ਦੁਕਾਨਦਾਰ ਪ੍ਰੇਮ ਚੰਦ ਨੇ ਦੱਸਿਆ ਕਿ ਦੁਕਾਨ 'ਚ ਪਈਆਂ 10/15 ਦੇ ਕਰੀਬ ਰਿਫਾਇੰਡ ਤੇਲ ਦੀਆਂ ਪੇਟੀਆਂ, ਆਟੇ ਦੀਆਂ ਥੈਲੀਆਂ, ਚਾਕਲੇਟਾਂ ਦਾ ਕਰੇਟ, ਦਸ ਹਜ਼ਾਰ ਰੁਪਏ ਦੀ ਨਕਦੀ ਤੇ ਹੋਰ ਸਾਮਾਨ ਗਾਇਬ ਹੈ। ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਪਰਾਲੀ ਤੋਂ ਗਿੱਟੀਆਂ ਬਣਾਉਣ ਲਈ ਉਦਯੋਗਿਕ ਇਕਾਈ ਸਥਾਪਤ ਕਰਨ ਦਾ ਸੱਦਾ

ਸੰਗਰੂਰ (ਪ੍ਰਵੀਨ ਸਿੰਘ)-ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਪੰਜਾਬ ਰਾਜ ਵਿਗਿਆਨ ਤੇ ਤਕਨਾਲੋਜੀ ਪ੍ਰੀਸ਼ਦ ਵਿਗਿਆਨ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ ਵੱਲੋਂ ਪੰਜਾਬ ਵਿੱਚ ਨਿਵੇਸ਼ਕਾਂ ਲਈ ਪਰਾਲੀ ਤੋਂ ਗਿੱਟੀਆਂ ਬਣਾਉਣ ਦੀ ਉਦਯੋਗਿਕ ਇਕਾਈਆਂ ਸਥਾਪਤ ਕਰਨ ਲਈ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਝੋਨੇ ਦੀ ਪਰਾਲੀ ਲਈ 50 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ, ਜਿਸ ਵਿੱਚ ਨਾਨ ਟੌਰੀਫਾਈਡ ਤੇ ਟੌਰੀਫਾਈਡ ਗਿੱਟੀਆਂ ਦੀ ਉਦਯੋਗਿਕ ਇਕਾਈ ਦੇ 1 ਟੀ.ਪੀ.ਐਚ. ਪਲਾਂਟ ਲਈ 28 ਲੱਖ ਰੁਪਏ ਤੇ 5 ਟੀ.ਪੀ.ਐਚ. ਪਲਾਂਟ ਲਈ 1 ਕਰੋੜ 40 ਲੱਖ ਰੁਪਏ ਤੱਕ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਰਾਲੀ ਦੀ ਸੰਭਾਲ ਲਈ ਪੰਚਾਇਤੀ ਜ਼ਮੀਨ ਤਰਜੀਹੀ ਆਧਾਰ 'ਤੇ ਉਪਲਬਧ ਕਰਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੇਂਦਰ ਤੇ ਰਾਜ ਸਰਕਾਰ ਦੁਆਰਾ ਬਣਾਈਆਂ ਗਈਆਂ ਨੀਤੀਆਂ ਦੇ ਅਨੁਸਾਰ ਪੰਜਾਬ ਵਿੱਚ ਪਰਾਲੀ ਦੀਆਂ ਗਿੱਟੀਆਂ ਦੀ ਸਾਲਾਨਾ ਮੰਗ 10 ਲੱਖ ਟਨ ਅਨੁਮਾਨੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਨਵੇਂ ਛੋਟੇ ਤੇ ਮੱਧਮ ਉਦਯੋਗਿਕ ਇਕਾਈਆਂ ਲਈ ਹੋਰ ਵਿੱਤੀ ਪ੍ਰੋਤਸਾਹਨ ਵੀ ਦਿੱਤਾ ਜਾ ਰਿਹਾ ਹੈ।

ਮਲਕਪੁਰ 'ਚੋਂ 2

18-Sep-PAGE-11-Majha-2023.qxd 9/17/2023 10:14 PM Page 1

ਸ਼ਮਸ਼ੇਰ ਸਿੰਘ ਨੇ ਦੋਰਾਂਗਲਾ ਬਲਾਕ ਦੇ ਹੜ੍ਹ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਵੰਡਿਆ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਪਿਛਲੇ ਦਿਨੀਂ ਪੰਜਾਬ ਅੰਦਰ ਆਏ ਹੜ੍ਹਾਂ ਕਾਰਨ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਬਲਾਕ ਦੋਰਾਂਗਲਾ ਅੰਦਰ ਹੋਏ ਫਸਲਾਂ ਦੇ ਨੁਕਸਾਨ ਕਾਰਨ ਪ੍ਰਭਾਵਿਤ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ ਮੁਆਵਜ਼ਾ ਰਾਸ਼ੀ ਵੰਡਣ ਦੀ ਸ਼ੁਰੂਆਤ ਅੱਜ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਤੇ ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਵੱਲੋਂ ਕੀਤੀ ਗਈ। ਸਬ ਤਹਿਸੀਲ ਦਫਤਰ ਦੋਰਾਂਗਲਾ ਵਿਖੇ ਇਸ ਸਬੰਧੀ ਕਰਵਾਏ ਗਏ ਸਮਾਗਮ ਵਿੱਚ ਐੱਸਡੀਐੱਮ ਦੀਨਾਨਗਰ ਅਰਵਿੰਦ ਕੁਮਾਰ ਅਤੇ ਨਾਇਬ ਤਹਿਸੀਲਦਾਰ ਰਾਜ ਪ੍ਰਿਤਪਾਲ ਸਿੰਘ ਵੀ ਉਚੇਚੇ ਤੌਰ ਤੇ ਉਨ੍ਹਾਂ ਦੇ ਨਾਲ ਮੌਜੂਦ ਰਹੇ। ਦੋਰਾਂਗਲਾ ਬਲਾਕ ਦੇ ਪਿੰਡਾਂ ਮੱਦੇਵਾਲ ਅਤੇ ਨਡਾਲਾ ਦੇ ਕਿਸਾਨਾਂ ਨੂੰ ਮੁਆਵਜ਼ਾ ਵੰਡਣ ਮੌਕੇ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲਾ ਮੌਕਾ ਹੈ ਕਿ ਜਦੋਂ ਕੁਦਰਤੀ ਆਫਤ ਨਾਲ ਨੁਕਸਾਨ ਹੋਣ ਦੇ ਮਹਿਜ਼ ਕੁਝ ਦਿਨਾਂ ਦੇ ਅੰਦਰ ਹੀ ਸਰਕਾਰ ਵੱਲੋਂ ਕਿਸਾਨਾਂ ਨੂੰ ਮੁਆਵਜ਼ਾ ਅਦਾ ਕੀਤਾ ਗਿਆ ਹੋਵੇ ਜਿਸ ਤੋਂ ਸਾਫ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਪ੍ਰਤੀ ਸੰਜੀਦਾ ਹੈ ਅਤੇ ਜੋ ਕਹਿੰਦੀ ਹੈ ਉਹ ਕਰਕੇ ਵੀ ਵਿਖਾਉਂਦੀ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਕਾਰਨ ਦੋਰਾਂਗਲਾ ਬਲਾਕ ਦੇ 32 ਪਿੰਡਾਂ ਦੇ ਕਿਸਾਨਾਂ ਦੀਆਂ ਫਸਲਾਂ ਪ੍ਰਭਾਵਿਤ ਹੋਈਆਂ ਸਨ, ਜਿੱਥੇ ਪੰਜਾਬ ਸਰਕਾਰ ਵੱਲੋਂ ਕਰੀਬ 1.33 ਕਰੋੜ ਰੁਪਏ ਦਾ ਫਸਲਾਂ ਦੇ ਨੁਕਸਾਨ ਦਾ ਅਨੁਮਾਨ ਲਾਇਆ ਗਿਆ ਸੀ। ਕਿਸਾਨਾਂ ਦੇ ਹੋਏ ਨੁਕਸਾਨ ਦੀ ਭਰਪਾਈ ਦੀ ਪ੍ਰਕਿਰਿਆ ਅੱਜ ਪਿੰਡ ਮੱਦੇਪੁਰ ਅਤੇ ਨਡਾਲਾ ਦੇ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਵੰਡਣ ਤੋਂ ਸ਼ੁਰੂ ਕੀਤੀ ਗਈ ਹੈ ਜੋ ਕਰੀਬ ਇਕ ਹਫਤੇ ਦੇ ਅੰਦਰ ਅੰਦਰ ਪੂਰੀ ਕਰ ਲਈ ਜਾਵੇਗੀ ਅਤੇ ਸਾਰੇ ਹੀ ਪ੍ਰਭਾਵਿਤ ਕਿਸਾਨਾਂ ਦੇ ਖਾਤਿਆਂ ਵਿੱਚ ਮੁਆਵਜੇ ਦੀ ਬਣਦੀ ਰਕਮ ਪਾ ਦਿੱਤੀ ਜਾਵੇਗੀ। ਜ਼ਿਲ੍ਹਾ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਸੂਬਾ ਸਰਕਾਰ ਨੇ ਬੀਤੇ 18 ਮਹੀਨਿਆਂ ਦੌਰਾਨ ਖੇਤੀਬਾੜੀ, ਉਦਯੋਗ, ਸਿੱਖਿਆ, ਸਿਹਤ ਅਤੇ ਰੁਜਗਾਰ ਦੇ ਖੇਤਰ 'ਚ ਸੰਜੀਦਗੀ ਨਾਲ ਕੰਮ ਕੀਤਾ ਹੈ ਤੇ ਲੋਕ ਹਿੱਤ ਦੇ ਇਹ ਕਾਰਜ ਲਗਾਤਾਰ ਜਾਰੀ ਰਹਿਣਗੇ।

ਇਸ ਮੌਕੇ ਬਲਾਕ ਪ੍ਰਧਾਨ ਸੁਖਜਿੰਦਰ ਸਿੰਘ ਬੁਗਨਾ, ਸਰਤਾਜ ਸਿੰਘ ਚਿੱਟੀ, ਜਰਨੈਲ ਸਿੰਘ ਡੁੱਗਰੀ, ਜੋਬਨ, ਟੋਨੀ ਦੋਰਾਂਗਲਾ, ਜਗੀਰ ਸਿੰਘ ਬਲੌਰਪੁਰ, ਜਸਬੀਰ ਸਿੰਘ ਕਠਿਆਲੀ, ਰਣਜੀਤ ਸਿੰਘ ਜੀਵਨ ਚੱਕ, ਹਰਦੀਪ ਸਿੰਘ ਕਠਿਆਲੀ, ਸੁਲੱਖਣ ਸਿੰਘ ਤੂਤ, ਰਜਿੰਦਰ ਸਿੰਘ ਆਲੀਨੰਗਲ, ਕਮਲਜੀਤ ਸਿੰਘ ਆਦੀਆਂ ਅਤੇ ਰਣਜੋਧ ਸਿੰਘ ਬੈਂਸ ਵੀ ਹਾਜ਼ਰ ਸਨ।

ਪੰਜਾਬ ਸਟੇਟ ਹੈਲਥ ਏਜੰਸੀ ਵੱਲੋਂ 'ਆਯੂਸ਼ਮਾਨ ਆਪਕੇ ਦੁਆਰ' ਮੁਹਿੰਮ ਦਾ ਆਗਾਜ਼

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਸਟੇਟ ਹੈਲਥ ਏਜੰਸੀ ਵੱਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਵਿਸ਼ੇਸ਼ ਮੁਹਿੰਮ 'ਆਯੂਸ਼ਮਾਨ ਆਪਕੇ ਦੁਆਰ' ਸ਼ੁਰੂ ਕੀਤੀ ਗਈ ਹੈ, ਜਿਸ ਦੇ ਤਹਿਤ ਯੋਗ ਲਾਭਪਾਤਰੀਆਂ ਨੂੰ ਆਯੂਸ਼ਮਾਨ ਭਾਰਤ-ਮੁਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਈ-ਕਾਰਡ ਜਾਰੀ ਕਰਨ ਲਈ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਪ੍ਰਮੁੱਖ ਬੀਮਾ ਯੋਜਨਾ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਇਹ ਸਕੀਮ ਸੂਬੇ ਭਰ ਦੇ 800 ਤੋਂ ਵੱਧ ਸਰਕਾਰੀ ਅਤੇ ਪ੍ਰਾਈਵੇਟ ਸੂਚੀਬੱਧ ਹਸਪਤਾਲਾਂ ਵਿੱਚ ਹਰੇਕ ਪਰਿਵਾਰ ਲਈ ਪ੍ਰਤੀ ਸਾਲ 5 ਲੱਖ ਰੁਪਏ ਤੱਕ ਦੇ ਨਗਦੀ ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕਰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸਕੀਮ ਤਹਿਤ ਲਗਭਗ 1600 ਕਿਸਮਾਂ ਦੇ ਇਲਾਜ ਕਰਵਾਏ ਜਾ ਸਕਦੇ ਹਨ, ਜਿਸ ਵਿੱਚ ਗੋਡੇ ਬਦਲਣ, ਦਿਲ ਦੀ ਸਰਜਰੀ, ਕੈਂਸਰ ਦੇ ਇਲਾਜ ਆਦਿ ਸ਼ਾਮਲ ਹਨ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਇਸ ਵਿਸ਼ੇਸ਼ ਪੰਦਰਵਾੜਾ ਮੁਹਿੰਮ ਤਹਿਤ ਵਿਭਾਗ ਵੱਲੋਂ ਸਾਰੇ ਜ਼ਿਲ੍ਹਿਆਂ ਅਤੇ ਬਲਾਕਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾਣਗੇ ਤਾਂ ਜੋ ਯੋਗ ਲਾਭਪਾਤਰੀ ਮੁਫ਼ਤ ਸਿਹਤ ਬੀਮਾ ਕਵਰੇਜ ਦਾ ਲਾਭ ਆਸਾਨੀ ਨਾਲ ਪ੍ਰਾਪਤ ਕਰ ਸਕਣ। ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ ਪਿੰਡ/ਵਾਰਡ ਪੱਧਰ 'ਤੇ ਈ-ਕਾਰਡ ਬਣਾਉਣ ਲਈ 7000 ਤੋਂ ਵੱਧ ਕਾਮਨ ਸਰਵਿਸ ਸੈਂਟਰ ਕਾਰਜਸ਼ੀਲ ਹਨ। ਯੋਗ ਲਾਭਪਾਤਰੀ ਕਾਰਡ ਬਣਾਉਣ ਲਈ ਆਪਣੇ ਨੇੜਲੇ ਕਾਮਨ ਸਰਵਿਸ ਸੈਂਟਰ 'ਤੇ ਵੀ ਜਾ ਸਕਦੇ ਹਨ। ਰਮਨ ਬਹਿਲ ਨੇ ਅੱਗੇ ਦੱਸਿਆ ਕਿ ਹੁਣ ਲਾਭਪਾਤਰੀ ਨੈਸ਼ਨਲ ਹੈਲਥ ਅਥਾਰਟੀ ਵੱਲੋਂ ਤਿਆਰ ਕੀਤੀ ਗਈ 'ਆਯੂਸ਼ਮਾਨ ਐਪ' ਦੀ ਵਰਤੋਂ ਕਰਕੇ ਵੀ ਆਯੂਸ਼ਮਾਨ ਭਾਰਤ-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਈ-ਕਾਰਡ ਲਈ ਬਿਨੈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ 44 ਲੱਖ ਦੇ ਕਰੀਬ ਰਜਿਸਟਰਡ ਪਰਿਵਾਰ ਆਯੂਸ਼ਮਾਨ ਭਾਰਤ-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਲਾਭ ਲੈ ਰਹੇ ਹਨ।

'ਚੋਰਾਂ ਦੀ ਪੈੜ ਨੱਪਣ 'ਚ ਪੁਲਸ ਪ੍ਰਸ਼ਾਸਨ ਫੇਲ ਕਿਓਂ' ਬਾਬਤ ਸ਼ਹਿਰ 'ਚ ਛਿੜੀ ਚਰਚਾ

ਬਟਾਲਾ (ਤਰਲੋਕ ਬੱਗਾ)—ਚੋਰਾਂ ਵੱਲੋਂ ਸਮੇਂ-ਸਮੇਂ 'ਤੇ ਸ਼ਹਿਰ 'ਚ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ 'ਤੇ ਪੁਲਸ ਪ੍ਰਸ਼ਾਸਨ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਚੋਰਾਂ ਦੇ ਹੌਸਲੇ ਇੰਨੇ ਬੁਲੰਦ ਹੋ ਗਏ ਹਨ ਕਿ ਉਹ ਸਨਅਤੀ ਖੇਤਰ 'ਚ ਭਾਰੀ ਮਾਤਰਾ 'ਚ ਲੋਹੇ ਦੀ ਕੜਾਹੀ ਵੀ ਚੋਰੀ ਕਰਕੇ ਲੈ ਆਉਂਦੇ ਹਨ। ਰਾਤ ਨੂੰ ਚੋਰੀ ਨੂੰ ਅੰਜਾਮ ਦੇ ਕੇ ਭੱਜ ਜਾਂਦੇ ਹਨ, ਪੁਲਸ ਪ੍ਰਸ਼ਾਸਨ ਇਨ੍ਹਾਂ ਚੋਰਾਂ ਨੂੰ ਫੜਨ 'ਚ ਕਿਉਂ ਨਾਕਾਮਯਾਬ ਸਾਬਤ ਹੋ ਰਿਹਾ ਹੈ? ਇਸ ਦੀ ਚਰਚਾ ਪੂਰੇ ਸ਼ਹਿਰ ਵਿੱਚ ਲੋਕਾਂ ਵਿੱਚ ਦੇਖਣ ਨੂੰ ਮਿਲ ਰਹੀ ਹੈ। ਲੋਕ ਦਹਿਸ਼ਤ ਹੇਠ ਆਪਣੀ ਜ਼ਿੰਦਗੀ ਜਿਊਣ ਲਈ ਮਜਬੂਰ ਹੋ ਰਹੇ ਹਨ। ਲੋਕਾਂ ਦਾ ਲੱਖਾਂ ਰੁਪਏ ਦਾ ਸਾਮਾਨ ਚੋਰੀ ਹੋ ਗਿਆ ਹੈ, ਜਿਸ ਸਬੰਧੀ ਪੁਲਿਸ ਪ੍ਰਸ਼ਾਸਨ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਹੈ, ਪਰ ਹਾਲੇ ਤੱਕ ਕੋਈ ਸੁਰਾਗ ਨਹੀਂ ਲੱਗਾ ਹੈ। ਪਤਾ ਨਹੀਂ ਪ੍ਰਸ਼ਾਸਨ ਦੀ ਕਮਜ਼ੋਰੀ ਲੋਕਾਂ ਲਈ ਸਿਰਦਰਦੀ ਬਣੀ ਹੋਈ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਆਗੂ ਸਨਅਤਕਾਰ ਇੰਦਰ ਸੇਖੜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਮਹਾਜਨ ਸਕਰੈਪ ਡੀਲਰ ਅੰਮ੍ਰਿਤਸਰ ਰੋਡ ਦੇ ਗੋਦਾਮ ਵਿੱਚੋਂ 10 ਲੱਖ ਰੁਪਏ ਦਾ ਸਾਮਾਨ ਚੋਰੀ ਹੋਇਆ ਹੈ, ਜੀ. ਟੀ. ਰੋਡ ਅਗਰਵਾਲ ਤੋਂ ਲੱਖਾਂ ਦਾ ਸਾਮਾਨ ਚੋਰੀ ਹੋਇਆ ਹੈ, ਸ਼ਾਹਪੁਰਾ ਵਿੱਚ ਗੁਲਸ਼ਨ ਯੂਨਿਟ ਤੋਂ ਲੱਖਾਂ ਦਾ ਸਾਮਾਨ ਚੋਰੀ ਹੋਇਆ ਹੈ, ਤਾਰਾਗੜ੍ਹ ਡੇਰਾ ਰੋਡ ਸਤੀਸ਼ ਸ਼ਾਪ ਤੋਂ ਚੋਰੀ, ਸ਼ਹਿਰ ਰੋਡ 'ਤੇ ਲੱਖਾਂ ਦੀ ਚੋਰੀ ਦੀਆਂ ਵਾਰਦਾਤਾਂ ਨੂੰ ਚੋਰਾਂ ਵੱਲੋਂ ਸਮੇਂ-ਸਮੇਂ 'ਤੇ ਅੰਜਾਮ ਦਿੱਤਾ ਜਾਂਦਾ ਹੈ। ਇਸੇ ਤਰ੍ਹਾਂ ਸ਼ਹਿਰ ਦੀ ਰੋਡ ਤੇ ਰਾਤ ਸਮੇਂ ਬੰਦੂਕ ਦੀ ਨੋਕ 'ਤੇ ਕਾਰ ਖੋਹਣ ਵਰਗੀਆਂ ਕਈ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ ਹੈ। ਚੋਰਾਂ ਨੇ ਸਿਟੀ ਰੋਡ ਸਥਿਤ ਕੱਪੜਿਆਂ ਦੇ ਦੋ ਬਹੁਤ ਵੱਡੇ ਸ਼ੋਅਰੂਮਾਂ ਦੇ ਅੰਦਰ ਹੀ ਛੱਤ ਤੋਂ ਦਰਵਾਜ਼ੇ ਤੋੜ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਪੁਲਸ ਪ੍ਰਸ਼ਾਸਨ ਹੁਣ ਤੱਕ ਇੱਕ ਵੀ ਚੋਰੀ ਨੂੰ ਸੁਲਝਾਉਣ ਵਿੱਚ ਕਾਮਯਾਬ ਨਹੀਂ ਹੋ ਸਕਿਆ ਹੈ।

ਹੈਰਾਨੀ ਦੀ ਗੱਲ ਹੈ ਕਿ ਚੋਰਾਂ ਦੀ ਇਹ ਸਾਰੀ ਕਾਰਵਾਈ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਪੁਲਸ ਪ੍ਰਸ਼ਾਸਨ ਨੇ ਦਿਨ ਵੇਲੇ ਹੋਣ ਵਾਲੀਆਂ ਸਾਰੀਆਂ ਕਾਰਵਾਈਆਂ ਨੂੰ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਕਰਕੇ ਦੇਖਿਆ ਹੈ ਪਰ ਇਸ ਦੇ ਬਾਵਜੂਦ ਉਹ ਚੋਰਾਂ ਨੂੰ ਫੜਨ ਵਿੱਚ ਕਾਮਯਾਬ ਨਹੀਂ ਹੋ ਰਹੇ।

ਉਪਰੋਕਤ ਸਾਰੇ ਮੁੱਦਿਆਂ ਨੂੰ ਲੈ ਕੇ ਇੰਦਰਾ ਸੇਖੜੀ ਨੇ ਐੱਸਐੱਸਪੀ ਅਸ਼ਵਨੀ ਨਾਲ ਮੁਲਾਕਾਤ ਕੀਤੀ। ਸਾਰੇ ਮਾਮਲਿਆਂ ਨੂੰ ਸੁਲਝਾਉਣ ਲਈ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕਰਨ ਦੀ ਬੇਨਤੀ ਕੀਤੀ ਹੈ। ਐੱਸਐੱਸਪੀ ਨੇ ਇਸ ਸੁਝਾਅ ਨੂੰ ਮੰਨਦਿਆਂ ਐੱਸਆਈਟੀ ਦੇ ਮੁਖੀ ਵਜੋਂ ਸੀਨੀਅਰ ਅਧਿਕਾਰੀ ਸਮੇਤ ਇਸ 'ਤੇ ਤੁਰੰਤ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਹੈ।

ਸਾਦਾ ਭੋਜਨ ਖਾਣ ਵਾਲੇ ਲੋਕ ਬਹੁਤ ਘੱਟ ਬਿਮਾਰੀਆਂ ਦੇ ਸ਼ਿਕਾਰ ਹੁੰਦੇ: ਡਾ. ਕਰਨ ਅੱਤਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪਿੰਡ ਝੱਬਕਰਾ ਦੇ ਸ਼ਿਵ ਮੰਦਿਰ ਵਿੱਚ ਫ੍ਰੀ ਮੈਡੀਕਲ ਕੈਂਪ ਡਾ. ਕਰਨ ਅੱਤਰੀ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ ਜਿਸ ਵਿੱਚ ਡਾ: ਆਜੇ ਬਰਧਵਾਜ, ਡਾ: ਦੀਪਾ, ਡਾ: ਹਰੀਸ਼ ਬਰਧਵਾਜ, ਅਮਿਤ ਕੁਮਾਰ ਵੀ ਫਾਰਮੈਸੀ, ਲੱਕੀ ਲੈਬ ਟੈਕਨੀਸ਼ੀਅਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਬਾਤ ਕਰਦਿਆਂ ਡਾ: ਕਰਨ ਅੱਤਰੀ ਨੇ ਕਿਹਾ ਕਿ ਪਿੰਡ ਝੱਬਕਰਾ ਅਤੇ ਇਸ ਦੇ ਆਸ ਪਾਸ ਲੱਗਦੇ ਪਿੰਡਾਂ ਦੇ ਲਗਭਗ 70 ਲੋਕਾਂ ਨੇ ਮੈਡੀਕਲ ਕੈਂਪ ਦਾ ਲਾਭ ਲਿਆ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਬੀ .ਪੀ, ਸ਼ੂਗਰ, ਲੈਬ ਟੈਸਟ ਅਤੇ ਐਕਸਰਾਂ ਆਦਿ ਫ੍ਰੀ ਟੈਸਟ ਕਰਾਏ ਗਏ।

ਇਸ ਕੈਂਪ ਵਿੱਚ 20 ਤੋਂ 25 ਲੋਕਾਂ ਨੂੰ ਸਲਾਹ ਦੇਣ ਦੇ ਨਾਲ ਨਾਲ 40 ਤੋਂ 45 ਲੋਕਾਂ ਨੂੰ ਫ੍ਰੀ ਦਵਾਈਆ ਵੰਡੀਆਂ ਗਈਆਂ। ਡਾ: ਕਰਨ ਅੱਤਰੀ ਨੇ ਮੈਡੀਕਲ ਕੈਂਪ ਦਾ ਲਾਭ ਲੈਣ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਬਿਮਾਰੀਆਂ ਤੋਂ ਬਚਣਾ ਹੈ ਤਾਂ ਬਾਹਰਲੀਆਂ ਖਾਣ ਪੀਣ ਦੀਆਂ ਚੀਜ਼ਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਅਤੇ ਸਾਦਾ ਭੋਜਨ ਖਾਣਾ ਚਾਹੀਦਾ ਹੈ। ਕਿਉਂਕਿ ਸਾਦਾ ਭੋਜਨ ਖਾਣ ਵਾਲੇ ਲੋਕ ਬਹੁਤ ਘੱਟ ਬਿਮਾਰੀਆਂ ਦਾ ਸ਼ਿਕਾਰ ਹੁੰਦੇ ਹਨ ਅਤੇ ਉਨ੍ਹਾਂ ਲੋਕਾਂ ਦੀ ਸਿਹਤ ਵੀ ਤੰਦਰੁਸਤ ਰਹਿੰਦੀ ਹੈ। ਇਸ ਮੌਕੇ ਰਮਨ ਸਿੰਘ ਮੰਦਿਰ ਪ੍ਰਧਾਨ, ਕਸ਼ਮੀਰ ਸਿੰਘ, ਸੁਰਜਿੰਦਰ ਕੁਮਾਰ, ਰਾਜਪਾਲ, ਸੋਮਾਰਾਨੀ, ਰਾਜ ਕੁਮਾਰੀ, ਬੂਟਾ ਸਿੰਘ, ਕ੍ਰਿਸ਼ਨਾ, ਸੁਨੀਤਾ, ਪ੍ਰੇਮ ਲਾਲ, ਨਰਿੰਦਰ ਸਿੰਘ, ਤਰਸੇਮ ਚੰਦ ਆਦਿ ਨੇ ਪਿੰਡ ਝੱਬਕਰਾ 'ਚ ਲੱਗੇ ਫ੍ਰੀ ਮੈਡੀਕਲ ਕੈਂਪ ਦੀ ਸ਼ਲਾਘਾ ਕੀਤੀ ਅਤੇ ਡਾ. ਕਰਨ ਅੱਤਰੀ ਦਾ ਧੰਨਵਾਦ ਕੀਤਾ।

ਜਗਤਾਰ ਗਿੱਲ ਦੀ ਪੁਸਤਕ 'ਪਾ ਚਾਨਣ ਦੀ ਬਾਤ' ਲੋਕ ਅਰਪਿਤ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—ਪੰਜਾਬੀ ਲੇਖਕਾਂ ਦੀ ਜਥੇਬੰਦੀ ਰਾਬਤਾ ਮੁਕਾਲਮਾਂ ਕਾਵਿ ਮੰਚ ਵਲੋਂ ਅਰੰਭੀ ਲੇਖਕਾਂ ਸੰਗ ਸੰਵਾਦ ਸਮਾਗਮਾਂ ਦੀ ਲੜੀ ਤਹਿਤ ਪੰਜਾਬੀ ਸ਼ਾਇਰ ਜਗਤਾਰ ਗਿੱਲ ਦੀ ਦੋਹਾ-ਪੁਸਤਕ 'ਪਾ ਚਾਨਣ ਦੀ ਬਾਤ' ਲੋਕ ਅਰਪਿਤ ਕੀਤੀ ਗਈ। ਸਮਾਗਮ ਦੇ ਕਨਵੀਨਰ ਸਰਬਜੀਤ ਸਿੰਘ ਸੰਧੂ ਨੇ ਆਏ ਸਾਹਿਤਕਾਰਾਂ ਦਾ ਸਵਾਗਤ ਕਰਦਿਆਂ ਪੁਸਤਕ ਦੀ ਜਾਣ ਪਹਿਚਾਣ ਸਾਂਝੀ ਕੀਤੀ। 'ਪਾ ਚਾਨਣ ਦੀ ਬਾਤ' ਦੇ ਇਸ ਲੋਕ ਅਰਪਿਤ ਸਮਾਗਮ ਵਿੱਚ ਕੇਂਦਰੀ ਸਭਾ ਦੇ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਲੇਖਕ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪੁਸਤਕਾਂ ਮਾਨਸਿਕ ਸਕੂਨ ਬਖਸ਼ਦੀਆਂ ਹਨ।

ਸ਼ਾਇਰਾ ਅਰਤਿੰਦਰ ਸੰਧੂ ਅਤੇ ਮਲਵਿੰਦਰ ਨੇ ਕਿਹਾ ਕਿ ਜਗਤਾਰ ਗਿੱਲ ਦੀ ਸ਼ਾਇਰੀ ਮਨੁੱਖੀ ਮਨ ਵਿੱਚ ਉਪਜੇ ਭਾਵਾਂ ਦੀ ਤਰਜਮਾਨੀ ਕਰਦਿਆਂ ਸਾਰਥਿਕ ਸੁਨੇਹਾ ਦਿੰਦੀ ਹੈ। ਹਰਜੀਤ ਸਿੰਘ ਸੰਧੂ, ਡਾ. ਮੋਹਨ ਅਤੇ ਡਾ. ਭੁਪਿੰਦਰ ਸਿੰਘ ਫੇਰੂਮਾਨ ਨੇ ਕਿਹਾ ਕਿ ਪੁਸਤਕ ਦੀ ਸ਼ਾਇਰੀ ਜ਼ਿੰਦਗੀ ਦੀਆਂ ਵਿਭਿੰਨ ਪਰਤਾਂ ਅਤੇ ਦੁਸ਼ਵਾਰੀਆਂ ਨੂੰ ਰੂਪਮਾਨ ਕਰਦੀ ਹੈ। ਬਲਜਿੰਦਰ ਮਾਂਗਟ, ਜਸਵੰਤ ਧਾਪ ਅਤੇ ਸਤਿੰਦਰ ਓਠੀ ਨੇ ਜਗਤਾਰ ਗਿੱਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀ ਸ਼ਾਇਰੀ ਪਾਠਕਾਂ ਅੰਦਰ ਨਵੀਂ ਊਰਜਾ ਬਖਸ਼ਦੀ ਹੈ। ਅੰਤ 'ਤੇ ਤਰਸੇਮ ਲਾਲ ਬਾਵਾ ਅਤੇ ਰਾਜ ਖੁਸ਼ਵੰਤ ਸਿੰਘ ਸੰਧੂ ਨੇ ਸਭ ਦਾ ਧੰਨਵਾਦ ਕੀਤਾ।

ਹੈਡਰਾ ਕ੍ਰੇਨ ਦਾ ਡਰਾਈਵਰ ਹੁੜਦੰਗ ਮਚਾ ਕੇ ਰਫੂਚੱਕਰ, ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਹਲਕਾ ਖੇਮਕਰਨ 'ਚ ਪੈਂਦੇ ਕਸਬਾ ਦਿਆਲਪੁਰ 'ਚ ਪੰਜਾਬ ਸਟੇਟ ਪਾਵਰ ਕਾਰਪੋਰੇਸਨ ਦੀ ਹੈਡਰਾ ਕ੍ਰੇਨ ਦੇ ਡਰਾਈਵਰ ਵੱਲੋਂ ਬਿਜਲੀ ਦੀਆਂ ਤਾਰਾਂ ਅ

18-Sep-PAGE-12.qxd 9/17/2023 9:02 PM Page 1

ਉੱਘੇ ਨਿਊਰੋਸਾਇੰਟਿਸਟ ਵੱਲੋਂ ਐਲ ਪੀ ਯੂ ਦੇ ਵਿਦਿਆਰਥੀਆਂ ਲਈ ਲਾਭਕਾਰੀ ਸਮਝੌਤੇ

ਜਲੰਧਰ (ਸ਼ੈਲੀ ਐਲਬਰਟ)- 'ਸਟ੍ਰੋਕ ਮੈਡੀਸਨ' ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਸਿੱਧੀ ਪ੍ਰਾਪਤ ਆਗੂ, ਸਿਡਨੀ ਬ੍ਰੇਨ ਸੈਂਟਰ, ਇੰਗਮ ਇੰਸਟੀਚਿਊਟ ਫਾਰ ਅਪਲਾਈਡ ਮੈਡੀਕਲ ਰਿਸਰਚ ਦੇ ਮੁਖੀ ਡਾ. ਮਾਰਕ ਵਿਲੀਅਮ ਪਾਰਸਨਜ ਨੇ ਲਵਲੀ ਪ੍ਰੋਫੈਸਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਯੂਨੀਵਰਸਿਟੀ ਨਾਲ ਇੱਕ ਮਹੱਤਵਪੂਰਨ ਸਹਿਮਤੀ ਪੱਤਰ 'ਤੇ ਹਸਤਾਖਰ ਕੀਤੇ। ਐਲ ਪੀ ਯੂ ਦੇ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿਖੇ ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ-ਮੈਂਬਰਾਂ ਨਾਲ ਗੱਲਬਾਤ ਕਰਦਿਆਂ ਡਾ. ਪਾਰਸਨ ਨੇ ਮੈਡੀਕਲ ਵਿਗਿਆਨ ਵਿੱਚ ਮਸ਼ੀਨ ਲਰਨਿੰਗ ਅਤੇ ਡੂੰਘੀ ਸਿਖਲਾਈ ਦੇ ਵਿਸ਼ਾਲ ਭਵਿੱਖ ਨੂੰ ਸਾਂਝਾ ਕੀਤਾ।

ਉਨ੍ਹਾਂ ਬ੍ਰੇਨ-ਸਟ੍ਰੋਕ ਤੋਂ ਬਚਾਅ ਲਈ ਵੱਖ-ਵੱਖ ਲੱਛਣਾਂ, ਕਾਰਨਾਂ, ਨਿਧਾਨ, ਇਲਾਜ ਅਤੇ ਰਿਕਵਰੀ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇਸ ਦੀ ਤੇਜ਼ ਸਮਝ ਲਈ ਸਟ੍ਰੋਕ ਦੇ ਮੁੱਖ ਲੱਛਣਾਂ ਨੂੰ ਇੰਗਲਿਸ਼ ਭਾਸ਼ਾ ਦੇ 'ਫਾਸਟ' ਸ਼ਬਦ ਨਾਲ ਯਾਦ ਰੱਖਿਆ ਜਾ ਸਕਦਾ ਹੈ ਜਿਵੇਂ ਫੇਸ (ਚਿਹਰੇ), ਆਰਮਜ਼ (ਬਾਹਾਂ), ਸਪੀਚ (ਬੋਲਣ) 'ਚ ਖ਼ਾਸ ਬਦਲਾਅ ਨੂੰ ਵੇਖਦਿਆਂ ਆਖਰੀ ਟਾਇਮ 'ਸਮਾਂ' ਨੂੰ ਸਮਝ ਕੇ ਮਰੀਜ਼ ਨੂੰ ਤੁਰੰਤ ਡਾਕਟਰ ਕੋਲ ਲੈ ਜਾਣਾ ਚਾਹੀਦਾ ਹੈ। ਮਹੱਤਵਪੂਰਨ ਸਮਝੌਤੇ 'ਤੇ ਹਸਤਾਖਰ ਕਰਦੇ ਸਮੇਂ ਡਾ. ਪਾਰਸਨਜ ਨੇ ਔਰਤਾਂ ਦੇ ਸਸ਼ਕਤੀਕਰਨ ਲਈ ਕੀਮਤੀ 'ਮਾਰਕ ਵਿਲੀਅਮ ਪਾਰਸਨਜ' ਸਕਾਲਰਸ਼ਿਪ ਦੀ ਵੀ ਘੋਸ਼ਣਾ ਕੀਤੀ, ਜਿਸ ਅਨੁਸਾਰ ਐਲ ਪੀ ਯੂ ਦੀਆਂ ਦੋ ਵਿਦਿਆਰਥਣਾਂ ਲਈ ਇੱਕ ਲੱਖ ਪ੍ਰਤੀ ਸਾਲ, "ਮੈਰਿਟ ਕਮ ਮੀਨਜ਼" ਆਧਾਰ 'ਤੇ, 2024 ਤੋਂ ਲਗਾਤਾਰ ਪੰਜ ਸਾਲਾਂ ਲਈ ਹੋਵੇਗਾ। ਸਿਡਨੀ ਦੇ ਇਸ ਮੈਡੀਕਲ ਵਿਗਿਆਨੀ ਦਾ ਸਵਾਗਤ ਕਰਦੇ ਹੋਏ, ਐਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਐਮ ਪੀ (ਰਾਜ ਸਭਾ) ਡਾ. ਅਸ਼ੋਕ ਕੁਮਾਰ ਮਿੱਤਲ ਨੇ ਸਾਂਝਾ ਕੀਤਾ ਕਿ ਅਰਥਪੂਰਨ ਖੋਜ ਕਰਨ ਲਈ ਪ੍ਰਭਾਵਸ਼ਾਲੀ ਪ੍ਰਯੋਗ ਜ਼ਰੂਰੀ ਹੈ। ਉਨਾਂ ਐਮ ਓ ਯੂ ਦਸਤਖਤ ਕਰਨ; ਸੈਂਟਰ ਆਫ ਐਕਸੀਲੈਂਸ ਦੀ ਸਥਾਪਨਾ ਅਤੇ ਮਹਿਲਾ ਵਿਦਿਆਰਥੀਆਂ ਲਈ ਵਜ਼ੀਫੇ 'ਤੇ ਐਲ ਪੀ ਯੂ ਵਿੱਚ ਸਾਰਿਆਂ ਨੂੰ ਵਧਾਈ ਦਿੱਤੀ। ਦੋ ਦਿਨਾ ਫੇਰੀ 'ਤੇ ਡਾ. ਪਾਰਸਨਜ ਨੇ ਐਲ ਪੀ ਯੂ ਦੇ ਵੱਖ-ਵੱਖ ਸਕੂਲਾਂ ਅਤੇ ਡਵੀਜ਼ਨ ਮੁਖੀਆਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਸਕੂਲ ਆਫ ਫਾਰਮਾਸਿਊਟੀਕਲ ਸਾਇੰਸਜ਼ ਅਧੀਨ ਐਨੀਮਲ ਹਾਊਸ; ਸਕੂਲ ਆਫ ਐਗਰੀਕਲਚਰ ਦੇ ਖੇਤੀਬਾੜੀ ਫਾਰਮ; ਸਕੂਲ ਆਫ ਬਾਇਓਇੰਜੀਨੀਅਰਿੰਗ ਅਤੇ ਬਾਇਓਸਾਇੰਸ ਅਤੇ ਇੰਸਟਰੂਮੈਂਟਲ ਫੈਸਿਲਿਟੀਜ਼ ਦੇ ਕੇਂਦਰ ਦਾ ਦੌਰਾ ਵੀ ਕੀਤਾ। ਇਸ ਤੋਂ ਇਲਾਵਾ, ਯੂਨੀਵਰਸਿਟੀ ਆਫ ਸਾਊਥ ਵੇਲਜ਼; ਨਿਊ ਕੈਸਲ ਅਤੇ ਹੋਰ ਆਸਟ੍ਰੇਲੀਅਨ ਯੂਨੀਵਰਸਿਟੀਆਂ ਨਾਲ ਐਮ ਓ ਯੂ ਦੇ ਵਿਸਥਾਰ 'ਤੇ ਮਹੱਤਵਪੂਰਨ ਵਿਚਾਰ-ਵਟਾਂਦਰਾ ਹੋਇਆ, ਜਿਸ ਵਿੱਚ 2+2 ਮਾਡਲ 'ਤੇ ਅੰਤਰਰਾਸ਼ਟਰੀ ਵਿਦਿਆਰਥੀ ਐਕਸਚੇਂਜ ਪ੍ਰੋਗਰਾਮ ਵੀ ਸ਼ਾਮਲ ਸੀ।

ਆਮ ਲੋਕਾਂ ਤੇ ਨਸ਼ੇ ਦੇ ਆਦੀ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਕੀਤਾ ਜਾਗਰੂਕ

ਕਾਲਾ ਸੰਘਿਆਂ (ਮਨਜੀਤ ਮਾਨ)- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਦੇ ਤਹਿਤ ਕਾਲਾ ਸੰਘਿਆਂ ਪੁਲਿਸ ਚੌਕੀ ਵਿਖੇ ਚੌਕੀ ਇੰਚਾਰਜ ਏ ਐਸ ਆਈ ਪਾਲ ਸਿੰਘ ਸਿੱਧੂ ਨੇ ਆਮ ਲੋਕਾਂ ਤੇ ਨਸ਼ੇ ਪੀਣ ਦੇ ਆਦੀ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਗਰੂਕ ਕੀਤਾ। ਏ ਐਸ ਆਈ ਪਾਲ ਸਿੰਘ ਸਿੱਧੂ ਨੇ ਨਸ਼ੇ ਵੇਚਣ ਵਾਲੇ ਮਾੜੇ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਚਲਾਈ ਗਈ ਮੁਹਿੰਮ ਵਿੱਚ ਸਾਥ ਦੇਣ ਤੇ ਉਹ ਨਸ਼ੇ ਵਰਗੀਆਂ ਮਾੜੀਆਂ ਆਦਤਾਂ ਨੂੰ ਛੱਡ ਕੇ ਚੰਗੇ ਸਮਾਜ ਦਾ ਹਿੱਸਾ ਬਣਨ। ਉਨ੍ਹਾਂ ਮਾੜੇ ਅਨਸਰਾਂ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕ ਪੁਲਿਸ ਨੂੰ ਸਹਿਯੋਗ ਕਰਨ ਮਾੜੇ ਅਨਸਰਾਂ ਦੇ ਖਿਲਾਫ ਸੂਚਨਾ ਦੇਣ ਵਾਲਿਆਂ ਦੇ ਨਾਂਅ ਅਤੇ ਪਤਾ ਗੁਪਤ ਰੱਖਿਆ ਜਾਵੇਗਾ।

ਪਾਸ਼ ਯਾਦਗਾਰੀ ਸਾਹਿਤਕ ਸਮਾਰੋਹ

ਪਾਸ਼ ਨੇ ਕਿਰਤੀਆਂ ਨੂੰ ਜ਼ਿੰਦਗੀ ਦੇ ਨਾਇਕ ਬਣਾਇਆ

35ਵਾਂ ਪਾਸ਼ ਯਾਦਗਾਰੀ ਸਾਹਿਤਕ ਸਮਾਰੋਹ ਜਿੱਥੇ ਪਾਸ਼ ਦੀ ਕਾਵਿਤਾ ਦੇ ਸ਼ਬਦਾਂ ਦੀ ਤਾਕਤ ਅਤੇ ਗਹਿਰਾਈ ਨੂੰ ਸਮਝਣ ਵਿੱਚ ਸਹਾਈ ਹੋਇਆ, ਉੱਥੇ ਸਾਹਿਤਕ ਕਾਮਿਆਂ, ਕਿਸਾਨਾਂ, ਖੇਤ ਮਜ਼ਦੂਰਾਂ, ਤਰਕਸ਼ੀਲਾਂ ਅਤੇ ਵਿਦਿਅਕ ਕਾਮਿਆਂ ਦੀ ਸਾਂਝ ਦਾ ਮੰਚ ਵੀ ਮੁਹੱਈਆ ਕਰਵਾ ਗਿਆ। ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਸੰਜੀਦਾ ਵਿਚਾਰ ਚਰਚਾ ਦੇ ਨਾਲ ਨਾਲ ਕਵਿਤਾ ਦੀ ਸਤਰੰਗੀ ਪੀਂਘ ਦਾ ਨਜ਼ਾਰਾ ਵੀ ਸਰੋਤਿਆਂ ਨੇ ਤੱਕਿਆ ਤੇ ਮਾਣਿਆ। ਸਮਾਗਮ ਦੀ ਸ਼ੁਰੂਆਤ ਕਰਨ ਦੇ ਮੁਕੱਰਰ ਸਮੇਂ ਤੱਕ ਕੀਤੀ ਹੋਈ ਆਸ ਮੁਤਾਬਕ ਫਰੀਦਕੋਟ ਕਲੱਬ ਵਿੱਚ ਸਰੋਤੇ ਆਣ ਜੁੜੇ ਸਨ, ਪਰ ਹੌਲੀ ਹੌਲੀ ਕਲੱਬ ਦਾ ਹਾਲ ਛੋਟਾ ਪੈ ਗਿਆ। ਪ੍ਰਗਤੀਸ਼ੀਲ ਚਿੰਤਕ ਡਾ. ਸੁਰਜੀਤ ਸਿੰਘ ਭੱਟੀ (ਸਾਬਕਾ ਪ੍ਰੋਫੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ), ਡਾ. ਆਰੀਤ, ਇਕਬਾਲ ਉਦਾਸੀ, ਬਲਦੇਵ ਸਿੰਘ ਸੜਕਨਾਮਾ, ਅਮੋਲਕ ਸਿੰਘ (ਪ੍ਰਧਾਨ ਪਲਸ ਮੰਚ), ਸੁਭਾਸ਼ ਪਰਿਹਾਰ, ਸੁਰਜੀਤ ਜੱਜ ਅਤੇ ਹਰਸ਼ਰਨ ਗਿੱਲ ਧੀਦੋ ਦੇ ਅਧਾਰਤ ਪ੍ਰਧਾਨਗੀ ਮੰਡਲ ਸੱਜ ਗਿਆ ਤਾਂ ਪ੍ਰੋਫੈਸਰ ਪ੍ਰਮਿੰਦਰ ਸਿੰਘ ਹੁਰਾਂ ਇਨ੍ਹਾਂ ਸ਼ਖਸ਼ੀਅਤਾਂ ਬਾਰੇ ਮਿਣਵੇਂ ਤੁਲਵੇਂ ਸ਼ਬਦਾਂ ਵਿੱਚ ਜਾਣਕਾਰੀ ਦਿੱਤੀ। 'ਤਰਕਸ਼ੀਲ' ਦੇ ਸੰਪਾਦਕੀ ਮੰਡਲ ਦੇ ਕਾਮੇ ਰਾਮ ਸਵਰਨ ਲੱਖੇਵਾਲੀ ਨੇ ਸਭ ਦਾ ਸਵਾਗਤ ਕਰਦਿਆਂ ਭਾਅ ਜੀ ਗੁਰਸ਼ਰਨ ਸਿੰਘ ਦੀ ਚਾਹਤ ਦੇ ਹਵਾਲੇ ਨਾਲ ਕਿਹਾ ਕਿ ਸਾਹਿਤ ਅਤੇ ਕਿਰਤ ਦੀ ਜੋਟੀ ਹੋਣੀ ਚਾਹੀਦੀ ਹੈ। ਇਸੇ ਦੌਰਾਨ ਪਾਸ਼ ਯਾਦਗਾਰੀ ਕੌਮਾਤਰੀ ਟਰੱਸਟ ਦੇ ਕਨਵੀਨਰ ਸ਼ਾਇਰ ਸੁਰਿੰਦਰ ਧੰਜਲ ਦਾ ਸੰਦੇਸ਼ ਸੁਣਾਇਆ ਗਿਆ। ਇਕਬਾਲ ਉਦਾਸੀ ਨੇ ਸਮਾਗਮ ਦੀ ਬਾਕਾਇਦਗੀ ਨਾਲ ਸ਼ੁਰੂਆਤ ਸੰਤ ਰਾਮ ਉਦਾਸੀ ਦੇ ਲਿਖੇ ਗੀਤ, 'ਕੀ ਉਹ ਸਾਨੂੰ ਯਾਦ ਰਹਿਣਗੇ' ਗਾ ਕੇ ਕੀਤੀ। ਸਟੇਜ ਦੀ ਕਾਰਵਾਈ ਚਲਾ ਰਹੇ ਡਾ. ਪ੍ਰਮਿੰਦਰ ਸਿੰਘ ਨੇ ਮੁੱਖ ਵਕਤਾ ਡਾ. ਸੁਰਜੀਤ ਸਿੰਘ ਭੱਟੀ ਨੂੰ ਸੱਦਾ ਦਿੰਦਿਆ ਉਨ੍ਹਾਂ ਦੀ ਸ਼ਖਸ਼ੀਅਤ ਦੇ ਵੱਖ ਵੱਖ ਪਹਿਲੂਆਂ ਬਾਰੇ ਸਰੋਤਿਆਂ ਨਾਲ ਸੰਖੇਪ ਜਿਹੀ ਜਾਣਕਾਰੀ ਸਾਂਝੀ ਕੀਤੀ। ਡਾ. ਭੱਟੀ ਨੇ ਆਪਣੀ ਗੱਲ ਇੱਥੋ ਸ਼ੁਰੂ ਕੀਤੀ ਕਿ ਪਾਸ਼ ਨੇ ਗੁਲਾਬ 'ਤੇ ਕਵਿਤਾ ਨਹੀਂ ਲਿਖੀ। ਉਸ ਨੇ ਸਾਡੇ ਸਮਿਆਂ ਦੀਆਂ ਉਨ੍ਹਾਂ ਚੀਜ਼ਾਂ ਨੂੰ ਕਵਿਤਾ ਦੇ ਕੇਂਦਰ ਵਿੱਚ ਲਿਆਂਦਾ, ਜਿਨ੍ਹਾਂ ਨੂੰ ਆਲਿਆਂ ਵਿੱਚ ਰੱਖਿਆ ਹੋਇਆ ਸੀ। ਪਾਸ਼ ਨੇ ਜ਼ਿੰਦਗੀ ਦੇ ਨਾਇਕਾਂ ਦਾ ਨਕਸ਼ਾ ਬਦਲ ਦਿੱਤਾ। ਉਸ ਨੇ ਕਿਰਤੀਆਂ ਨੂੰ ਨਾਇਕ ਬਣਾਇਆ। ਉਂਝ ਕਿਤੇ ਕਿਤੇ ਪਾਸ਼ ਦੀ ਬੌਧਿਕਤਾ ਪਾਠਕ ਲਈ ਮੁਸ਼ਕਲ ਬਣ ਜਾਂਦੀ ਹੈ। ਪਾਸ਼ ਨੇ ਜਿਸ ਤਰ੍ਹਾਂ ਸਮਾਜਕ ਵਰਤਾਰੇ ਦੀ ਗੱਲ ਪੇਂਡੂ ਮੁਹਾਵਰੇ ਵਿੱਚ ਕੀਤੀ ਹੈ, ਉਹ ਹੋਰ ਕੋਈ ਨਹੀਂ ਕਰ ਸਕਿਆ। ਉਨ੍ਹਾਂ ਕਿਹਾ ਕਿ ਪਾਸ਼ ਜ਼ਿੰਦਗੀ ਨੂੰ ਜ਼ਲਾਲਤ ਦੀ ਪੱਧਰ 'ਤੇ ਜੀਊਣ ਦਾ ਸਖਤ ਵਿਰੋਧੀ ਸੀ। ਡਾ. ਭੱਟੀ ਨੇ 'ਮੈਂ ਘਾਹ ਹਾਂ॥ ਅਤੇ ਹੋਰ ਕਵਿਤਾਵਾਂ ਦੇ ਹਵਾਲੇ ਨਾਲ ਕਿਹਾ ਕਿ ਕੋਈ ਕੁਝ ਵੀ ਕਰ ਲਵੇ ਪਾਸ਼ ਦੀ ਕਲਮ ਨੂੰ ਰੋਲ਼ ਨਹੀਂ ਸਕਦਾ।

ਡਾ. ਸੁਰਜੀਤ ਭੱਟੀ ਨੇ ਮੌਜੂਦਾ ਹਾਕਮਾ ਦੇ ਲੋਕ ਤੇ ਦੇਸ਼ ਵਿਰੋਧੀ ਕਿਰਦਾਰ 'ਤੇ ਉਂਗਲ ਵੀ ਧਰੀ। ਉਨ੍ਹਾਂ ਕਿਹਾ ਕਿ ਅੰਗਰੇਜ਼ਾਂ ਦੁਆਰਾ ਰਚੇ ਪ੍ਰਵਚਨ ਨੂੰ ਹੀ ਅੱਜ ਦੇ ਹਾਕਮ ਅੱਗੇ ਵਧਾ ਰਹੇ ਹਨ। ਦੰਭੀ ਰਾਸ਼ਟਰਵਾਦ ਅਤੇ ਦੇਸ਼ ਪਿਆਰ ਦੀ ਆੜ ਹੇਠ ਮੁਸਲਮ ਭਾਈਚਾਰੇ ਨੂੰ ਬਦਨਾਮ ਤੇ ਪ੍ਰਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਖੱਬੀ ਲੀਡਰਸ਼ਿੱਪ 'ਤੇ ਵੀ ਸਵਾਲ ਖੜੇ ਕੀਤੇ। ਡਾ. ਭੱਟੀ ਨੇ ਕਿਹਾ ਕਿ ਸਾਡੀ ਲੀਡਰਸ਼ਿੱਪ ਦੀ ਅਗਵਾਈ ਵਿੱਚ ਕੋਈ ਘਾਟ ਰਹੀ ਹੈ, ਜਿਹੜੀ ਵਿਹੜਿਆ ਵਾਲਿਆਂ ਨੂੰ ਟੁੰਭ ਨਹੀ ਸਕੀ। ਡਾ. ਸੁਰਜੀਤ ਭੱਟੀ ਨੂੰ ਸੁਣਦਿਆਂ ਸਰੋਤਿਆਂ ਦੇ ਵਜੂਦ ਸਿਰਫ 'ਕੰਨ' ਬਣੇ ਮਹਿਸੂਸ ਹੋਏ। ਉੱਘੇ ਲੇਖਕ ਬਲਦੇਵ ਸਿੰਘ ਸੜਕਨਾਮਾ ਨੇ ਆਪਣੇ ਸੰਖੇਪ ਸੰਬੋਧਨ ਵਿੱਚ ਕਿਹਾ ਕਿ ਪਾਸ਼ ਦੀ ਕਵਿਤਾ ਦੇ ਸ਼ਬਦਾਂ ਵਿੱਚ ਅੱਗ ਨਜਰ ਆਉਂਦੀ ਹੈ। ਡਾ. ਆਰੀਤ ਨੇ ਕਿਹਾ ਕਿ ਪਾਸ਼ ਯੁੱਗ ਕਵੀ ਹੈ। ਉਹ ਸਦਾ ਜ਼ਿੰਦਾ ਰਹੇਗਾ। ਇਤਹਾਸਕਾਰ ਸੁਭਾਸ਼ ਪਰਿਹਾਰ ਨੇ ਕਿਹਾ ਕਿ ਅੰਤਰਰਾਸ਼ਟਰੀ ਕਵੀ ਸਿਰਫ ਪਾਸ਼ ਹੀ ਹੈ। ਉਸ ਦੀ ਕਵਿਤਾ ਮਨੁੱਖਤਾ ਨਾਲ ਜੁੜੀ ਹੋਈ ਹੈ ਤੇ ਉਹ ਸਮੇਂ ਤੇ ਸਥਾਨ ਤੋਂ ਪਾਰ ਹੈ। ਡਾ. ਪ੍ਰਮਿੰਦਰ ਸਿੰਘ ਨੇ 'ਪਾਸ਼' ਦੀ ਕਵਿਤਾ ਅਤੇ ਸਮਕਾਲ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਇੱਕ ਤਾਂ ਹਾਕਮਾਂ ਦੇ ਅੰਦਰਲਾ ਸੰਕਟ ਹੈ ਤੇ ਦੂਸਰਾ ਉਨ੍ਹਾਂ ਵੱਲੋਂ ਪੈਦਾ ਕੀਤੇ ਸੰਕਟਾਂ ਦਾ ਕਿਰਤੀ ਵਰਗ ਸੰਤਾਪ ਭੋਗ ਰਿਹਾ ਹੈ। ਸਮਾਗਮ ਦੇ ਦੂਸਰੇ ਸ਼ੈਸ਼ਨ ਦਾ ਐਲਾਨ ਹੋਇਆ ਤਾਂ ਕਵੀ ਜਗੀਰ ਜੋਸਨ ਨੇ ਸਟੇਜ਼ ਸੰਭਾਲੀ। ਕਵੀ ਦਰਬਾਰ ਵਾਲੇ ਸ਼ੈਸ਼ਨ ਦੀ ਪ੍ਰਧਾਨਗੀ ਸੁਰਜੀਤ ਜੱਜ, ਵਿਜੇ ਵਿਵੇਕ ਆਦਿ ਨੇ ਕੀਤੀ। ਸੁਨੀਲ ਚੰਦਿਆਣਵੀ, ਮੋਹਣ ਮਤਿਆਲਵੀ, ਗੁਰਤੇਜ਼ ਕੁਹਾਰਵਾਲਾ, ਤਲਵਿੰਦਰ ਸ਼ੇਰਗਿੱਲ, ਸੁਖਜਿੰਦਰ, ਮਨਜੀਤ ਪੁਰੀ, ਦਵਿੰਦਰ ਸੈਫੀ, ਪਸ਼ਪਿੰਦਰ ਕੌਰ ਵਿਰਕ, ਸਵਾਮੀ ਸਰਬਜੀਤ, ਸੁਰਜੀਤ ਜੱਜ, ਮਨਜੀਤ ਸੂਖਿਮ, ਅਨੀ ਕਾਠਗੜ੍ਹ ਅਤੇ ਗੁਰਸੰਦ ਰਾਜੇਆਣਾ ਨੇ ਕਵਿਤਾ ਤੇ ਗਜ਼ਲ ਦੇ ਵੱਖ ਵੱਖ ਰੰਗ ਪੇਸ਼ ਕੀਤੇ। ਪਾਸ਼ ਦੀਆਂ ਕਵਿਤਾਵਾਂ ਅਤੇ ਚਾਰਲਸ ਡਾਰਵਿਨ ਦਾ ਸਿਧਾਂਤ ਪਾਠ ਪੁਸਤਕਾਂ ਵਿੱਚੋਂ ਕੱਢ ਦੇਣ ਵਿਰੁੱਧ ਪੇਸ਼ ਕੀਤੇ ਮਤੇ ਨੂੰ ਹਾਜ਼ਰੀਨ ਨੇ ਦੋਵੇਂ ਹੱਥ ਖੜੇ ਕਰ ਕੇ ਪ੍ਰਵਾਨਗੀ ਦਿੱਤੀ। ਪ੍ਰਬੰਧਕਾਂ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ(ਉਗਰਾਹਾਂ), ਪੰਜਾਬ ਖੇਤ ਮਜ਼ਦੂਰ ਯੂਨੀਅਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਤਰਕਸ਼ੀਲ ਸੁਸਾਇਟੀ ਪੰਜਾਬ(ਰਜਿ) ਅਤੇ ਸਾਹਿਤ ਸਭਾ ਕੋਟਕਪੂਰਾ ਦਾ ਸਮਾਰੋਹ ਵਿੱਚ ਭਰਵੀਂ ਸ਼ਮੂਲੀਅਤ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਅਗਲਾ ਸਮਾਗਮ ਮੁਕਤਸਰ ਵਿੱਚ ਕੀਤੇ ਜਾਣ ਦੀ ਸੂਚਨਾ ਅਤੇ ਜਗਸੀਰ ਜੀਦਾ ਦੇ ਧੰਨਵਾਦੀ ਬੋਲਾਂ ਨਾਲ ਸਮਾਰੋਹ ਸਮਾਪਤੀ ਵੱਲ ਵਧ ਗਿਆ।

-ਗਿਆਨ ਸੈਦਪੁਰੀ

76ਵੇਂ ਸਾਲਾਨਾ ਸੰਤ ਸਮਾਗਮ ਦੀਆਂ ਸੇਵਾਵਾਂ ਦਾ ਉਦਘਾਟਨ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਸਤਿਗੁਰੂ ਮਾਤਾ ਸੁਦੀਕਸ਼ਾ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਦੁਆਰਾ ਸੰਤ ਨਿਰੰਕਾਰੀ ਅਧਿਆਤਮਿਕ ਅਸਥਾਨ ਸਮਾਲਖਾ ਦੀ ਧਰਤੀ 'ਤੇ 76ਵੇਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਦੀ ਸਵੈ- ਸੇਵਾ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਤ ਨਿਰੰਕਾਰੀ ਮੰਡਲ ਕਾਰਜਕਾਰਨੀ ਕਮੇਟੀ ਦੇ ਸਮੂਹ ਮੈਂਬਰਾਂ, ਕੇਂਦਰੀ ਯੋਜਨਾ ਅਤੇ ਸਲਾਹਕਾਰ ਬੋਰਡ ਦੇ ਮੈਂਬਰਾਂ, ਸੇਵਾਦਲ ਦੇ ਅਧਿਕਾਰੀਆਂ, ਵਲੰਟੀਅਰਾਂ ਅਤੇ ਦਿੱਲੀ ਅਤੇ ਆਸ-ਪਾਸ ਦੇ ਇਲਾਕਿਆਂ ਦੇ ਨਾਲ-ਨਾਲ ਹੋਰ ਰਾਜਾਂ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਬ੍ਰਹਮ ਜੋੜੇ ਦਾ ਸਵਾਗਤ ਕੀਤਾ। ਸੇਵਾ ਦੇ ਇਸ ਸ਼ੁਭ ਅਵਸਰ 'ਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਤਿਗੁਰੂ ਮਾਤਾ ਨੇ ਕਿਹਾ ਕਿ ਸੇਵਾ ਤਾਂ ਹੀ ਸਾਰਥਿਕ ਕਹਾਉਂਦੀ ਹੈ, ਜਦੋਂ ਸੇਵਾ ਤਨ ਨਾਲ ਨਹੀਂ ਸਗੋਂ ਸੱਚੇ ਮਨ ਨਾਲ ਕੀਤੀ ਜਾਵੇ। ਸੇਵਾ ਸਭ ਤੋਂ ਉੱਤਮ ਹੈ ਜੋ ਨਿਰਸਵਾਰਥ ਅਤੇ ਨਿਰਸਵਾਰਥ ਨਾਲ ਕੀਤੀ ਜਾਂਦੀ ਹੈ। ਸੇਵਾ ਭਾਵਨਾ ਦੀ ਮਹੱਤਤਾ ਬਾਰੇ ਦੱਸਦਿਆਂ ਸਤਿਗੁਰੂ ਮਾਤਾ ਨੇ ਕਿਹਾ ਕਿ ਬ੍ਰਹਮਗਿਆਨ ਦਾ ਅਨੁਭਵ ਕਰਨ ਤੋਂ ਬਾਅਦ ਹੀ ਸਾਡੇ ਮਨ 'ਚ 'ਨਰ ਸੇਵਾ, ਨਾਰਾਇਣ ਪੂਜਾ' ਦੀ ਭਾਵਨਾ ਪੈਦਾ ਹੁੰਦੀ ਹੈ ਤਾਂ ਹੀ ਸਾਨੂੰ ਹਰ ਮਨੁੱਖ ਵਿੱਚ ਇਸ ਨਿਰੰਕਾਰ ਪ੍ਰਭੂ ਦੀ ਮੂਰਤ ਨਜ਼ਰ ਆਉਂਦੀ ਹੈ।

ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮ ਪਰਵਾਰਾਂ ਸਮੇਤ 3 ਦੀ ਰੈਲੀ 'ਚ ਹੋਣਗੇ ਸ਼ਾਮਲ : ਵਰਿੰਦਰ ਮੋਮੀ

ਅੱਡਾ ਸਰਾਂ (ਜਸਵੀਰ ਕਾਜਲ) - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਅਤੇ ਬਰਾਂਚ ਹੁਸ਼ਿਆਰਪੁਰ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਸੁਖਵਿੰਦਰ ਸਿੰਘ ਚੁੰਬਰ ਦੀ ਪ੍ਰਧਾਨਗੀ ਹੇਠ